Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 65 Chief Editor : Chowdhary Prabhjit Singh, Editor : Chhatarpal Singh 98146-32807, Sunday 23 August 2026 Price : 2 Rs. Page : 6

## ਭਗਵੰਤ ਮਾਨ ਦੀ ਪਤਨੀ ’ਤੇ ਜਬਰ-ਜਨਾਹ ਦਾ ਮਾਮਲਾ ਰਫ਼ਾ-ਦਫ਼ਾ ਕਰਨ ਲਈ 5 ਕਰੋੜ ਮੰਗਣ ਦੇ ਦੋਸ਼; ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਨੋਟਿਸ

### ਮੁੱਖ ਮੰਤਰੀ ਦੀ ਪਤਨੀ ਵੱਲੋਂ ਸਾਬਕਾ ਜੱਜ ਨੂੰ 24 ਘੰਟਿਆਂ ਦਾ ਲੀਗਲ ਨੋਟਿਸ; ਸੁਖਪਾਲ ਖਹਿਰਾ ਦਾ ਕਰੀਬੀ ਹੈ ਸਾਬਕਾ ਜੱਜ

**ਨਵੀਂ ਦਿੱਲੀ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੌਮੀਂ ਮਨੁੱਖੀ ਅਧਿਕਾਰ ਕਮਿਸ਼ਨ (ਐੱਨਐੱਚਆਰਸੀ) ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਵਿਰੁੱਧ ਉਨ੍ਹਾਂ ਦੋਸ਼ਾਂ ਦਾ ਨੋਟਿਸ ਲਿਆ ਹੈ ਕਿ ਜਿਸ ਵਿੱਚ ਕਿਹਾ ਗਿਆ ਹੈ ਕਿ ਉਨ੍ਹਾਂ ਇੱਕ ਕੇਸ ਨੂੰ ਦਬਾਉਣ ਲਈ 5 ਕਰੋੜ ਰੁਪਏ ਦੀ ਮੰਗ ਕੀਤੀ ਸੀ। ਕਮਿਸ਼ਨ ਨੂੰ ਪ੍ਰਾਪਤ ਸ਼ਿਕਾਇਤ ਅਨੁਸਾਰ ਕੇਸ ਨੂੰ ਦਬਾਉਣ ਦੇ ਦੋਸ਼ਾਂ ਬਾਰੇ ਪਟੀਸ਼ਨ ਪੰਜਾਬ ਦੇ ਸਾਬਕਾ ਜੱਜ ਜਸਟਿਸ ਰਣਜੀਤ ਸਿੰਘ ਵੱਲੋਂ ਦਾਇਰ ਕੀਤੀ ਗਈ ਸੀ। ਐੱਨ.ਐੱਚ.ਆਰ.ਸੀ. ਦੇ ਮੈਂਬਰ ਪ੍ਰਿਯੰਕ ਕਾਨੂੰਗੋ ਦੀ ਅਗਵਾਈ ਹੇਠਲੀ ਬੈਂਚ ਨੇ ਪੰਜਾਬ ਦੇ ਮੁੱਖ ਸਕੱਤਰ ਅਤੇ ਡਾਇਰੈਕਟਰ ਜਨਰਲ ਆਫ਼ ਪੁਲੀਸ (ਡੀ.ਜੀ.ਪੀ.) ਨੂੰ ਇਸ ਮਾਮਲੇ ਦੀ ਜਾਂਚ ਕਰਨ ਅਤੇ ਦੋ ਹਫ਼ਤਿਆਂ ਦੇ ਅੰਦਰ ਕਾਰਵਾਈ ਰਿਪੋਰਟ (ਏ.ਟੀ.ਆਰ.) ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ।

ਕਮਿਸ਼ਨ ਨੇ ਇਹ ਮਾਮਲਾ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਮਹਿਲਾ ਸੁਰੱਖਿਆ ਵਿਭਾਗ ਨੂੰ ਵੀ ਭੇਜ ਦਿੱਤਾ ਹੈ। ਕਮਿਸ਼ਨ ਕਾਰਵਾਈ ਰਿਪੋਰਟ ਦੇ ਆਧਾਰ ’ਤੇ ਅੱਗੇ ਦੀ ਕਾਰਵਾਈ ਕਰੇਗਾ। ਐੱਨ.ਐੱਚ.ਆਰ.ਸੀ. ਨੇ ਆਪਣੇ ਹੁਕਮਾਂ ਵਿੱਚ ਕਿਹਾ ਕਿ, ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਹੈ ਕਿ ਇੱਕ ਸੇਵਾਮੁਕਤ ਜੱਜ ਨੇ



ਜਨਤਕ ਤੌਰ ’ਤੇ ਕਿਹਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਪਤਨੀ ਨੇ ਜਬਰ-ਜਨਾਹ ਦੇ ਇੱਕ ਕੇਸ ਦੇ ਸਬੰਧ ਵਿੱਚ ਕਥਿਤ ਤੌਰ ’ਤੇ 5 ਕਰੋੜ ਰੁਪਏ ਦੀ ਮੰਗ ਕੀਤੀ ਗਈ ਸੀ। ‘ਲੀਗਲ ਰਾਈਟਸ ਆਬਜ਼ਰਵੇਟਰੀ’ (ਐੱਲ.ਆਰ.ਓ.) ਵੱਲੋਂ ਦਾਇਰ ਕੀਤੀ ਗਈ ਇਸ ਸ਼ਿਕਾਇਤ ਵਿੱਚ ਚਿੰਤਾ ਜ਼ਾਹਰ ਕੀਤੀ ਗਈ ਹੈ ਕਿ ਅਜਿਹੀ ਦਖਲਅੰਦਾਜ਼ੀ ਪੀੜਤਾ ਦੇ ਮਾਣ, ਸੁਰੱਖਿਆ, ਨਿਰਪੱਖ ਜਾਂਚ ਅਤੇ ਇਨਸਾਫ਼ ਤੱਕ ਪਹੁੰਚ ਦੇ ਅਧਿਕਾਰ ਨੂੰ ਕਮਜ਼ੋਰ ਕਰ ਸਕਦੀ ਹੈ। ਇਸ ਵਿੱਚ ਦੋਸ਼ਾਂ ਦੀ ਸੁਤੰਤਰ ਤਸਦੀਕ, ਸਬੂਤਾਂ ਦੀ ਸੁਰੱਖਿਆ, ਅਤੇ ਜਾਂਚ ਨੂੰ ਕਮਜ਼ੋਰ ਕਰਨ ਜਾਂ ਪ੍ਰਭਾਵਿਤ ਕਰਨ ਦੀ ਕਿਸੇ ਵੀ ਕੋਸ਼ਿਸ਼ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਗਈ ਹੈ।

ਐੱਨ.ਐੱਚ.ਆਰ.ਸੀ. ਨੇ ਸ਼ਿਕਾਇਤਕਰਤਾ ਦੇ ਇਸ ਪੱਖ ਦਾ ਨੋਟਿਸ ਲਿਆ ਕਿ ਜਬਰ ਜਨਾਹ ਪੀੜਤਾ ਦੇ ਇਨਸਾਫ਼ ਦੇ ਅਧਿਕਾਰ ਨੂੰ ਕਿਸੇ ਵੀ ਪ੍ਰਭਾਵ, ਰੁਤਬੇ ਜਾਂ ਅਹੁਦੇ ਤੋਂ ਉੱਪਰ ਰੱਖਿਆ ਜਾਣਾ ਚਾਹੀਦਾ ਹੈ। ਐੱਨ.ਐੱਚ.ਆਰ.ਸੀ. ਨੇ ਹੁਕਮ ਦਿੱਤਾ ਕਿ, “ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਪਹਿਲੀ ਨਜ਼ਰ ਵਿੱਚ ਪੀੜਤਾ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਜਾਪਦੇ ਹਨ। ਕੌਮੀਂ ਮਨੁੱਖੀ ਅਧਿਕਾਰ ਕਮਿਸ਼ਨ ਦੀ ਬੈਂਚ, ਜਿਸ ਦੀ ਪ੍ਰਧਾਨਗੀ ਮੈਂਬਰ ਪ੍ਰਿਯੰਕ ਕਾਨੂੰਗੋ ਕਰ ਰਹੇ ਹਨ, ਨੇ ਮਾਮਲੇ ਵਿੱਚ ਪ੍ਰੋਟੈਕਸ਼ਨ ਆਫ਼ ਹਿਊਮਨ ਰਾਈਟਸ ਐਕਟ, 1993 ਦੀ ਧਾਰਾ 12 ਤਹਿਤ ਨੋਟਿਸ ਲਿਆ ਹੈ। ਰਜਿਸਟਰੀ ਨੂੰ ਨਿਰਦੇਸ਼ ਦਿੱਤੇ ਜਾਂਦੇ ਹਨ ਕਿ ਉਹ ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ, ਅਤੇ ਡੀ.ਜੀ.ਪੀ., ਪੰਜਾਬ, ਚੰਡੀਗੜ੍ਹ ਨੂੰ ਨੋਟਿਸ ਜਾਰੀ ਕਰੇ, ਜਿਸ ਵਿੱਚ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਦੀ ਜਾਂਚ ਕਰਵਾਉਣ ਅਤੇ ਕਮਿਸ਼ਨ ਦੇ ਪੜ੍ਹਨ ਲਈ ਦੋ ਹਫ਼ਤਿਆਂ ਦੇ ਅੰਦਰ ਕਾਰਵਾਈ ਰਿਪੋਰਟ (ਏ.ਟੀ.ਆਰ.) ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਜਾਣ।

ਮਨੁੱਖੀ ਅਧਿਕਾਰ ਕਮਿਸ਼ਨ ਦੇ ਨੋਟਿਸ ਤੋਂ ਬਾਅਦ CM Bhagwant Mann ਦੀ ਪਤਨੀ ਵੱਲੋਂ ਸਾਬਕਾ ਜੱਜ ਨੂੰ 24 ਘੰਟਿਆਂ ਦਾ ਲੀਗਲ ਨੋਟਿਸ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਵੱਲੋਂ ਸਾਬਕਾ ਜਸਟਿਸ ਰਣਜੀਤ ਸਿੰਘ ਨੂੰ ਇੱਕ ਕਾਨੂੰਨੀ ਨੋਟਿਸ ਭੇਜਿਆ ਗਿਆ ਹੈ। ਸੇਵਾਮੁਕਤ ਜੱਜ ਰਣਜੀਤ ਸਿੰਘ ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਦੇ ਰਿਸ਼ਤੇਦਾਰ ਹਨ। ਮੁੱਖ ਮੰਤਰੀ ਦਫ਼ਤਰ (CMO) ਦੇ ਇੱਕ ਅਧਿਕਾਰੀ ਅਨੁਸਾਰ, ਇਸ ਨੋਟਿਸ ਰਾਹੀਂ ਰਣਜੀਤ ਸਿੰਘ ਨੂੰ 24 ਘੰਟਿਆਂ ਦੇ ਅੰਦਰ-ਅੰਦਰ ਜਵਾਬ ਦੇਣ ਲਈ ਕਿਹਾ ਗਿਆ ਹੈ; ਜਵਾਬ ਨਾ ਦੇਣ ਦੀ ਸੂਰਤ ਵਿੱਚ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਹੋਣਾ ਪਵੇਗਾ।

## ਭਾਜਪਾ ਨੇ ਜ਼ੈੱਨ-ਜੀ ਨਾਲ ਜੁੜਨ ਲਈ ਬਣਾਈ ਟੀਮ, ਕਾਂਗਰਸ ਵਲੋਂ ਪੂਰਾ ਵੰਦੇ ਮਾਤਰਮ ਨਾ ਗਾਉਣ ਖਿਲਾਫ਼ ਮਤਾ ਪਾਸ




**ਨਵੀਂ ਦਿੱਲੀ, 22 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸ਼ਨੀਵਾਰ ਨੂੰ ਕਾਂਗਰਸ ਵੱਲੋਂ ਵੰਦੇ ਮਾਤਰਮ ਦੇ ਸਿਰਫ਼ ਦੋ ਪੈਰੇ ਗਾਉਣ ਦੇ ਫੈਸਲੇ ਦੀ ਨਿੰਦਾ ਕਰਦੇ ਹੋਏ ਇੱਕ ਮਤਾ ਪਾਸ ਕੀਤਾ, ਜਿਸ ਵਿੱਚ ਕਿਹਾ ਗਿਆ ਕਿ ਉਹ ਰਾਜਨੀਤਿਕ ਸਹੂਲਤ ਜਾਂ ਤੁਸ਼ਟੀਕਰਨ ਲਈ ਰਾਸ਼ਟਰੀ ਗੀਤ ਦੇ ਸਤਿਕਾਰ ’ਤੇ ਕੋਈ ਸਮਝੌਤਾ ਸਵੀਕਾਰ ਨਹੀਂ ਕਰੇਗੀ। ਭਾਜਪਾ ਨੇ ਇੱਥੇ ਆਪਣੇ ਨਵੇਂ ਅਹੁਦੇਦਾਰਾਂ ਦੀ ਮੀਟਿੰਗ ਵਿੱਚ ਪਾਸ ਕੀਤੇ ਗਏ ਇੱਕ ਮਤੇ ਵਿੱਚ ਕਿਹਾ ਕਿ ਉਹ ਵੰਦੇ ਮਾਤਰਮ ਦੀ ਸ਼ਾਨਦਾਰ ਵਿਰਾਸਤ ਨੂੰ ਦੇਸ਼ ਦੇ ਹਰ ਕੋਨੇ ਤੱਕ ਲਿਜਾਣ ਲਈ ਇੱਕ ਮੁਹਿੰਮ ਸ਼ੁਰੂ ਕਰੇਗੀ। ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਬਾਅਦ ਵਿੱਚ ‘X’ ’ਤੇ ਮਤਾ ਸਾਂਝਾ ਕੀਤਾ।

ਨਬੀਨ ਨੇ ਕਿਹਾ, ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਅੱਜ, 22 ਅਗਸਤ, 2026 ਨੂੰ ‘ਵੰਦੇ ਮਾਤਰਮ’ ਦੇ ਸਤਿਕਾਰ ਅਤੇ ਇਸਦੀ ਇਤਿਹਾਸਕ ਵਿਰਾਸਤ ਦੀ ਸੰਭਾਲ ਸੰਬੰਧੀ ਇੱਕ ਮਹੱਤਵਪੂਰਨ ਮਤਾ ਪਾਸ ਕੀਤਾ। ਭਾਜਪਾ ਨੇ ਜੇਨ-ਜੀ ਯਾਨੀ ਨੌਜਵਾਨ ਵੋਟਰਾਂ ਨਾਲ ਜੁੜਨ ਲਈ ਇੱਕ ਵਿਸ਼ੇਸ਼ ਟੀਮ ਵੀ ਬਣਾਈ ਹੈ। ਇਸ ਵਿੱਚ ਭਾਜਪਾ ਪ੍ਰਧਾਨ ਨਿਤਿਨ ਨਬੀਨ, ਰਾਸ਼ਟਰੀ ਜਨਰਲ ਸਕੱਤਰ ਸਮ੍ਰਿਤੀ ਈਰਾਨੀ ਅਤੇ ਵਿਨੋਦ ਤਾਵੜੇ ਦੇ ਨਾਲ-ਨਾਲ ਗੁਜਰਾਤ ਦੇ ਮੰਤਰੀ ਹਰਸ਼ ਸੰਘਵੀ ਅਤੇ ਛੱਤੀਸਗੜ੍ਹ ਦੇ ਮੰਤਰੀ ਓਪੀ ਚੌਧਰੀ ਸ਼ਾਮਲ ਹਨ। ਪਾਰਟੀ ਜਲਦੀ ਹੀ ਇੱਕ ਦੇਸ਼ ਵਿਆਪੀ ਜੇਨ-ਜੀ ਆਊਟਰੀਚ ਪ੍ਰੋਗਰਾਮ ਦੀ ਸ਼ੁਰੂਆਤ ਵੀ ਕਰਨ ਵਾਲੀ ਹੈ। ਇਸ ਦੇ ਤਹਿਤ ਨੌਜਵਾਨਾਂ ਨਾਲ ਸਿੱਧਾ ਸੰਚਾਰ ਵਧਾਇਆ ਜਾਵੇਗਾ ਅਤੇ ਨਾਲ ਹੀ ਆਗੂਆਂ ਰਾਹੀਂ ਉਨ੍ਹਾਂ ਦੇ ਵਿਚਾਰਾਂ, ਸਮੱਸਿਆਵਾਂ ਅਤੇ ਉਮੀਦਾਂ ਨੂੰ ਸਮਝਿਆ ਜਾਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਕਾਂਗਰਸ ਵਰਕਿੰਗ ਕਮੇਟੀ ਦੇ 19 ਅਗਸਤ, 2026 ਦੇ ਉਸ ਫੈਸਲੇ ਦੀ ਸਖਤ ਨਿੰਦਾ ਅਤੇ ਸਪੱਸ਼ਟ ਵਿਰੋਧ ਕਰਦੀ ਹੈ, ਜਿਸ ਵਿਚ 1937 ਦੇ ਮਤੇ ਨੂੰ ਦੁਹਰਾਉਂਦੇ ਹੋਏ ਕਾਂਗਰਸ ਦੇ ਸਮਾਗਮਾਂ ਵਿੱਚ ਵੰਦੇ ਮਾਤਰਮ ਦੇ ਸਿਰਫ਼ ਪਹਿਲੇ ਦੋ ਪੈਰੇ ਗਾਉਣ ਤੱਕ ਸੀਮਤ ਕੀਤਾ ਗਿਆ ਸੀ। ਨਬੀਨ ਨੇ ਕਿਹਾ ਕਿ ਭਾਜਪਾ ਰਾਸ਼ਟਰੀ ਗੀਤ ਨੂੰ ਫਿਰਕੂ ਦਬਾਅ, ਰਾਜਨੀਤਿਕ ਤੁਸ਼ਟੀਕਰਨ ਜਾਂ ਤੰਗ ਵੋਟ-ਬੈਂਕ ਰਾਜਨੀਤੀ ਦਾ ਸ਼ਿਕਾਰ ਬਣਾਉਣ ਦੀ ਕਿਸੇ ਵੀ ਕੋਸ਼ਿਸ਼ ਦਾ ਵਿਰੋਧ ਕਰੇਗੀ। ਨਬੀਨ ਨੇ ਕਿਹਾ ਕਿ ਭਾਜਪਾ ਵੰਦੇ ਮਾਤਰਮ ਦੇ ਇਤਿਹਾਸ, ਅਰਥ, ਰਾਸ਼ਟਰੀ ਮਹੱਤਵ ਅਤੇ ਸ਼ਾਨਦਾਰ ਵਿਰਾਸਤ ਨੂੰ ਭਾਰਤ ਦੇ ਹਰ ਕੋਨੇ ਤੱਕ ਫੈਲਾਉਣ ਲਈ ਇੱਕ ਮੁਹਿੰਮ ਸ਼ੁਰੂ ਕਰੇਗੀ। ਉਨ੍ਹਾਂ ਕਿਹਾ, ਭਾਜਪਾ ‘ਪੂਰਨ ਵੰਦੇ ਮਾਤਰਮ’ ਦੇ ਸਨਮਾਨ, ਮਾਣ, ਵਿਰਾਸਤ ਅਤੇ ਰਾਸ਼ਟਰੀ ਚਰਿੱਤਰ ਦੀ ਰੱਖਿਆ ਕਰੇਗੀ। ਭਾਜਪਾ ਮਹਾਤਮਾ ਗਾਂਧੀ ਦੇ ਉਸ ਬਿਆਨ ਨੂੰ ਵੀ ਉਤਸ਼ਾਹਿਤ ਕਰੇਗੀ, ਜਿਸ ਵਿੱਚ ਉਨ੍ਹਾਂ ਨੇ ਵੰਦੇ ਮਾਤਰਮ ਨੂੰ ਸਾਮਰਾਜ ਵਿਰੋਧੀ ਨਾਅਰਾ ਅਤੇ ਸਭ ਤੋਂ ਸ਼ੁੱਧ ਰਾਸ਼ਟਰੀ ਭਾਵਨਾ ਨਾਲ ਜੁੜਿਆ ਹੋਇਆ ਦੱਸਿਆ ਸੀ।

## ਗਮਾਡਾ ਦੀ ਆਕਸ਼ਨ ਨੂੰ ਮਿਲਿਆ ਭਰਵਾਂ ਹੁੰਗਾਰਾ: 27 ਪ੍ਰਾਪਰਟੀਆਂ ਤੋਂ ਲਗਭਗ 5400 ਕਰੋੜ ਦਾ ਮਾਲੀਆ ਪ੍ਰਾਪਤ ਹੋਇਆ: ਮੁੰਡੀਆਂ

**ਚੰਡੀਗੜ੍ਹ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਟੀ (ਗਮਾਡਾ) ਨੇ ਪ੍ਰਾਪਰਟੀਆਂ ਦੀ ਨਿਲਾਮੀ ਸਬੰਧੀ ਹੁਣ ਤੱਕ ਦੇ ਆਪਣੇ ਸਰਬੋਤਮ ਪ੍ਰਦਰਸ਼ਨ ਵਿੱਚ 27 ਪ੍ਰਾਪਰਟੀਆਂ ਨੂੰ ਸਫ਼ਲਤਾਪੂਰਵਕ ਨਿਲਾਮ ਕਰਕੇ ਕੁੱਲ 5391 ਕਰੋੜ ਦੀ ਆਮਦਨ ਪ੍ਰਾਪਤ ਕੀਤੀ ਹੈ। ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਪ੍ਰਾਪਰਟੀਆਂ ਹਾਸਲ ਕਰਨ ਲਈ ਬੋਲੀਕਾਰਾਂ ਵਿੱਚ ਹੋਏ ਜ਼ਬਰਦਸਤ ਮੁਕਾਬਲੇ ਕਾਰਨ 20 ਅਗਸਤ, 2026 ਨੂੰ ਖ਼ਤਮ ਹੋਣ ਵਾਲੀ ਨਿਲਾਮੀ 21 ਅਗਸਤ, 2026 ਨੂੰ ਤੜਕੇ ਸਮਾਪਤ ਹੋਈ। ਉਨ੍ਹਾਂ ਦੱਸਿਆ ਕਿ 20 ਜੁਲਾਈ ਨੂੰ ਸ਼ੁਰੂ ਹੋਈ ਇਸ



ਨਿਲਾਮੀ ਵਿੱਚ ਕੁੱਲ 36 ਪ੍ਰਾਪਰਟੀਆਂ ਬੋਲੀ ਲਈ ਪੇਸ਼ ਕੀਤੀਆਂ ਗਈਆਂ ਸਨ।

ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਗਮਾਡਾ ਵੱਲੋਂ ਸਮੇਂ-ਸਮੇਂ ’ਤੇ ਕਰਵਾਈਆਂ ਗਈਆਂ ਆਕਸ਼ਨਾਂ ਨੂੰ ਨਿਵੇਸ਼ਕਾਂ ਦਾ ਭਰਵਾਂ ਹੁੰਗਾਰਾ ਮਿਲਿਆ ਹੈ। \

ਉਨ੍ਹਾਂ ਕਿਹਾ ਕਿ ਵੱਡੇ ਨਿਵੇਸ਼ਕਾਂ ਵੱਲੋਂ ਮੋਹਾਲੀ ਵਿੱਚ ਨੇੜ ਭਵਿੱਖ ਵਿੱਚ ਆਪਣੇ ਪ੍ਰਾਜੈਕਟ ਸਥਾਪਤ ਕਰਨ ਨਾਲ ਸ਼ਹਿਰ ਦੀ ਜਿਥੇ ਰਾਸ਼ਟਰੀ ਪੱਧਰ ’ਤੇ ਨਿਵੇਕਲੀ ਪਛਾਣ ਬਣੇਗੀ, ਉਥੇ ਸੂਬੇ ਨੂੰ ਆਰਥਿਕ ਮਜ਼ਬੂਤੀ ਮਿਲੇਗੀ ਅਤੇ ਰੁਜ਼ਗਾਰ ਦੇ ਨਵੇਂ ਸਾਧਨ ਪੈਦਾ ਹੋਣਗੇ। ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਨਿਲਾਮੀ ਵਿੱਚ ਪੇਸ਼ ਕੀਤੀਆਂ ਪ੍ਰਾਪਰਟੀਆਂ ਦੀ ਰਾਖਵੀਂ ਕੀਮਤ 3872 ਕਰੋੜ ਰੱਖੀ ਗਈ ਸੀ ਅਤੇ ਇਨ੍ਹਾਂ ਪ੍ਰਾਪਰਟੀਆਂ ਨੂੰ ਨਿਲਾਮ ਕਰਕੇ ਅਥਾਰਟੀ ਨੇ ਕੁੱਲ 5391 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਆਮਦਨ ਗਮਾਡਾ ਦੇ ਅਧਿਕਾਰ-ਖੇਤਰ ਅਧੀਨ ਆਉਂਦੇ ਇਲਾਕੇ ਵਿੱਚ ਨਵੀਆਂ ਅਰਬਨ ਅਸਟੇਟਾਂ ਵਿਕਸਿਤ ਕਰਨ ਉੱਤੇ ਖ਼ਰਚ ਕੀਤੀ ਜਾਵੇਗੀ।

ਦੱਸਣਯੋਗ ਹੈ ਕਿ ਨਿਲਾਮ ਕੀਤੀਆਂ

## ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਅਧੀਨ 75,199 ਲਾਭਪਾਤਰੀਆਂ ਨੂੰ 383.52 ਕਰੋੜ ਰੁਪਏ ਜਾਰੀ: ਡਾ. ਬਲਜੀਤ ਕੌਰ

**ਚੰਡੀਗੜ੍ਹ, 22 ਅਗਸਤ**
**-ਜੀ. ਐਸ. ਤੁੰਗ-**

ਆਰਥਿਕ ਤੌਰ ’ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਨੂੰ ਸਨਮਾਨ ਨਾਲ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰਨ ਲਈ ਸਹਾਇਤਾ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਵਿੱਤੀ ਸਾਲ 2025-26 ਅਤੇ 2026-27 ਦੌਰਾਨ ਹੁਣ ਤੱਕ 75,199 ਲਾਭਪਾਤਰੀਆਂ ਨੂੰ 383.52 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ। ਇਹ ਜਾਣਕਾਰੀ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਪੰਜਾਬ ਸਰਕਾਰ ਦੀ ਉਸ ਵਚਨਬੱਧਤਾ ਦਾ ਪ੍ਰਤੀਕ ਹੈ, ਜਿਸ ਤਹਿਤ ਯੋਗ ਪਰਿਵਾਰਾਂ ਨੂੰ ਧੀਆਂ ਦੇ ਵਿਆਹ ਸਮੇਂ ਵਿੱਤੀ ਸਹਾਇਤਾ ਦੇ ਕੇ



ਉਨ੍ਹਾਂ ਨੂੰ ਸਨਮਾਨ, ਆਤਮ-ਵਿਸ਼ਵਾਸ ਅਤੇ ਆਰਥਿਕ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ। ਹੋਰ ਵੇਰਵੇ ਸਾਂਝੇ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ 42,203 ਲਾਭਪਾਤਰੀਆਂ ਨੂੰ ਧੀਆਂ ਦੇ ਵਿਆਹ ਲਈ 215.24 ਕਰੋੜ ਰੁਪਏ ਜਾਰੀ ਕੀਤੇ ਗਏ।

ਇਸ ਤੋਂ ਇਲਾਵਾ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ 20,212 ਲਾਭਪਾਤਰੀਆਂ ਨੂੰ 103.08 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ।

ਉਨ੍ਹਾਂ ਅੱਗੇ ਦੱਸਿਆ ਕਿ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ ਅਨੁਸੂਚਿਤ ਜਾਤੀ ਵਰਗ ਦੇ 8,774 ਲਾਭਪਾਤਰੀਆਂ ਨੂੰ 44.75 ਕਰੋੜ ਰੁਪਏ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਅਤੇ ਪੱਛੜੀਆਂ ਸ਼੍ਰੇਣੀਆਂ ਦੇ 4,010 ਲਾਭਪਾਤਰੀਆਂ ਨੂੰ 20.45 ਕਰੋੜ ਰੁਪਏ ਦੀ ਸਹਾਇਤਾ ਜਾਰੀ ਕੀਤੀ ਗਈ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਅਧੀਨ ਹਰ ਯੋਗ ਲਾਭਪਾਤਰੀ ਨੂੰ ਧੀ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇੱਕ ਪਰਿਵਾਰ ਦੀਆਂ ਦੋ ਧੀਆਂ ਵੀ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹਨ, ਜਿਸ ਨਾਲ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਮਿਲ ਰਹੀ ਹੈ।

ਉਨ੍ਹਾਂ ਦੱਸਿਆ ਕਿ ਸਕੀਮ ਦਾ ਲਾਭ ਲੈਣ ਲਈ ਲਾਭਪਾਤਰੀ ਦਾ ਪੰਜਾਬ ਦਾ ਸਥਾਈ ਵਸਨੀਕ ਹੋਣਾ ਲਾਜ਼ਮੀ ਹੈ।

## ਸਕੂਲ ਬੱਸ ਨੂੰ ਲੱਗੀ ਭਿਆਨਕ ਅੱਗ, 35 ਬੱਚਿਆਂ ਨੇ ਸ਼ੀਸ਼ੇ ਤੋੜ ਬਚਾਈ ਆਪਣੀ ਜਾਨ

**ਬਠਿੰਡਾ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇੱਥੋਂ ਦੇ ਬੀਬੀਵਾਲਾ ਰੋਡ ’ਤੇ ਅੱਜ ਦੁਪਹਿਰ ਉਸ ਸਮੇਂ ਵੱਡਾ ਹਾਦਸਾ ਟਲ ਗਿਆ, ਜਦੋਂ ਸਕੂਲੀ ਬੱਚਿਆਂ ਨੂੰ ਘਰ ਛੱਡਣ ਜਾ ਰਹੀ ਇੱਕ ਬੱਸ ਨੂੰ ਅਚਾਨਕ ਭਿਆਨਕ ਅੱਗ ਲੱਗ ਗਈ। ਇਸ ਬੱਸ ਵਿੱਚ ਲਗਭਗ 35 ਸਕੂਲੀ ਵਿਦਿਆਰਥੀ ਸਵਾਰ ਸਨ, ਜਿਨ੍ਹਾਂ ਨੇ ਮੁਸ਼ਕਲ ਨਾਲ ਬੱਸ ਦਾ ਪਿਛਲਾ ਸ਼ੀਸ਼ਾ ਅਤੇ ਖਿੜਕੀ ਤੋੜ ਕੇ ਬਾਹਰ ਨਿਕਲ ਕੇ ਆਪਣੀ ਜਾਨ ਬਚਾਈ।

ਮੀਂਹ ਅਤੇ ਹਾਦਸੇ ਦੇ ਚਲਦਿਆਂ ਬੱਸ ਨੂੰ ਅੱਗ ਲੱਗਣ ਦੇ ਅਸਲ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਇੱਕ ਪੀੜਤ ਵਿਦਿਆਰਥੀ ਨੇ ਦੱਸਿਆ, ਸਭ ਤੋਂ ਪਹਿਲਾਂ ਬੱਸ ਦੇ ਇੰਜਣ ’ਚੋਂ ਧੂੰਆਂ ਨਿਕਲਣਾ ਸ਼ੁਰੂ ਹੋਇਆ ਸੀ। ਅਸੀਂ ਸਾਰੇ ਡਰ ਕੇ ਬੱਸ ਦੇ ਪਿਛਲੇ ਹਿੱਸੇ ਵੱਲ ਭੱਜੇ ਅਤੇ ਦੇਖਦੇ ਹੀ ਦੇਖਦੇ ਪੂਰੀ ਬੱਸ ਨੂੰ ਅੱਗ ਨੇ ਆਪਣੀ ਲਪੇਟ ਵਿੱਚ ਲੈ ਲਿਆ।

ਸੂਤਰਾਂ ਅਨੁਸਾਰ ਬੱਸ ਵਿੱਚ ਅੱਗ ਬੁਝਾਊ ਯੰਤਰ ਮੌਜੂਦ ਸੀ, ਪਰ ਅੱਗ ’ਤੇ ਕਾਬੂ ਪਾਉਣ ਲਈ ਨੇੜੇ ਦੀਆਂ ਦੁਕਾਨਾਂ ਤੋਂ ਦੋ ਹੋਰ ਸਿਲੰਡਰ ਮੰਗਵਾਏ ਗਏ। ਇਸ ਦੌਰਾਨ ਨੇੜਲੇ ਦੁਕਾਨਦਾਰਾਂ ਨੇ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਬੱਚਿਆਂ ਨੂੰ ਸੁਰੱਖਿਅਤ ਬਾਹਰ ਕੱਢਣ ਵਿੱਚ ਮਦਦ ਕੀਤੀ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ ਵੀ ਮੌਕੇ ’ਤੇ ਪਹੁੰਚੇ, ਕਿਉਂਕਿ ਇਹ ਘਟਨਾ ਉਨ੍ਹਾਂ ਦੀ ਰਿਹਾਇਸ਼ ਤੋਂ ਕੁਝ ਹੀ ਦੂਰੀ ’ਤੇ ਵਾਪਰੀ ਸੀ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਐਡਮਿੰਟਨ ਗੁਰਦੁਆਰਾ ਸਾਹਿਬ ’ਤੇ ਹਮਲੇ ਦੀ ਨਿੰਦਾ

**ਅੰਮ੍ਰਿਤਸਰ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਨੇਡਾ ਦੇ ਅਲਬਰਟਾ ਪ੍ਰੋਵਿੰਸ ਦੇ ਐਡਮਿੰਟਨ ਵਿਖੇ ਸਥਿਤ ਨਾਨਕਸਰ ਗੁਰਦੁਆਰਾ ਸਾਹਿਬ ਵਿਚ ਇਕ ਵਿਅਕਤੀ ਵਲੋਂ ਦਾਖ਼ਲ ਹੋ ਕੇ ਸੇਵਾਦਾਰ ਸਿੱਖਾਂ ਨੂੰ ਜਖ਼ਮੀ ਕਰਨ ਦੀ ਘਟਨਾ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਚਿੰਤਾ ਪ੍ਰਗਟ ਕਰਦਿਆਂ ਇਸਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਬੰਧਕਾਂ ਰਾਹੀਂ ਪ੍ਰਾਪਤ ਜਾਣਕਾਰੀ ਅਨੁਸਾਰ ਦੋਸ਼ੀ ਵਿਅਕਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵੱਲ ਵੀ ਵਧਿਆ ਸੀ ਪਰੰਤੂ ਮੌਕੇ ਉੱਤੇ ਮੌਜੂਦ ਸੰਗਤ ਤੇ ਸੇਵਾਦਾਰਾਂ ਨੇ ਉਸ ਨੂੰ ਰੋਕ ਲਿਆ, ਜਿਸ ਕਰਕੇ ਕੋਈ ਨੁਕਸਾਨ ਨਹੀਂ ਹੋਇਆ ਜੋ ਕਿ ਰਾਹਤ ਦੀ ਗੱਲ ਹੈ। ਉਨ੍ਹਾਂ ਇਸ ਘਟਨਾ ਵਿਚ ਫੱਟੜ ਹੋਏ ਦੋ ਸੇਵਾਦਾਰ ਸਿੱਖਾਂ ਦੀ ਸਿਹਤਯਾਬੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

ਉਨ੍ਹਾਂ ਕਿਹਾ ਕਿ ਭਾਵੇਂ ਕਿ ਦੋਸ਼ੀ ਵਿਅਕਤੀ ਨੂੰ ਐਡਮਿੰਟਨ ਪੁਲਿਸ ਨੇ



ਗ੍ਰਿਫ਼ਤਾਰ ਕਰ ਲਿਆ ਹੈ ਪਰੰਤੂ ਕੈਨੇਡਾ ਦੀਆਂ ਸਿੱਖ ਸੰਸਥਾਵਾਂ ਇਸ ਮਾਮਲੇ ਵਿਚ ਡੂੰਘਾਈ ਤੱਕ ਜਾਂਚ ਯਕੀਨੀ ਬਣਾਉਣ ਕਿ ਕਿਸੇ ਸਿੱਖ-ਵਿਰੋਧੀ ਸਮੂਹ ਜਾਂ ਸੰਸਥਾ ਨੇ ਇਸ ਨੂੰ ਵਰਗਲਾ ਕੇ ਗੁਰੂ ਘਰ ਨੂੰ ਨਿਸ਼ਾਨਾ ਬਣਾਉਣ ਲਈ ਪ੍ਰੇਰਿਤ ਤਾਂ ਨਹੀਂ ਕੀਤਾ ਸੀ।

ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਵੀ ਕੈਲਗਰੀ ਦੇ ਗੁਰਦੁਆਰਾ ਸਾਹਿਬਾਨ ਨੂੰ ਕੁਝ ਧਮਕੀਆਂ ਮਿਲੀਆਂ ਸਨ, ਜੋ ਕਿ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕੈਲਗਰੀ ਪੁਲਿਸ ਨੂੰ ਇਸ ਦੀ ਗੰਭੀਰਤਾ ਨਾਲ ਜਾਂਚ ਕਰਕੇ ਸੱਚ ਸਾਹਮਣੇ ਲਿਆਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਭਾਵੇਂ ਕਿ ਗੁਰਮਤਿ ਸਿਧਾਂਤ ਅਨੁਸਾਰ ਗੁਰਦੁਆਰਾ ਸਾਹਿਬਾਨ ਦੇ ਦਰਵਾਜ਼ੇ ਹਰ ਮਨੁੱਖ ਲਈ ਖੁੱਲ੍ਹੇ ਹਨ, ਜਿੱਥੋਂ ਰੋਜ਼ਾਨਾ ਸਰਬੱਤ ਦੇ ਭਲੇ ਲਈ ਅਰਦਾਸਾਂ ਹੁੰਦੀਆਂ ਹਨ, ਪਰੰਤੂ ਸੁਰੱਖਿਆ ਅਤੇ ਪਹਿਰੇਦਾਰੀ ਦੇ ਪੁਖਤਾ ਪ੍ਰਬੰਧਕ ਰੱਖਣੇ ਗੁਰਦੁਆਰਾ ਪ੍ਰਬੰਧਕਾਂ ਦੀ ਮੁੱਢਲੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਕੈਨੇਡਾ ਦੇ ਸਮੂਹ ਗੁਰਦੁਆਰਾ ਪ੍ਰਬੰਧਕਾਂ ਨੂੰ ਤਾਕੀਦ ਕੀਤੀ ਕਿ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਉਹ ਆਪੋ-ਆਪਣੇ ਗੁਰੂ ਘਰਾਂ ਦੇ ਸੁਰੱਖਿਆ ਪ੍ਰਬੰਧਾਂ ਨੂੰ ਪੁਖਤਾ ਕਰਨ ਹਿੱਤ ਮੁੜ ਸਮੀਖਿਆ ਕਰਨ ਅਤੇ 24 ਘੰਟੇ ਪਹਿਰੇਦਾਰੀ ਯਕੀਨੀ ਬਣਾਉਣ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਹਾਲ ਹੀ ਵਿਚ ਵਰਲਡ ਸਿੱਖ ਆਰਗਨਾਈਜ਼ੇਸ਼ਨ ਵਲੋਂ ਜਾਰੀ ਰਿਪੋਰਟ ਵਿਚ ਕੈਨੇਡਾ ਅੰਦਰ ਸਿੱਖਾਂ ਵਿਰੁੱਧ ਜ਼ਮੀਨੀ ਪੱਧਰ ਉੱਤੇ ਅਤੇ ਆਨਲਾਈਨ ਸੋਸ਼ਲ ਮੀਡੀਆ ਮੰਚਾਂ ਉੱਤੇ ਨਫ਼ਰਤ ਤੇ ਵਿਤਕਰੇ ਵਿਚ ਵਾਧਾ ਦਰਜ ਕੀਤਾ ਗਿਆ ਹੈ, ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ।

## ਪੰਜਾਬ ਦੇ ਮੁੱਖ ਮੰਤਰੀ ਸਿਰਫ਼ ਚੁਟਕਲੇ ਸੁਣਾ ਕੇ ਟਾਈਮ ਪਾਸ ਕਰ ਰਹੇ ਹਨ : ਨਾਇਬ ਸਿੰਘ ਸੈਣੀ

**ਚੰਡੀਗੜ੍ਹ 22 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਿਰਫ਼ ਚੁਟਕਲੇ ਸੁਣਾ ਕੇ ਆਪਣਾ ਟਾਈਮ ਪਾਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੱਸਣ ਕਿ ਆਮ ਆਦਮੀ ਪਾਰਟੀ ਵੱਲੋਂ ਪਿਛਲੀਆਂ ਚੋਣਾਂ ਸਮੇਂ ਔਰਤਾਂ ਅਤੇ ਨੌਜਵਾਨਾਂ ਨਾਲ ਕੀਤੇ ਵਾਅਦਿਆਂ ਦਾ ਕੀ ਹੋਇਆ ? ਆਮ ਆਦਮੀ ਪਾਰਟੀ ਨੇ ਔਰਤਾਂ ਨਾਲ ਹਰ ਮਹੀਨੇ 1000 ਰੁਪਏ ਦੇਣ ਦਾ ਵਾਅਦਾ ਕੀਤਾ ਸੀ ਅਤੇ ਸਰਕਾਰ ਬਣੇ ਨੂੰ 5 ਸਾਲ ਹੋਣ ਵਾਲੇ ਹਨ ਅਤੇ ਹੁਣ ਅਗਲੀਆਂ ਚੋਣਾਂ ਸਿਰ ’ਤੇ ਆ ਗਈਆਂ ਹਨ, ਫਿਰ ਵੀ ਪੰਜਾਬ ਦੇ ਮੁੱਖ ਮੰਤਰੀ ਸਟੇਜ ਤੋਂ ਔਰਤਾਂ ਨੂੰ ਪੁੱਛ ਰਹੇ ਹਨ ਕਿ ਭੈਣ ਇੱਕ ਮਹੀਨੇ ਦੇ ਪੈਸੇ ਖਾਤੇ ਵਿੱਚ ਪਾਵਾਂ ਜਾਂ ਦੋ ਮਹੀਨਿਆਂ ਦੇ ਜਾਂ ਤਿੰਨ ਮਹੀਨਿਆਂ ਦੇ ਇਹ ਮਜ਼ਾਕ ਨਹੀਂ ਤਾਂ ਹੋਰ ਕੀ ਹੈ ? ਇਸੇ ਤਰ੍ਹਾਂ ਕਾਨੂੰਨ ਵਿਵਸਥਾ ਦੀ ਖਰਾਬ ਹਾਲਤ ਦੇ ਚਲਦਿਆਂ ਇੰਡਸਟਰੀ ਪੰਜਾਬ ਤੋਂ ਪਲਾਇਨ ਕਰ ਰਹੀ ਹੈ, ਜਿਸ ਨਾਲ ਨੌਜਵਾਨਾਂ ਅੱਗੇ ਰੋਜ਼ਗਾਰ ਦਾ ਸੰਕਟ ਖੜ੍ਹਾ ਹੋ ਗਿਆ ਹੈ, ਨਿਰਾਸ਼ ਨੌਜਵਾਨ ਲਗਾਤਾਰ ਨਸ਼ੇ ਦੇ ਦਲਦਲ ਵਿੱਚ ਧੱਸਦਾ ਜਾ ਰਿਹਾ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸ਼ਨੀਵਾਰ ਨੂੰ ਪੰਜਾਬ ਦੇ ਪਟਿਆਲਾ ਜ਼ਿਲ੍ਹੇ ਦੇ ਘਨੌਰ ਕਸਬੇ ਵਿੱਚ ਆਯੋਜਿਤ ਤੀਜ ਮਹਾਂਉਤਸਵ ਵਿੱਚ ਪੰਜਾਬ ਦੀ ਮਾਵਾਂ ਭੈਣਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਔਰਤਾਂ ਨੂੰ ਨਾਰੀ ਸ਼ਕਤੀਕਰਨ, ਆਤਮ-ਨਿਰਭਰਤਾ ਅਤੇ ਨਸ਼ਾ ਮੁਕਤ ਸਮਾਜ ਦੇ ਨਿਰਮਾਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਔਰਤਾਂ ਨੂੰ ਕੋਥਲੀਆਂ ਅਤੇ ਸੂਟ ਵੰਡੇ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨ ਵਾਲੀਆਂ ਮਹਿਲਾ ਕਲਾਕਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਹਰਿਆਣਾ ਦੇ ਸਾਬਕਾ ਮੰਤਰੀ ਸ਼੍ਰੀ ਅਸੀਮ ਗੋਇਲ, ਤੀਜ ਮਹਾਂਉਤਸਵ ਦੇ ਸੰਯੋਜਕ ਸ਼੍ਰੀ ਵਿਕਾਸ ਸ਼ਰਮਾ ਸਮੇਤ ਕਈ ਪਤਵੰਤੇ ਹਾਜ਼ਰ ਸਨ।



ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪਿਛਲੀਆਂ ਚੋਣਾਂ ਵਿੱਚ ਤਾਂ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕਰਕੇ ਵੋਟਾਂ ਲੈ ਲਈਆਂ, ਪਰ ਇਸ ਵਾਰ ਪੰਜਾਬ ਦੀ ਜਨਤਾ, ਵਿਸ਼ੇਸ਼ ਤੌਰ ’ਤੇ ਮਾਵਾਂ-ਭੈਣਾਂ ਪੂਰੀ ਤਰ੍ਹਾਂ ਜਾਗਰੂਕ ਹਨ। ਇਸ ਵਾਰ ਔਰਤਾਂ ਪੰਜਾਬ ਵਿੱਚ ਬਦਲਾਅ ਕਰਨ ਲਈ ਤਿਆਰ ਹਨ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਉਹ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਾ ਕੇ ਮੁੜ ਹੱਸਦਾ-ਖੇਡਦਾ ਪੰਜਾਬ ਬਣਾਉਣਗੀਆਂ। ਪੰਜਾਬ ਦਾ ਨੌਜਵਾਨ ਵਰਗ ਵੀ ਹੁਣ ਇੱਥੇ ਭਾਜਪਾ ਸਰਕਾਰ ਬਣਾਉਣ ਦਾ ਮਨ ਬਣਾ ਚੁੱਕਾ ਹੈ।

ਸ਼੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਹਰਿਆਣਾ ਵਿੱਚ ਚੋਣਾਂ ਤੋਂ ਪਹਿਲਾਂ ਅਸੀਂ ਔਰਤਾਂ ਨਾਲ 2100 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਅਤੇ ਸਰਕਾਰ ਬਣਦੇ ਹੀ ਸਭ ਤੋਂ ਪਹਿਲਾਂ ਇਹ ਵਾਅਦਾ ਨਿਭਾਇਆ। ਸਰਕਾਰ ਨੇ ਪਹਿਲੇ ਹੀ ਬਜਟ ਵਿੱਚ ਇਸ ਲਈ 5000 ਕਰੋੜ ਰੁਪਏ ਦਾ ਉਪਬੰਧ ਕੀਤਾ ਅਤੇ ਹੁਣ 10 ਲੱਖ ਔਰਤਾਂ ਨੂੰ ਪ੍ਰਤੀ ਮਹੀਨਾ 2100 ਰੁਪਏ ਮਿਲ ਰਹੇ ਹਨ। ਇਸ ਦੇ ਤਹਿਤ ਹੁਣ ਤੱਕ ਔਰਤਾਂ ਦੇ ਖਾਤਿਆਂ ਵਿੱਚ 2000 ਕਰੋੜ ਰੁਪਏ ਭੇਜੇ ਜਾ ਚੁੱਕੇ ਹਨ। ਇਸੇ ਤਰ੍ਹਾਂ ਸਰਕਾਰ 1.80 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀ ਰਸੋਈ ਵਿੱਚ 500 ਰੁਪਏ ਵਿੱਚ ਗੈਸ ਸਿਲੰਡਰ ਪਹੁੰਚਾ ਰਹੀ ਹੈ। ਸੂਬੇ ਵਿੱਚ ਸੈਲਫ ਹੈਲਪ ਗਰੁੱਪ ਚਲਾਉਣ ਵਾਲੀਆਂ ਭੈਣਾਂ ਨੂੰ ਮਜ਼ਬੂਤ ਕਰਨ ਲਈ 20 ਲੱਖ ਰੁਪਏ ਤੱਕ ਦੀ ਵਿੱਤੀ ਮਦਦ ਦਿੱਤੀ ਜਾ ਰਹੀ ਹੈ। ਹਰਿਆਣਾ ਵਿੱਚ ਸਵਦੇਸ਼ੀ ਮੇਲੇ ਲਗਾ ਕੇ ਔਰਤਾਂ 4 ਦਿਨਾਂ ਵਿੱਚ 4 ਲੱਖ ਤੋਂ 45 ਲੱਖ ਰੁਪਏ ਤੱਕ ਦੀ ਆਮਦਨ ਕਰ ਰਹੀਆਂ ਹਨ। ਇਸੇ ਤਰ੍ਹਾਂ ਹਰਿਆਣਾ ਵਿੱਚ ਗਰਭਵਤੀ ਔਰਤਾਂ ਨੂੰ ਪੌਸ਼ਟਿਕ ਭੋਜਨ ਲਈ 6000 ਰੁਪਏ ਦੀ ਰਾਸ਼ੀ ਦਿੱਤੀ ਜਾ ਰਹੀ ਹੈ। ਗਰੀਬ ਪਰਿਵਾਰਾਂ ਨੂੰ ਪਲਾਟ, ਮਕਾਨ ਅਤੇ ਫਲੈਟਾਂ ਦੀਆਂ ਚਾਬੀਆਂ ਸੌਂਪੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਇਹ ਸਾਰੀਆਂ ਯੋਜਨਾਵਾਂ ਪੰਜਾਬ ਵਿੱਚ ਭਾਜਪਾ ਸਰਕਾਰ ਬਣਨ ਤੋਂ ਬਾਅਦ ਇੱਥੋਂ ਦੇ ਲੋਕਾਂ ਲਈ ਵੀ ਲਾਗੂ ਕੀਤੀਆਂ ਜਾਣਗੀਆਂ। ਹਰਿਆਣਾ ਵਾਂਗ ਪੰਜਾਬ ਦੇ ਕਿਸਾਨਾਂ ਦੀਆਂ ਸਾਰੀਆਂ ਫ਼ਸਲਾਂ ਵੀ ਐੱਮ.ਐੱਸ.ਪੀ. ’ਤੇ ਖਰੀਦੀਆਂ ਜਾਣਗੀਆਂ ਅਤੇ ਆਲੂ ਸਮੇਤ ਹੋਰ ਸਬਜ਼ੀਆਂ ਤੇ ਫਲਾਂ ਲਈ ’ਭਾਵਾਂਤਰ ਭਰਪਾਈ ਯੋਜਨਾ’ ਲਾਗੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਸਰਕਾਰ ਬਣਨ ਤੋਂ ਬਾਅਦ ਇੱਥੇ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਜਾਂ ਤਾਂ ਇਹ ਕੰਮ ਛੱਡ ਦੇਣਗੇ ਜਾਂ ਪੰਜਾਬ ਛੱਡ ਦੇਣਗੇ। ਹਰਿਆਣਾ ਵਾਂਗ ਪੰਜਾਬ ਵਿੱਚ ਵੀ ਬਿਨਾਂ ਪਰਚੀ-ਬਿਨਾਂ ਖਰਚੀ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ ਅਤੇ ਨੌਕਰੀਆਂ ਵਿੱਚ ਚੱਲ ਰਹੇ ਭ੍ਰਿਸ਼ਟਾਚਾਰ ਦੇ ਜਾਲ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹਾਲ ਹੀ ਵਿੱਚ ਐਕਸਾਈਜ਼ ਇੰਸਪੈਕਟਰ ਦੀ ਭਰਤੀ ਵਿੱਚ ਪੂਰੀ ਤਰ੍ਹਾਂ ਧਾਂਦਲੀ ਕੀਤੀ ਗਈ ਅਤੇ ਸਿਹਤ ਵਿਭਾਗ ਵਿੱਚ ਕੀਤੀ ਗਈ ਭਰਤੀ ’ਤੇ ਤਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਟੇਅ ਦਾ ਨੋਟਿਸ ਤੱਕ ਜਾਰੀ ਕਰ ਦਿੱਤਾ ਹੈ, ਕਿਉਂਕਿ ਇਸ ਭਰਤੀ ਵਿੱਚ ਪ੍ਰਭਾਵਸ਼ਾਲੀ ਲੋਕਾਂ ਦੀਆਂ ਸਿਫ਼ਾਰਸ਼ਾਂ ’ਤੇ ਨੌਕਰੀ ਦੇ ਕੇ ਗਰੀਬ ਨੌਜਵਾਨਾਂ ਨਾਲ ਧੋਖਾ ਕੀਤਾ ਗਿਆ ਸੀ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਔਰਤਾਂ ਨੂੰ ਤੀਜ ਦੀ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਤਿਉਹਾਰ ਸਿਰਫ਼ ਸਾਉਣ ਦੀ ਹਰਿਆਲੀ ਅਤੇ ਖੁਸ਼ੀਆਂ ਦਾ ਤਿਉਹਾਰ ਨਹੀਂ, ਸਗੋਂ ਸੁਹਾਗ, ਸੌਭਾਗ, ਪਿਆਰ, ਸ਼ਰਧਾ ਅਤੇ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪਰਵ ਹੈ। ਇਹ ਪਰਵ ਹਰਿਆਣਾ ਅਤੇ ਪੰਜਾਬ ਦੇ ਸਾਂਝੇ ਸੱਭਿਆਚਾਰ, ਭੈਣਾਂ-ਧੀਆਂ ਦੇ ਪਿਆਰ ਅਤੇ ਦੋਵਾਂ ਰਾਜਾਂ ਦੀ ਸਾਂਝੀ ਮਿੱਟੀ ਦੀ ਉਸ ਰੂਹ ਦਾ ਉਤਸਵ ਹੈ, ਜੋ ਰਾਜ ਦੀਆਂ ਸਰਹੱਦਾਂ ਤੋਂ ਕਿਤੇ ਵੱਡੀ ਹੈ।

ਉਨ੍ਹਾਂ ਕਿਹਾ ਕਿ ਘਨੌਰ ਦੀ ਧਰਤੀ ’ਤੇ ਆਯੋਜਿਤ ਇਹ ਸਮਾਗਮ ਉਨ੍ਹਾਂ ਨੂੰ ਕਿਸੇ ਰਸਮੀ ਪ੍ਰੋਗਰਾਮ ਦੀ ਬਜਾਏ ਆਪਣੀਆਂ ਭੈਣਾਂ ਦੇ ਪੇਕੇ ਆਉਣ ਵਰਗਾ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸੱਭਿਆਚਾਰ ਦੇ ਸਾਰੇ ਰੰਗ ਇੱਥੇ ਦਿਖਾਈ ਦੇ ਰਹੇ ਹਨ- ਚੁੰਨੀਆਂ ਦੇ ਰੰਗ, ਮਹਿੰਦੀ ਦੀ ਖੁਸ਼ਬੂ, ਗਿੱਧੇ ਅਤੇ ਲੋਕ ਗੀਤਾਂ ਦੀ ਮਿਠਾਸ ਅਤੇ ਸਾਉਣ ਦੀਆਂ ਝੂਲਦੀਆਂ ਪੀਂਘਾਂ ਵਿੱਚ ਪੰਜਾਬ ਦੀ ਉਮੰਗ ਸਾਫ਼ ਨਜ਼ਰ ਆ ਰਹੀ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਉਹ ਆਪਣੀਆਂ ਭੈਣਾਂ ਵਿਚਕਾਰ ਭਰਾ ਬਣ ਕੇ ਉਨ੍ਹਾਂ ਲਈ ਕੋਥਲੀ ਲਿਆਏ ਹਨ। ਇਸ ਕੋਥਲੀ ਵਿੱਚ ਸਿਰਫ਼ ਮਿਠਾਈ ਨਹੀਂ, ਸਗੋਂ ਰਿਸ਼ਤਿਆਂ ਦੀ ਮਿਠਾਸ, ਸਤਿਕਾਰ ਦੀ ਖੁਸ਼ਬੂ ਅਤੇ ਭੈਣਾਂ ਦੀ ਖੁਸ਼ਹਾਲੀ ਦੀ ਦੁਆ ਵੀ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੇਕੇ ਦੀ ਡੇਢੀ ’ਤੇ ਭਰਾ ਦਾ ਪਰਛਾਵਾਂ ਭੈਣ ਦੇ ਨਾਲ ਖੜ੍ਹਾ ਰਹਿੰਦਾ ਹੈ, ਉਸੇ ਤਰ੍ਹਾਂ ਉਹ ਵੀ ਹਰ ਸੁੱਖ-ਦੁੱਖ ਵਿੱਚ ਆਪਣੀਆਂ ਭੈਣਾਂ ਦੇ ਨਾਲ ਖੜ੍ਹੇ ਰਹਿਣਗੇ।

ਮੁੱਖ ਮੰਤਰੀ ਨੇ ਸਾਰੀਆਂ ਮਾਵਾਂ, ਭੈਣਾਂ ਅਤੇ ਧੀਆਂ ਨੂੰ ਤੀਜ ਮਹਾਂਉਤਸਵ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਤੀਜ ਦੀ ਪੀਂਘ ਜਿੰਨੀ ਉੱਚੀ ਜਾਵੇ, ਘਨੌਰ ਅਤੇ ਪੰਜਾਬ ਦੀਆਂ ਧੀਆਂ ਦੇ ਸੁਪਨੇ ਉਸ ਤੋਂ ਵੀ ਉੱਚੇ ਹੋਣ, ਮਹਿੰਦੀ ਦਾ ਰੰਗ ਜਿੰਨਾ ਗੂੜ੍ਹਾ ਹੋਵੇ, ਪੰਜਾਬ ਅਤੇ ਹਰਿਆਣਾ ਦੇ ਰਿਸ਼ਤਿਆਂ ਦਾ ਵਿਸ਼ਵਾਸ ਉਸ ਤੋਂ ਵੀ ਗੂੜ੍ਹਾ ਹੋਵੇ ਅਤੇ ਸਾਉਣ ਦੀ ਧਰਤੀ ਜਿੰਨੀ ਹਰੀ ਹੋਵੇ, ਘਨੌਰ ਦੀ ਖੁਸ਼ਹਾਲੀ ਅਤੇ ਪੰਜਾਬ ਦੀ ਸਮ੍ਰਿਧੀ ਉਸ ਤੋਂ ਵੀ ਵੱਧ ਹਰੀ-ਭਰੀ ਹੋਵੇ। ਉਨ੍ਹਾਂ ਕਾਮਨਾ ਕੀਤੀ ਕਿ ਤੀਜ ਦੇ ਪਵਿੱਤਰ ਪਰਵ ’ਤੇ ਹਰ ਭੈਣ-ਧੀ ਦੇ ਜੀਵਨ ਵਿੱਚ ਸੁੱਖ, ਸਤਿਕਾਰ, ਆਤਮ-ਨਿਰਭਰਤਾ ਅਤੇ ਸਮ੍ਰਿਧੀ ਆਵੇ। ਮੁੱਖ ਮੰਤਰੀ ਨੇ ਤੀਜ ਦੇ ਮੌਕੇ ’ਤੇ ਸਾਰਿਆਂ ਨੂੰ ਸੰਕਲਪ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਵਾਰ ਤੀਜ ਦਾ ਝੂਲਾ ਸਿਰਫ਼ ਵਿਹੜੇ ਵਿੱਚ ਨਾ ਝੂਲੇ, ਸਗੋਂ ਧੀਆਂ ਦੇ ਸੁਪਨਿਆਂ, ਭੈਣਾਂ ਦੇ ਹੌਸਲੇ, ਨੌਜਵਾਨਾਂ ਦੀਆਂ ਉਮੀਦਾਂ, ਕਿਸਾਨਾਂ ਦੀ ਮਿਹਨਤ ਅਤੇ ਖੇਤਾਂ ਦੀ ਹਰਿਆਲੀ ਵਿੱਚ ਵੀ ਝੂਲੇ।



# ਸੰਪਾਦਕੀ

## ਮੌਸਮੀ ਵਾਇਰਲ ਬੁਖਾਰ, ਸਿਹਤ ਅਤੇ ਜ਼ਿੰਦਗੀ ਲਾਚਾਰ

ਮੌਸਮੀ ਵਾਇਰਲ ਬੁਖਾਰ ਨੂੰ ਅਕਸਰ ਆਮ ਜ਼ੁਕਾਮ-ਬੁਖਾਰ ਸਮਝ ਕੇ ਨਜ਼ਰਅੰਦਾਜ਼ ਕਰ ਦਿੱਤਾ ਜਾਂਦਾ ਹੈ। ਵਿਸ਼ਵ ਸਿਹਤ ਸੰਗਠਨ (ਡਬਲਿਊ ਐਚ ਉ ) ਦੇ ਅਨੁਸਾਰ ਦੁਨੀਆ ਭਰ ਵਿੱਚ ਹਰ ਸਾਲ ਲਗਭਗ 1 ਅਰਬ ਲੋਕ ਮੌਸਮੀ ਇਨਫਲੂਐਂਜ਼ਾ ਨਾਲ ਪ੍ਰਭਾਵਿਤ ਹੁੰਦੇ ਹਨ, ਜਿਨ੍ਹਾਂ ਵਿੱਚੋਂ ਕਰੀਬ 30 ਤੋਂ 50 ਲੱਖ ਮਾਮਲੇ ਗੰਭੀਰ ਬਿਮਾਰੀ ਦੇ ਹੁੰਦੇ ਹਨ ਅਤੇ 2.90 ਲੱਖ ਤੋਂ 6.50 ਲੱਖ ਲੋਕਾਂ ਦੀ ਮੌਤ ਸਾਹ-ਸਬੰਧੀ ਮੁਸ਼ਕਿਲਾਂ ਕਾਰਨ ਹੋ ਹੁੰਦੀ ਹੈ। ਇਹ ਅੰਕੜੇ ਦੱਸਦੇ ਹਨ ਕਿ ਮੌਸਮੀ ਵਾਇਰਲ ਬੁਖਾਰ ਸਿਰਫ਼ ਵਿਅਕਤੀਗਤ ਬਿਮਾਰੀ ਨਹੀਂ, ਸਗੋਂ ਸਿਹਤ ਨਾਲ ਜੁੜਿਆ ਹੋਇਆ ਇੱਕ ਗੰਭੀਰ ਮੁੱਦਾ ਹੈ।

ਫਲੂ ਆਮ ਤੌਰ ’ਤੇ ਖੰਘ, ਛਿੱਕਾਂ ਅਤੇ ਨਜ਼ਦੀਕੀ ਸੰਪਰਕ / ਇਨਫੈਕਸ਼ਨ ਰਾਹੀਂ ਤੇਜ਼ੀ ਨਾਲ ਫੈਲਦਾ ਹੈ। ਸਕੂਲਾਂ, ਬਾਜ਼ਾਰਾਂ, ਜਨਤਕ ਆਵਾਜਾਈ, ਹਸਪਤਾਲਾਂ ਅਤੇ ਭੀੜ ਵਾਲੀਆਂ ਥਾਵਾਂ ’ਤੇ ਇਸ ਦਾ ਪ੍ਰਸਾਰ ਹੋਰ ਤੇਜ਼ ਹੁੰਦਾ ਹੈ। ਬਹੁਤ ਸਾਰੇ ਲੋਕ ਚੰਗੀ ਇਮਿਊਨਿਟੀ ਕਾਰਨ ਇੱਕ ਹਫ਼ਤੇ ਦੇ ਅੰਦਰ ਠੀਕ ਹੋ ਜਾਂਦੇ ਹਨ, ਪਰ ਕੁਝ ਮਰੀਜ਼ਾਂ ਵਿੱਚ ਨਿਮੋਨੀਆ, ਸੈਪਸਿਸ ਜਾਂ ਪਹਿਲਾਂ ਤੋਂ ਮੌਜੂਦ ਦਿਲ, ਫੇਫੜਿਆਂ ਜਾਂ ਹੋਰ ਪੁਰਾਣੀਆਂ ਬਿਮਾਰੀਆਂ ਦੇ ਵਧਣ ਵਰਗੀਆਂ ਗੰਭੀਰ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ।

ਹਰ ਉਮਰ ਦੇ ਲੋਕ ਵਾਇਰਲ ਫਲੂ ਦਾ ਸ਼ਿਕਾਰ ਹੋ ਸਕਦੇ ਹਨ, ਪਰ 65 ਸਾਲ ਤੋਂ ਵੱਧ ਉਮਰ ਦੇ ਬਜ਼ੁਰਗ, ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ, ਗਰਭਵਤੀ ਮਹਿਲਾਵਾਂ, ਲੰਬੇ ਸਮੇਂ ਦੀਆਂ ਬਿਮਾਰੀਆਂ ਵਾਲੇ ਲੋਕ ਅਤੇ ਕਮਜ਼ੋਰ ਰੋਗ-ਪ੍ਰਤੀਰੋਧਕ ਸਮਰੱਥਾ ਵਾਲੇ ਇਸ ਗੰਭੀਰ ਬਿਮਾਰੀ ਦੇ ਵੱਧ ਖ਼ਤਰੇ ਵਿੱਚ ਰਹਿੰਦੇ ਹਨ। ਸਿਹਤ ਕਰਮਚਾਰੀ ਵੀ ਇਹਨਾਂ ਨਾਲ ਵੱਧ ਸੰਪਰਕ ਕਾਰਨ ਵਧੇਰੇ ਖ਼ਤਰੇ ਵਾਲੇ ਸਮੂਹ ਵਿੱਚ ਆ ਜਾਂਦੇ ਹਨ। ਭਾਰਤ ਵਿੱਚ ਮੌਸਮੀ ਇਨਫਲੂਐਂਜ਼ਾ ਦੀ ਨਿਗਰਾਨੀ ਅਤੇ ਰੋਕਥਾਮ ਲਈ ਨੈਸ਼ਨਲ ਸੈਂਟਰ ਫੋਰ ਡਿਜ਼ੀਜ਼ ਕੰਟਰੋਲ (ਐਨ.ਸੀ. ਡੀ.ਸੀ) ਵੱਲੋਂ ਮਰੀਜ਼ਾਂ ਦੀ ਤਰਤੀਬ ਬੰਦੀ, ਘਰੇਲੂ ਦੇਖਭਾਲ, ਮਾਸਕ ਦੀ ਵਰਤੋਂ, ਕਲੀਨਿਕਲ ਪ੍ਰੋਟੋਕੋਲ, ਟੈਸਟਿੰਗ ਅਤੇ ਮੌਤਾਂ ਦੀ ਸਮੀਖਿਆ ਸਬੰਧੀ ਦਿਸ਼ਾ-ਨਿਰਦੇਸ਼ ਉਪਲਬਧ ਹਨ। ਐਨ ਸੀ ਡੀ ਸੀ ਦੀ ਵੈੱਬਸਾਈਟ ’ਤੇ 2026 ਲਈ ਇਨਫਲੂਐਂਜ਼ਾ ਵੈਕਸੀਨ ਦੀ ਰਚਨਾ ਅਤੇ 2018-2025 ਦੇ ਸੂਬਾ-ਵਾਰ ਮਾਮਲਿਆਂ ਤੇ ਮੌਤਾਂ ਦੇ ਅੰਕੜਿਆਂ ਦੇ ਸਰੋਤ ਵੀ ਦਰਜ ਹਨ।

ਮੌਸਮੀ ਵਾਇਰਲ ਬੁਖਾਰ ਨਾਲ ਨਜਿੱਠਣ ਦਾ ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਇਸ ਦੀ ਰੋਕਥਾਮ ਸੰਭਵ ਹੈ। ਡਬਲਿਊ .ਐਚ .ਉ ਅਨੁਸਾਰ ਵਾਇਰਲ ਬੁਖਾਰਦਾ ਟੀਕਾਕਰਨ ਬਿਮਾਰੀ ਅਤੇ ਇਸ ਦੀਆਂ ਜਟਿਲਤਾਵਾਂ ਤੋਂ ਬਚਾਅ ਦਾ ਮੁੱਖ ਸਾਧਨ ਹੈ। ਇਸ ਦੇ ਨਾਲ ਹੱਥਾਂ ਦੀ ਸਫ਼ਾਈ, ਬਿਮਾਰ ਹੋਣ ’ਤੇ ਘਰ ਰਹਿਣਾ, ਖੰਘ-ਛਿੱਕ ਸਮੇਂ ਮੂੰਹ ਢੱਕਣਾ ਅਤੇ ਭੀੜ ਵਿੱਚ ਲੋੜ ਅਨੁਸਾਰ ਮਾਸਕ ਵਰਤਣਾ ਇਨਫੈਕਸ਼ਨ ਘਟਾਉਣ ਵਿੱਚ ਮਦਦਗਾਰ ਹਨ। ਇਸ ਨਾਲ ਹਸਪਤਾਲਾਂ ’ਤੇ ਦਬਾਅ ਘਟ ਸਕਦਾ ਹੈ, ਕੰਮ ਅਤੇ ਸਕੂਲ ਤੋਂ ਗੈਰਹਾਜ਼ਰੀ ਘੱਟ ਹੋ ਸਕਦੀ ਹੈ ਅਤੇ ਪਰਿਵਾਰਾਂ ਦੇ ਇਲਾਜੀ ਖਰਚੇ ਵੀ ਘਟ ਸਕਦੇ ਹਨ। ਡਬਲਿਊ ਐਚ ਉ ਨੇ ਵੀ ਦਰਸਾਇਆ ਹੈ ਕਿਵਾਇਰਲ ਬੁਖਾਰ ਦੀਆਂ ਲਹਿਰਾਂ ਕਾਰਨ ਸਕੂਲ ਅਤੇ ਕੰਮਕਾਜ ਵਿੱਚ ਗੈਰਹਾਜ਼ਰੀ ਅਤੇ ਉਤਪਾਦਕਤਾ ਦਾ ਨੁਕਸਾਨ ਵੱਡਾ ਹੋ ਸਕਦਾ ਹੈ।

ਵਾਇਰਲ ਬੁਖਾਰ ਦੀ ਰੋਕਥਾਮ ਦੇ ਨਾਂ ’ਤੇ ਬੇਲੋੜੀਆਂ ਪਾਬੰਦੀਆਂ ਲਗਾਉਣਾ ਵੀ ਲੋਕਤੰਤਰਿਕ ਸਮਾਜ ਲਈ ਚਿੰਤਾ ਦਾ ਵਿਸ਼ਾ ਹੋ ਸਕਦਾ ਹੈ। ਜਨਤਕ ਸਿਹਤ ਦੀ ਰੱਖਿਆ ਕਰਦੇ ਹੋਏ ਆਵਾਜਾਈ, ਕੰਮ, ਸਿੱਖਿਆ, ਧਾਰਮਿਕ ਗਤੀਵਿਧੀਆਂ ਅਤੇ ਨਿੱਜੀ ਆਜ਼ਾਦੀ ’ਤੇ ਲਗਾਈ ਜਾਣ ਵਾਲੀ ਹਰ ਪਾਬੰਦੀ ਵਿਗਿਆਨਕ ਸਬੂਤ, ਲੋੜ ਅਤੇ ਸਮੇਂ ਦੀ ਸੀਮਾ ਨਾਲ ਜੁੜੀ ਹੋਣੀ ਚਾਹੀਦੀ ਹੈ।

ਮਾਸਕ, ਟੀਕਾਕਰਨ ਜਾਂ ਘਰ ਰਹਿਣ ਦੀ ਸਲਾਹ ਜੇਕਰ ਖ਼ਤਰੇ ਦੇ ਅਨੁਪਾਤ ਵਿੱਚ ਹੋਵੇ ਤਾਂ ਇਹ ਜਨਹਿੱਤ ਵਿੱਚ ਹੈ; ਪਰ ਡਰ ਪੈਦਾ ਕਰਨਾ, ਗਲਤ ਜਾਣਕਾਰੀ ਫੈਲਾਉਣਾ ਜਾਂ ਹਰ ਮਰੀਜ਼ ਨੂੰ ਇਕੋ ਜਿਹੇ ਤਰੀਕੇ ਨਾਲ ਦੇਖਣਾ ਮਾੜੇ ਨਤੀਜੇ ਦੇ ਸਕਦਾ ਹੈ। ਜਨਤਕ ਸਿਹਤ ਸਾਖਰਤਾ ਦਾ ਮਕਸਦ ਨਾਗਰਿਕਾਂ ਨੂੰ ਡਰਾਉਣਾ ਨਹੀਂ, ਸਗੋਂ ਉਨ੍ਹਾਂ ਨੂੰ ਸਹੀ ਜਾਣਕਾਰੀ ਦੇ ਕੇ ਸੁਰੱਖਿਅਤ ਬਣਾਉਣਾ ਹੋਣਾ ਚਾਹੀਦਾ ਹੈ।

ਸਰਕਾਰਾਂ ਲਈ ਸਭ ਤੋਂ ਪ੍ਰਭਾਵਸ਼ਾਲੀ ਰਣਨੀਤੀ ਨਿਗਰਾਨੀ, ਸਮੇਂ ਸਿਰ ਜਾਣਕਾਰੀ, ਟੀਕਾਕਰਨ , ਹਸਪਤਾਲਾਂ ਦੀ ਤਿਆਰੀ ਅਤੇ ਪਾਰਦਰਸ਼ੀ ਸੰਚਾਰ ਦਾ ਸੁਮੇਲ ਹੈ। ਡਬਲਿਊ ਐਚ ਉ ਦਾ ਗਲੋਬਲ ਇਨਫਲੂਏਂਜ਼ਾ ਸਰਵਿਲੈਂਸ ਐਂਡ ਰਿਸਪੌਂਸ ਸਿਸਟਮ ਦੇਸ਼ਾਂ ਨੂੰ ਇਨਫਲੂਐਂਜ਼ਾ ਦੀ ਸਰਗਰਮੀ ਦੀ ਨਿਗਰਾਨੀ ਅਤੇ ਰੋਕਥਾਮੀ ਰਣਨੀਤੀਆਂ ਬਣਾਉਣ ਵਿੱਚ ਸਹਾਇਤਾ ਕਰਦਾ ਹੈ।

ਅੰਤ ਵਿੱਚ, ਮੌਸਮੀ ਫਲੂ ਨੂੰ ਨਾ ਤਾਂ ਸਿਰਫ਼ ਆਮ ਬੁਖਾਰ ਸਮਝਣਾ ਚਾਹੀਦਾ ਹੈ ਅਤੇ ਨਾ ਹੀ ਹਰ ਲਹਿਰ ਨੂੰ ਅਸਧਾਰਨ ਆਫ਼ਤ ਵਜੋਂ ਪੇਸ਼ ਕਰਨਾ ਚਾਹੀਦਾ ਹੈ। ਸਹੀ ਰਸਤਾ ਹੈ—ਵਿਗਿਆਨਕ ਸਬੂਤਾਂ ’ਤੇ ਆਧਾਰਿਤ ਸਾਵਧਾਨੀ, ਕਮਜ਼ੋਰ ਵਰਗਾਂ ਦੀ ਵਿਸ਼ੇਸ਼ ਸੁਰੱਖਿਆ ਅਤੇ ਨਾਗਰਿਕ ਅਧਿਕਾਰਾਂ ਦਾ ਸਨਮਾਨ। ਜਨਤਕ ਸਿਹਤ ਤਦ ਹੀ ਸਫਲ ਮੰਨੀ ਜਾਵੇਗੀ ਜਦੋਂ ਲੋਕਾਂ ਦੀ ਜ਼ਿੰਦਗੀ ਬਚਾਉਣ ਦੇ ਨਾਲ ਉਨ੍ਹਾਂ ਦੀ ਆਜ਼ਾਦੀ ਅਤੇ ਮਰਿਆਦਾ ਵੀ ਸੁਰੱਖਿਅਤ ਰਹੇ।

-ਛੱਤਰਪਾਲ ਸਿੰਘ






Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਵੰਦੇ ਮਾਤਰਮ, ਰਾਸ਼ਟਰ ਗੀਤ ਜਾਂ ਰਾਸ਼ਟਰੀ ਨੀਤੀ ਦੀ ਬਹਿਸ ਨਾਲ ਪ੍ਰੀਤ ?



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਇਤਿਹਾਸ, ਆਜ਼ਾਦੀ ਦੀ ਲੜਾਈ, ਧਾਰਮਿਕ ਸੰਵੇਦਨਸ਼ੀਲਤਾ, ਸੰਵਿਧਾਨਕ ਮੁੱਲ ਅਤੇ 21ਵੀਂ ਸਦੀ ਦੇ ਭਾਰਤ ਦੀ ਪਛਾਣ ਦਾ ਸਵਾਲ

ਭਾਰਤ ਵਿੱਚ ਕੁਝ ਸ਼ਬਦ ਸਿਰਫ਼ ਸ਼ਬਦ ਨਹੀਂ ਰਹਿੰਦੇ। ਉਹ ਇਤਿਹਾਸ ਬਣ ਜਾਂਦੇ ਹਨ, ਭਾਵਨਾ ਬਣ ਜਾਂਦੇ ਹਨ ਅਤੇ ਕਈ ਵਾਰ ਰਾਜਨੀਤੀ ਦਾ ਕੇਂਦਰ ਵੀ ਬਣ ਜਾਂਦੇ ਹਨ। ਵੰਦੇ ਮਾਤਰਮ ਅਜਿਹਾ ਹੀ ਇੱਕ ਸ਼ਬਦ ਹੈ।

ਇਹ ਗੀਤ ਇੱਕ ਸਮੇਂ ਅੰਗਰੇਜ਼ੀ ਸਾਮਰਾਜ ਦੇ ਵਿਰੁੱਧ ਭਾਰਤੀ ਆਜ਼ਾਦੀ ਦੀ ਲੜਾਈ ਦੀ ਆਵਾਜ਼ ਬਣਿਆ। ਅੱਜ, ਲਗਭਗ ਡੇਢ ਸਦੀ ਬਾਅਦ, ਇਹ ਮੁੜ ਭਾਰਤ ਦੀ ਰਾਸ਼ਟਰੀ ਨੀਤੀ, ਸੱਭਿਆਚਾਰਕ ਪਛਾਣ, ਧਰਮਨਿਰਪੱਖਤਾ, ਬਹੁਵਾਦ ਅਤੇ ਦੇਸ਼ਭਗਤੀ ਦੀ ਪਰਿਭਾਸ਼ਾ ਬਾਰੇ ਤਿੱਖੀ ਬਹਿਸ ਦੇ ਕੇਂਦਰ ਵਿੱਚ ਹੈ।

2026 ਵਿੱਚ ਇਸ ਬਹਿਸ ਨੇ ਨਵਾਂ ਰੂਪ ਇਸ ਲਈ ਵੀ ਲਿਆ ਹੈ ਕਿਉਂਕਿ ਕੇਂਦਰ ਸਰਕਾਰ ਨੇ ਵੰਦੇ ਮਾਤਰਮ ਦੇ 150 ਸਾਲਾਂ ਦੀ ਦੇਸ਼-ਵਿਆਪੀ ਯਾਦਗਾਰੀ ਮੁਹਿੰਮ ਚਲਾਈ ਹੈ। ਗਣਤੰਤਰ ਦਿਵਸ 2026 ਦੀ ਪਰੇਡ ਦਾ ਕੇਂਦਰੀ ਵਿਸ਼ਾ ਵੀ ਇਸ ਗੀਤ ਦੀ 150ਵੀਂ ਵਰ੍ਹੇਗੰਢ ਸੀ ਅਤੇ 15 ਅਗਸਤ 2026 ਨੂੰ ਪਹਿਲੀ ਵਾਰ ਲਾਲ ਕਿਲ੍ਹੇ ਦੀ ਪ੍ਰਾਚੀਰ ਤੋਂ ਵੰਦੇ ਮਾਤਰਮ ਗਾਇਆ ਗਿਆ।

ਕੀ ਕਿਸੇ ਰਾਸ਼ਟਰੀ ਪ੍ਰਤੀਕ ਨੂੰ ਹੋਰ ਸਨਮਾਨ ਦੇਣਾ ਰਾਸ਼ਟਰ ਨੂੰ ਮਜ਼ਬੂਤ ਕਰਦਾ ਹੈ, ਜਾਂ ਉਸ ਪ੍ਰਤੀਕ ਨੂੰ ਰਾਜਨੀਤਕ ਟਕਰਾਅ ਦਾ ਹਥਿਆਰ ਬਣਾ ਦੇਣਾ ਉਸਦੀ ਸਰਵਸਵੀਕਾਰਤਾ ਨੂੰ ਕਮਜ਼ੋਰ ਕਰ ਸਕਦਾ ਹੈ ?

ਵੰਦੇ ਮਾਤਰਮ ਦਾ ਜਨਮ ਕਿੱਥੋਂ ਹੋਇਆ ? ਵੰਦੇ ਮਾਤਰਮ ਦੇ ਰਚਨਾਕਾਰ ਬੰਗਾਲ ਦੇ ਮਹਾਨ ਸਾਹਿਤਕਾਰ ਬੰਕਿਮ ਚੰਦਰ ਚੱਟੋਪਾਧਿਆਏ ਸਨ।

ਇਸ ਦੀ ਰਚਨਾ ਦਾ ਸਮਾਂ ਆਮ ਤੌਰ ’ਤੇ 1870 ਦੇ ਦਹਾਕੇ ਨਾਲ ਜੋੜਿਆ ਜਾਂਦਾ ਹੈ ਅਤੇ ਬਾਅਦ ਵਿੱਚ ਇਹ ਬੰਕਿਮ ਚੰਦਰ ਦੇ ਨਾਵਲ ‘ਆਨੰਦਮਠ’ ਨਾਲ ਜੁੜ ਗਿਆ। 1880 ਦੇ ਦਹਾਕੇ ਵਿੱਚ ਇਹ ਰਚਨਾ ਜਨਤਕ ਤੌਰ ’ਤੇ ਵਿਆਪਕ ਹੋਈ। ਇਸ ਲਈ 2026 ਵਿੱਚ ਮਨਾਇਆ ਜਾ ਰਿਹਾ 150 ਸਾਲ ਮੁੱਖ ਤੌਰ ’ਤੇ ਇਸ ਦੀ ਰਚਨਾ ਦੀ ਪਰੰਪਰਾਗਤ 1875 ਵਾਲੀ ਤਾਰੀਖ ਨਾਲ ਜੋੜਿਆ ਗਿਆ ਹੈ; ਹਾਲਾਂਕਿ ਇਤਿਹਾਸਕਾਰਾਂ ਵਿੱਚ ਇਸ ਦੀ ਪਹਿਲੀ ਰਚਨਾ, ਪ੍ਰਕਾਸ਼ਨਾ ਅਤੇ ‘ਆਨੰਦਮਠ’ ਵਿੱਚ ਸ਼ਾਮਲ ਹੋਣ ਦੀਆਂ ਤਾਰੀਖਾਂ ਬਾਰੇ ਚਰਚਾ ਵੀ ਮੌਜੂਦ ਹੈ।

ਕਿਉਂਕਿ ਇਤਿਹਾਸ ਸਿਰਫ਼ ਇੱਕ ਸਰਕਾਰੀ ਸਮਾਰੋਹ ਦੀ ਤਾਰੀਖ ਨਹੀਂ ਹੁੰਦਾ। ਇਤਿਹਾਸ ਵਿੱਚ ਰਚਨਾ, ਪ੍ਰਕਾਸ਼ਨਾ, ਪ੍ਰਸਾਰ ਅਤੇ ਰਾਜਨੀਤਕ ਵਰਤੋਂ—ਸਾਰੇ ਪੜਾਅ ਹੁੰਦੇ ਹਨ।

ਵੰਦੇ ਮਾਤਰਮ ਦੀ ਸਭ ਤੋਂ ਵੱਡੀ ਇਤਿਹਾਸਕ ਤਾਕਤ ਇਹ ਸੀ ਕਿ ਇਹ ਸਾਹਿਤ ਦੇ ਸਫ਼ਿਆਂ ਤੋਂ ਨਿਕਲ ਕੇ ਆਜ਼ਾਦੀ ਦੀ ਲੜਾਈ ਦੀ ਸੜਕ ’ਤੇ ਆ ਗਿਆ।

1896 ਵਿੱਚ ਕਲਕੱਤਾ ਵਿੱਚ ਭਾਰਤੀ ਰਾਸ਼ਟਰੀ ਕਾਂਗਰਸ ਦੇ ਅਧਿਵੇਸ਼ਨ ਵਿੱਚ ਰਬਿੰਦਰਨਾਥ ਟੈਗੋਰ ਵੱਲੋਂ ਇਸਨੂੰ ਗਾਇਆ ਜਾਣਾ ਇਸ ਦੇ ਰਾਸ਼ਟਰੀ ਪ੍ਰਸਾਰ ਵਿੱਚ ਮਹੱਤਵਪੂਰਨ ਪੜਾਅ ਸੀ। 1905 ਵਿੱਚ ਬੰਗਾਲ ਵੰਡ ਦੇ ਵਿਰੋਧ ਦੌਰਾਨ ਵੰਦੇ ਮਾਤਰਮ ਇੱਕ ਸ਼ਕਤੀਸ਼ਾਲੀ ਰਾਸ਼ਟਰਵਾਦੀ ਨਾਅਰਾ ਬਣ ਗਿਆ।

ਇਸਨੇ ਨੌਜਵਾਨਾਂ, ਵਿਦਿਆਰਥੀਆਂ ਅਤੇ ਆਜ਼ਾਦੀ ਘੁਲਾਟੀਆਂ ਵਿੱਚ ਜੋਸ਼ ਪੈਦਾ ਕੀਤਾ।

ਅੰਗਰੇਜ਼ ਸਰਕਾਰ ਨੇ ਵੀ ਇਸਦੀ ਰਾਜਨੀਤਕ ਤਾਕਤ ਨੂੰ ਮਹਿਸੂਸ ਕੀਤਾ। ਕਈ ਥਾਵਾਂ ’ਤੇ ਇਸਦੇ ਉਚਾਰਨ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਹੋਈਆਂ।

ਇਸ ਤਰ੍ਹਾਂ ਵੰਦੇ ਮਾਤਰਮ ਸਿਰਫ਼ ਇੱਕ ਕਾਵਿ-ਰਚਨਾ ਨਹੀਂ ਰਿਹਾ—ਇਹ ਉਪਨਿਵੇਸ਼ੀ ਹਕੂਮਤ ਦੇ ਵਿਰੁੱਧ ਵਿਰੋਧ ਦਾ ਪ੍ਰਤੀਕ ਬਣ ਗਿਆ।

ਗੀਤ ਦੇ ਪਹਿਲੇ ਦੋ ਅੰਸ਼ਾਂ ਵਿੱਚ ਮਾਤ੍ਰਭੂਮੀ ਦੀ ਕੁਦਰਤੀ ਸੁੰਦਰਤਾ, ਧਰਤੀ, ਹਵਾ, ਪਾਣੀ, ਹਰਿਆਵਲ ਅਤੇ ਮਾਂ-ਭੂਮੀ ਪ੍ਰਤੀ ਸਤਿਕਾਰ ਦੀ ਭਾਵਨਾ ਹੈ।

ਪਰ ਬਾਅਦ ਦੇ ਅੰਸ਼ਾਂ ਵਿੱਚ ਹਿੰਦੂ ਧਾਰਮਿਕ ਪ੍ਰਤੀਕਾਂ ਅਤੇ ਦੇਵੀਆਂ ਨਾਲ ਜੁੜੀਆਂ ਉਪਮਾਵਾਂ ਆਉਂਦੀਆਂ ਹਨ। ਇਸ ਕਾਰਨ ਕੁਝ ਮੁਸਲਿਮ ਆਗੂਆਂ ਅਤੇ ਹੋਰ ਵਰਗਾਂ ਨੇ ਇਹ ਚਿੰਤਾ ਜਤਾਈ ਕਿ ਪੂਰੇ ਗੀਤ ਨੂੰ ਧਾਰਮਿਕ ਰੂਪ ਵਿੱਚ ਗਾਉਣਾ ਹਰ ਭਾਰਤੀ ਲਈ ਇਕਸਾਰ ਤੌਰ ’ਤੇ ਸਵੀਕਾਰਯੋਗ ਨਹੀਂ ਹੋ ਸਕਦਾ।

ਕਿਸੇ ਰਚਨਾ ਦਾ ਇਤਿਹਾਸਕ ਰਾਸ਼ਟਰਵਾਦੀ ਮਹੱਤਵ ਅਤੇ ਉਸਦੀ ਹਰ ਪੰਕਤੀ ਦੀ ਆਧੁਨਿਕ ਰਾਜਨੀਤਕ ਸਵੀਕਾਰਤਾ—ਇਹ ਦੋ ਵੱਖਰੇ ਸਵਾਲ ਹਨ।

ਇਹ ਵਿਵਾਦ ਨਵਾਂ ਨਹੀਂ। 1937: ਭਾਰਤ ਨੇ ਪਹਿਲਾਂ ਵੀ ਇਹ ਸਵਾਲ ਪੁੱਛਿਆ ਗਿਆ ਸੀ

1930 ਦੇ ਦਹਾਕੇ ਵਿੱਚ ਕਾਂਗਰਸ ਦੇ ਅੰਦਰ ਇਹ ਸਵਾਲ ਉੱਠਿਆ ਕਿ ਰਾਸ਼ਟਰੀ ਮੰਚਾਂ ’ਤੇ ਵੰਦੇ ਮਾਤਰਮ ਦਾ ਕਿਹੜਾ ਹਿੱਸਾ ਗਾਇਆ ਜਾਵੇ।

ਅਖੀਰ ਵਿੱਚ ਪਹਿਲੇ ਦੋ ਅੰਸ਼ਾਂ ਨੂੰ ਤਰਜੀਹ ਦਿੱਤੀ ਗਈ, ਕਿਉਂਕਿ ਇਹਨਾਂ ਵਿੱਚ ਧਾਰਮਿਕ ਵਿਸ਼ੇਸ਼ਤਾ ਘੱਟ ਅਤੇ ਮਾਤ੍ਰਭੂਮੀ ਦੀ ਸਰਵਸਵੀਕਾਰ ਭਾਵਨਾ ਵੱਧ ਸੀ। ਅੱਜ ਕਾਂਗਰਸ ਆਪਣੇ ਇਸ ਇਤਿਹਾਸਕ ਫ਼ੈਸਲੇ ਨੂੰ ਦੁਬਾਰਾ ਉਭਾਰ ਰਹੀ ਹੈ। 19 ਅਗਸਤ 2026 ਨੂੰ ਕਾਂਗਰਸ ਵਰਕਿੰਗ ਕਮੇਟੀ ਨੇ ਵੀ ਪਾਰਟੀ ਸਮਾਗਮਾਂ ਵਿੱਚ ਪਹਿਲੇ ਦੋ ਅੰਸ਼ਾਂ ਤੱਕ ਸੀਮਿਤ ਰਹਿਣ ਦਾ ਆਪਣਾ ਪੁਰਾਣਾ ਰੁਖ਼ ਦੁਹਰਾਇਆ।

ਦੂਜੇ ਪਾਸੇ, ਭਾਜਪਾ ਅਤੇ ਕੇਂਦਰ ਸਰਕਾਰ ਦਾ ਤਰਕ ਹੈ ਕਿ ਪੂਰੇ ਗੀਤ ਦੀ ਇਤਿਹਾਸਕ ਵਿਰਾਸਤ ਨੂੰ ਕੱਟ ਕੇ ਦੇਖਣਾ ਠੀਕ ਨਹੀਂ ਅਤੇ ਇਸਨੂੰ ਆਜ਼ਾਦੀ ਦੀ ਲੜਾਈ ਦੇ ਸੰਪੂਰਨ ਪ੍ਰਤੀਕ ਵਜੋਂ ਸਨਮਾਨ ਮਿਲਣਾ ਚਾਹੀਦਾ ਹੈ।

ਇਸੇ ਕਾਰਨ ਅੱਜ ਦਾ ਵਿਸ਼ਾ ਸਿਰਫ਼ ਦੋ ਅੰਸ਼ ਜਾਂ ਛੇ ਅੰਸ਼ ? ਦਾ ਵਿਵਾਦ ਨਹੀਂ। ਇਹ ਅਸਲ ਵਿੱਚ ਸਵਾਲ ਹੈ ਕੀ ਰਾਸ਼ਟਰੀ ਪ੍ਰਤੀਕਾਂ ਦੀ ਵਿਆਖਿਆ ਇਤਿਹਾਸ ਦੇ ਆਧਾਰ ’ਤੇ ਹੋਵੇਗੀ ਜਾਂ ਆਧੁਨਿਕ ਸੰਵਿਧਾਨਕ ਸਮਾਵੇਸ਼ ਦੇ ਆਧਾਰ ’ਤੇ ?

2026: ਵਿਵਾਦ ਨੇ ਨਵਾਂ ਕਾਨੂੰਨੀ ਰੂਪ ਧਾਰ ਲਿਆਇਸ ਵਾਰ ਮਾਮਲਾ ਸਿਰਫ਼ ਰਾਜਨੀਤਕ ਬਿਆਨਾਂ ਤੱਕ ਸੀਮਿਤ ਨਹੀਂ ਰਿਹਾ। ਸੰਸਦ ਨੇ ਪ੍ਰੀਵੈਂਸ਼ਨ ਆਫ ਇਨਸਲਟ ਟੂ ਨੈਸ਼ਨਲ ਹੋਨਰ (ਅਮੈਂਡਮੈਂਟ) ਐਕਟ,2026 ਪਾਸ ਕੀਤਾ ਅਤੇ ਰਾਸ਼ਟਰਪਤੀ ਦੀ ਮਨਜ਼ੂਰੀ ਤੋਂ ਬਾਅਦ ਇਹ ਕਾਨੂੰਨ ਬਣ ਗਿਆ।

ਇਸ ਸੋਧ ਰਾਹੀਂ ਵੰਦੇ ਮਾਤਰਮ ਨੂੰ ਰਾਸ਼ਟਰੀ ਗੀਤ ਜਨ ਗਣ ਮਨ ਦੇ ਸਮਾਨ ਕਾਨੂੰਨੀ ਸੁਰੱਖਿਆ ਦੇ ਘੇਰੇ ਵਿੱਚ ਲਿਆਂਦਾ ਗਿਆ ਹੈ। ਜਾਣਬੁੱਝ ਕੇ ਇਸਦੇ ਗਾਇਨ ਨੂੰ ਰੋਕਣਾ ਜਾਂ ਇਸਨੂੰ ਗਾਉਣ ਵਾਲੀ ਸਭਾ ਵਿੱਚ ਵਿਘਨ ਪਾਉਣਾ ਹੁਣ ਕਾਨੂੰਨੀ ਦੰਡ ਦੇ ਘੇਰੇ ਵਿੱਚ ਆਉਂਦਾ ਹੈ।

ਇੱਥੇ ਇੱਕ ਮਹੱਤਵਪੂਰਨ ਫ਼ਰਕ ਸਮਝਣਾ ਚਾਹੀਦਾ ਹੈ: ਕਾਨੂੰਨੀ ਸੁਰੱਖਿਆ ਦਾ ਅਰਥ ਇਹ ਨਹੀਂ ਕਿ ਹਰ ਨਾਗਰਿਕ ਦੀ ਨਿੱਜੀ ਅੰਤਰਆਤਮਾ ਨੂੰ ਕਾਨੂੰਨ ਨਾਲ ਨਿਯੰਤਰਿਤ ਕਰ ਦਿੱਤਾ ਗਿਆ ਹੈ।

ਕਾਨੂੰਨ ਦਾ ਕੇਂਦਰ ਜਾਣਬੁੱਝ ਕੇ ਰੋਕਣਾ ਜਾਂ ਵਿਘਨ ਪਾਉਣਾ ਹੈ। ਇਸ ਲਈ ਇਸ ਕਾਨੂੰਨ ਦੀ ਵਿਆਖਿਆ ਕਰਦੇ ਸਮੇਂ ਅਭਿਵਿਅਕਤੀ ਦੀ ਆਜ਼ਾਦੀ, ਧਾਰਮਿਕ ਆਜ਼ਾਦੀ ਅਤੇ ਜਨਤਕ ਵਿਵਸਥਾ ਦੇ ਸੰਵਿਧਾਨਕ ਸਿਧਾਂਤ ਵੀ ਮਹੱਤਵਪੂਰਨ ਰਹਿਣਗੇ।

ਦੇਸ਼ਭਗਤੀ ਨੂੰ ਮਜ਼ਬੂਤ ਕਰਨ ਲਈ ਰਾਸ਼ਟਰੀ ਪ੍ਰਤੀਕਾਂ ਦਾ ਸਨਮਾਨ ਜ਼ਰੂਰੀ ਹੈ।

ਪਰ ਦੇਸ਼ਭਗਤੀ ਨੂੰ ਸਿਰਫ਼ ਇੱਕ ਗੀਤ, ਇੱਕ ਨਾਅਰੇ ਜਾਂ ਇੱਕ ਰਸਮੀ ਕਿਰਿਆ ਨਾਲ ਮਾਪਣਾ ਵੀ ਖ਼ਤਰਨਾਕ ਹੋ ਸਕਦਾ ਹੈ।

ਇੱਕ ਵਿਅਕਤੀ ਵੰਦੇ ਮਾਤਰਮ ਉੱਚੀ ਆਵਾਜ਼ ਵਿੱਚ ਗਾ ਸਕਦਾ ਹੈ, ਪਰ ਟੈਕਸ ਚੋਰੀ ਕਰ ਸਕਦਾ ਹੈ। ਦੂਜਾ ਵਿਅਕਤੀ ਇਹ ਗੀਤ ਨਾ ਗਾਉਣ ਦੇ ਬਾਵਜੂਦ ਇਮਾਨਦਾਰੀ ਨਾਲ ਟੈਕਸ ਦੇ ਸਕਦਾ ਹੈ, ਸਰਕਾਰੀ ਸੰਪਤੀ ਦੀ ਰੱਖਿਆ ਕਰ ਸਕਦਾ ਹੈ, ਕਿਸੇ ਗਰੀਬ ਦੀ ਮਦਦ ਕਰ ਸਕਦਾ ਹੈ ਅਤੇ ਸੰਵਿਧਾਨ ਦਾ ਸਤਿਕਾਰ ਕਰ ਸਕਦਾ ਹੈ।

ਕੌਣ ਵੱਧ ਦੇਸ਼ਭਗਤ ਹੈ ?

ਇਹ ਸਵਾਲ ਭਾਰਤੀ ਲੋਕਤੰਤਰ ਨੂੰ ਪੁੱਛਣਾ ਹੀ ਪਵੇਗਾ। ਕਿਉਂਕਿ ਰਾਸ਼ਟਰਭਗਤੀ ਦਾ ਸਭ ਤੋਂ ਉੱਚਾ ਰੂਪ ਸਿਰਫ਼ ਨਾਅਰਾ ਨਹੀਂ।ਕੀ ਵੰਦੇਮਾਤਰਮ ਨੂੰ ਧਰਮ ਤੋਂ ਵੱਖ ਕਰਕੇ ਦੇਖਿਆ ਜਾ ਸਕਦਾ ਹੈ ?

ਬੰਕਿਮ ਚੰਦਰ ਦੀ ਰਚਨਾ ਆਪਣੇ ਸਮੇਂ ਦੇ ਸਾਹਿਤਕ ਅਤੇ ਸੱਭਿਆਚਾਰਕ ਸੰਦਰਭ ਵਿੱਚ ਪੈਦਾ ਹੋਈ ਸੀ। ਉਸ ਸਮੇਂ ਮਾਤ੍ਰਭੂਮੀ ਨੂੰ ਧਾਰਮਿਕ ਪ੍ਰਤੀਕਾਂ ਰਾਹੀਂ ਦਰਸਾਉਣਾ ਸਾਹਿਤਕ ਪਰੰਪਰਾ ਦਾ ਹਿੱਸਾ ਸੀ।

ਪਰ 21ਵੀਂ ਸਦੀ ਦਾ ਭਾਰਤ ਇੱਕ ਬਹੁਧਾਰਮਿਕ, ਬਹੁਭਾਸ਼ੀ ਅਤੇ ਬਹੁਸੱਭਿਆਚਾਰਕ ਸੰਵਿਧਾਨਕ ਗਣਰਾਜ ਹੈ। ਇਸ ਲਈ ਅੱਜ ਦੀ ਰਾਜਨੀਤੀ ਨੂੰ ਦੋਹਾਂ ਸੱਚਾਈਆਂ ਇਕੱਠੀਆਂ ਸਵੀਕਾਰ ਕਰਨੀਆਂ ਪੈਣਗੀਆਂ।

ਇੱਕ: ਵੰਦੇ ਮਾਤਰਮ ਭਾਰਤੀ ਆਜ਼ਾਦੀ ਦੀ ਲੜਾਈ ਦੀ ਮਹਾਨ ਵਿਰਾਸਤ ਹੈ। ਦੂਜਾ: ਹਰ ਭਾਰਤੀ ਦੀ ਧਾਰਮਿਕ ਅਤੇ ਅੰਤਰਆਤਮਾ ਦੀ ਆਜ਼ਾਦੀ ਵੀ ਉਤਨੀ ਹੀ ਮਹੱਤਵਪੂਰਨ ਹੈ। ਜੇ ਪਹਿਲਾ ਸੱਚ ਦੂਜੇ ਨੂੰ ਨਕਾਰ ਦੇਵੇ ਤਾਂ ਰਾਸ਼ਟਰਵਾਦ ਸੰਕੁਚਿਤ ਹੋ ਜਾਂਦਾ ਹੈ।

ਜੇ ਦੂਜਾ ਸੱਚ ਪਹਿਲੇ ਨੂੰ ਮਿਟਾ ਦੇਵੇ ਤਾਂ ਇਤਿਹਾਸ ਨਾਲ ਬੇਇਨਸਾਫ਼ੀ ਹੁੰਦੀ ਹੈ। ਭਾਰਤ ਨੂੰ ਦੋਹਾਂ ਦੇ ਵਿਚਕਾਰ ਸੰਤੁਲਨ ਲੱਭਣਾ ਪਵੇਗਾ।

ਨਿਸ਼ਚਤ ਤੌਰ ’ਤੇ ਰਾਸ਼ਟਰੀ ਪ੍ਰਤੀਕ ਰਾਜਨੀਤੀ ਤੋਂ ਉੱਪਰ ਹੋਣੇ ਚਾਹੀਦੇ ਹਨ ?ਪਰ ਇਸ ਦਾ ਮਤਲਬ ਇਹ ਨਹੀਂ ਕਿ ਰਾਸ਼ਟਰੀ ਪ੍ਰਤੀਕਾਂ ਬਾਰੇ ਚਰਚਾ ਹੀ ਨਾ ਹੋਵੇ।

ਲੋਕਤੰਤਰ ਵਿੱਚ ਇਤਿਹਾਸ, ਰਾਸ਼ਟਰੀ ਪ੍ਰਤੀਕ ਅਤੇ ਸੱਭਿਆਚਾਰਕ ਵਿਰਾਸਤ ਬਾਰੇ ਬਹਿਸ ਹੋਣੀ ਚਾਹੀਦੀ ਹੈ। ਲੇਕਿਨ ਸਮੱਸਿਆ ਉਦੋਂ ਸ਼ੁਰੂ ਹੁੰਦੀ ਹੈ ਜਦੋਂ ਵੰਦੇ ਮਾਤਰਮ ਗਾਉਣ ਦਾ ਢੰਗ ਦੇਸ਼ਭਗਤੀ ਦੀ ਪ੍ਰੀਖਿਆ ਬਣ ਜਾਂਦਾ ਹੈ।

ਜਾਂ

ਵੰਦੇ ਮਾਤਰਮ ਦੇ ਕਿਸੇ ਹਿੱਸੇ ’ਤੇ ਇਤਿਹਾਸਕ ਜਾਂ ਧਾਰਮਿਕ ਸਵਾਲ ਉਠਾਉਣਾ ਦੇਸ਼ਦ੍ਰੋਹ ਸਮਝਿਆ ਜਾਣ ਲੱਗੇ। ਦੋਵੇਂ ਅਤਿਵਾਦ ਲੋਕਤੰਤਰ ਲਈ ਨੁਕਸਾਨਦੇਹ ਹਨ।

ਭਾਰਤ ਨੂੰ ਅਜਿਹੀ ਰਾਸ਼ਟਰੀ ਨੀਤੀ ਦੀ ਲੋੜ ਹੈ ਜਿਸ ਵਿੱਚ ਸੱਭਿਆਚਾਰਕ ਗੌਰਵ ਅਤੇ ਸੰਵਿਧਾਨਕ ਸਮਾਵੇਸ਼ ਇਕ-ਦੂਜੇ ਦੇ ਵਿਰੋਧੀ ਨਾ ਬਣਨ।

ਸਕੂਲਾਂ ਵਿੱਚ ਬੱਚਿਆਂ ਨੂੰ ਵੰਦੇ ਮਾਤਰਮ ਸਿਖਾਇਆ ਜਾਵੇ—ਪਰ ਨਾਲ ਇਹ ਵੀ ਦੱਸਿਆ ਜਾਵੇ ਕਿ ਇਹ ਕਦੋਂ ਲਿਖਿਆ ਗਿਆ, ਕਿਉਂ ਲਿਖਿਆ ਗਿਆ, ਆਜ਼ਾਦੀ ਦੀ ਲੜਾਈ ਵਿੱਚ ਇਸਦਾ ਕੀ ਯੋਗਦਾਨ ਸੀ ਅਤੇ ਇਸ ਨਾਲ ਜੁੜੇ ਵਿਵਾਦ ਕੀ ਸਨ।

ਇਹੀ ਸੱਚੀ ਰਾਸ਼ਟਰੀ ਸਿੱਖਿਆ ਹੋਵੇਗੀ ਕਿ ਉਹਨਾਂ ਨੂੰ ਸਿਰਫ਼ ਗੀਤ ਯਾਦ ਨਾ ਕਰਵਾਇਆ ਜਾਵੇ—ਇਤਿਹਾਸ ਸਮਝਾਇਆ ਜਾਵੇ।

ਜੇ ਇਸ ਗੀਤ ਦੀ 150ਵੀਂ ਵਰ੍ਹੇਗੰਢ ਸਿਰਫ਼ ਸਰਕਾਰੀ ਸਮਾਗਮਾਂ, ਨਾਅਰਿਆਂ ਅਤੇ ਰਾਜਨੀਤਕ ਬਿਆਨਾਂ ਤੱਕ ਸੀਮਿਤ ਰਹਿ ਗਈ ਤਾਂ ਅਸੀਂ ਇਸਦੀ ਅਸਲ ਵਿਰਾਸਤ ਨਾਲ ਨਿਆਂ ਨਹੀਂ ਕਰਾਂਗੇ।

ਇਸ ਮੌਕੇ ਨੂੰ ਇੱਕ ਵੱਡੀ ਰਾਸ਼ਟਰੀ ਸਿੱਖਿਆ ਮੁਹਿੰਮ ਬਣਾਇਆ ਜਾ ਸਕਦਾ ਹੈ।

ਵੰਦੇ ਮਾਤਰਮ ਦਾ ਅਰਥ ਸਿਰਫ਼ ਮਾਂ ਨੂੰ ਨਮਨ ਨਹੀਂ—ਮਾਤ੍ਰਭੂਮੀ ਪ੍ਰਤੀ ਜ਼ਿੰਮੇਵਾਰੀ ਵੀ ਹੋਣਾ ਚਾਹੀਦਾ ਹੈ।

ਜੇ ਅਸੀਂ ਸੱਚਮੁੱਚ ਮਾਤ੍ਰਭੂਮੀ ਨੂੰ ਨਮਨ ਕਰਦੇ ਹਾਂ ਤਾਂ

ਅਸੀਂ ਉਸਦੇ ਦਰਿਆ ਗੰਦੇ ਨਾ ਕਰੀਏ।
ਉਸਦੀ ਹਵਾ ਜ਼ਹਿਰੀਲੀ ਨਾ ਕਰੀਏ।
ਉਸਦੀ ਜ਼ਮੀਨ ਨੂੰ ਬੇਤਹਾਸ਼ਾ ਨੁਕਸਾਨ ਨਾ ਪਹੁੰਚਾਈਏ।
ਉਸਦੇ ਕਿਸਾਨ ਨੂੰ ਅਣਦੇਖਾ ਨਾ ਕਰੀਏ।
ਉਸਦੇ ਮਜ਼ਦੂਰ ਦੀ ਮਿਹਨਤ ਦਾ ਸ਼ੋਸ਼ਣ ਨਾ ਕਰੀਏ।
ਉਸਦੀ ਧੀ ਨੂੰ ਅਸੁਰੱਖਿਅਤ ਨਾ ਛੱਡੀਏ।
ਉਸਦੇ ਗਰੀਬ ਨੂੰ ਭੁੱਖਾ ਨਾ ਰਹਿਣ ਦਈਏ।
ਉਸਦੇ ਨਾਗਰਿਕ ਨੂੰ ਧਰਮ, ਜਾਤ, ਭਾਸ਼ਾ ਜਾਂ ਖੇਤਰ ਦੇ ਆਧਾਰ ’ਤੇ ਦੂਜਾ ਦਰਜਾ ਨਾ ਦਈਏ।

ਤਦ ਵੰਦੇ ਮਾਤਰਮ ਇੱਕ ਗੀਤ ਤੋਂ ਅੱਗੇ ਵਧ ਕੇ ਨਾਗਰਿਕ ਸੰਕਲਪ ਬਣੇਗਾ।

ਭਾਰਤ ਦੀ ਤਾਕਤ ਇਹ ਨਹੀਂ ਕਿ ਇੱਥੇ ਸਾਰੇ ਲੋਕ ਇੱਕੋ ਜਿਹਾ ਗਾਉਂਦੇ ਹਨ।

ਭਾਰਤ ਦੀ ਤਾਕਤ ਇਹ ਹੈ ਕਿ ਵੱਖ-ਵੱਖ ਸੁਰਾਂ ਦੇ ਬਾਵਜੂਦ ਅਸੀਂ ਇੱਕ ਦੇਸ਼ ਹਾਂ।

ਵੰਦੇ ਮਾਤਰਮ ਨੂੰ ਨਾ ਤਾਂ ਸਿਰਫ਼ ਇੱਕ ਪਾਰਟੀ ਦੀ ਵਿਚਾਰਧਾਰਾ ਬਣਾਇਆ ਜਾਣਾ ਚਾਹੀਦਾ ਹੈ ਅਤੇ ਨਾ ਹੀ ਇਸਦੇ ਇਤਿਹਾਸਕ ਯੋਗਦਾਨ ਨੂੰ ਸਿਰਫ਼ ਇਸ ਕਰਕੇ ਨਕਾਰਿਆ ਜਾਣਾ ਚਾਹੀਦਾ ਹੈ ਕਿ ਇਸ ਦੀਆਂ ਕੁਝ ਪੰਕਤੀਆਂ ਅੱਜ ਦੇ ਸਮਾਜ ਵਿੱਚ ਵੱਖ-ਵੱਖ ਧਾਰਮਿਕ ਸੰਵੇਦਨਾਵਾਂ ਨੂੰ ਛੂਹਦੀਆਂ ਹਨ।

ਇਸਦੀ ਸਭ ਤੋਂ ਵੱਡੀ ਵਿਰਾਸਤ ਸ਼ਾਇਦ ਇਹ ਹੈ ਕਿ ਇਸਨੇ ਇੱਕ ਗੁਲਾਮ ਕੌਮ ਨੂੰ ਆਜ਼ਾਦੀ ਦਾ ਸੁਪਨਾ ਦੇਖਣ ਦੀ ਹਿੰਮਤ ਦਿੱਤੀ।

ਅੱਜ ਸਾਡੀ ਜ਼ਿੰਮੇਵਾਰੀ ਹੈ ਕਿ ਇਸ ਵਿਰਾਸਤ ਨੂੰ ਵੰਡ ਦੀ ਆਵਾਜ਼ ਨਹੀਂ, ਏਕਤਾ ਦੀ ਆਵਾਜ਼ ਬਣਾਈਏ।

ਕਿਉਂਕਿ ਮਾਤ੍ਰਭੂਮੀ ਨੂੰ ਨਮਨ ਕਰਨ ਦਾ ਸਭ ਤੋਂ ਉੱਚਾ ਤਰੀਕਾ ਸਿਰਫ਼ ਇਹ ਕਹਿਣਾ ਨਹੀਂ ਕਿ—
ਵੰਦੇ ਮਾਤਰਮ।
ਸਗੋਂ ਇਹ ਸਾਬਤ ਕਰਨਾ ਹੈ ਕਿ—
ਅਸੀਂ ਇਸ ਮਾਤ੍ਰਭੂਮੀ ਦੇ ਹਰ ਨਾਗਰਿਕ ਦੀ ਇੱਜ਼ਤ ਕਰਦੇ ਹਾਂ।
ਅਸੀਂ ਇਸਦੀ ਆਜ਼ਾਦੀ ਦੀ ਰੱਖਿਆ ਕਰਦੇ ਹਾਂ।
ਅਸੀਂ ਇਸਦੇ ਸੰਵਿਧਾਨ ਦਾ ਸਤਿਕਾਰ ਕਰਦੇ ਹਾਂ।
ਅਸੀਂ ਇਸਦੀ ਵਿਭਿੰਨਤਾ ਨੂੰ ਆਪਣੀ ਤਾਕਤ ਮੰਨਦੇ ਹਾਂ।
ਅਤੇ ਅਸੀਂ ਇਸਦੇ ਭਵਿੱਖ ਨੂੰ ਆਪਣੇ ਵਰਤਮਾਨ ਨਾਲੋਂ ਬਿਹਤਰ ਬਣਾਉਣ ਦੀ ਜ਼ਿੰਮੇਵਾਰੀ ਸਵੀਕਾਰ ਕਰਦੇ ਹਾਂ।

ਇਹੀ ਵੰਦੇ ਮਾਤਰਮ ਦੀ ਸਭ ਤੋਂ ਉੱਚੀ ਅਤੇ ਸਭ ਤੋਂ ਆਧੁਨਿਕ ਵਿਆਖਿਆ ਹੋ ਸਕਦੀ ਹੈ।

ਮਾਤ੍ਰਭੂਮੀ ਨੂੰ ਨਮਨ—ਪਰ ਨਾਲ ਹੀ ਮਾਤ੍ਰਭੂਮੀ ਦੇ ਹਰ ਪੁੱਤਰ-ਧੀ ਨੂੰ ਸਨਮਾਨ।
ਇਹੀ ਰਾਸ਼ਟਰਵਾਦ ਹੈ।
ਇਹੀ ਲੋਕਤੰਤਰ ਹੈ।
ਅਤੇ ਸ਼ਾਇਦ ਇਹੀ 21ਵੀਂ ਸਦੀ ਦੇ ਭਾਰਤ ਦਾ ਅਸਲ ਵਿਜ਼ਨ ਵੀ ਹੈ।

## ਅਜੀਤਪਾਲ ਕੋਹਲੀ ਅਤੇ ਮੇਅਰ ਵਲੋਂ ਨਵਨਿਯੁਕਤ ਜਿਲ੍ਹਾ ਪ੍ਰਧਾਨ ਸ਼ਹਿਰੀ ਨਵਲਦੀਪ ਸਿੰਘ ਦਾ ਸਨਮਾਨ



ਪਟਿਆਲਾ, 22 ਅਗਸਤ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਵੱਲੋਂ ਅੱਜ ਇੱਥੇ ਆਮ ਆਦਮੀ ਪਾਰਟੀ ਦੇ ਜਿਲ੍ਹਾ ਪਟਿਆਲਾ ਸ਼ਹਿਰੀ ਪ੍ਰਧਾਨ ਨਵਲਦੀਪ ਸਿੰਘ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਉਹਨਾਂ ਦੇ ਨਾਲ ਜਗਦੀਪ ਸਿੰਘ ਜੱਗਾ ਸੂਬਾ ਸਕੱਤਰ, ਆਰਤੀ ਗੁਪਤਾ ਜਿਲਾ ਪ੍ਰਧਾਨ ਮਹਿਲਾ ਵਿੰਗ,ਰੂਬੀ ਭਾਟੀਆ ਸ਼ਹਿਰੀ ਪ੍ਰਧਾਨ ਅਤੇ ਮੌਨਕਾ ਸ਼ਰਮਾ ਜਨਰਲ ਸੈਕਟਰੀ ਮਹਿਲਾ ਵਿੰਗ ਵੀ ਮੌਜੂਦ ਸਨ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਉਨਾਂ ਵਲੰਟੀਅਰਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਹੈ ਜਿਨਾਂ ਨੇ ਪਾਰਟੀ ਲਈ ਦਿਨ ਰਾਤ ਕੰਮ ਕੀਤਾ ਹੈ। ਉਹਨਾਂ ਕਿਹਾ ਕਿ ਨਵਲਦੀਪ ਸਿੰਘ ਵੀ ਅਜਿਹੇ ਵਲੰਟੀਅਰਾਂ ਵਿੱਚੋਂ ਹੈ ਜੋ ਪਾਰਟੀ ਦੀ ਚੜ੍ਹਦੀਕਲਾ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਵਿਧਾਇਕ ਕੋਹਲੀ ਨੇ ਕਿਹਾ ਕਿ ਜਦੋਂ ਵੀ ਪਾਰਟੀ ਕਿਸੇ ਵਲੰਟੀਅਰ ਜਾਂ ਆਗੂ ਨੂੰ ਕੋਈ ਉਹਦਾ ਦਿੰਦੀ ਹੈ ਤਾਂ ਉਸਦਾ ਪਾਰਟੀ ਪ੍ਰਤੀ ਯੋਗਦਾਨ ਜਰੂਰ ਦੇਖਿਆ ਜਾਂਦਾ ਹੈ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਹਮੇਸ਼ਾ ਇਹੀ ਸੋਚ ਰਹਿੰਦੀ ਹੈ ਕਿ ਜਿੰਨਾ ਵਲੰਟੀਅਰਾਂ ਨੇ ਪਾਰਟੀ ਲਈ ਕੰਮ ਕੀਤਾ ਅਤੇ ਕਰ ਰਹੇ ਹਨ।

ਉਹਨਾਂ ਦਾ ਮਾਣ ਸਤਿਕਾਰ ਬਹਾਲ ਰੱਖਿਆ ਜਾਣਾ ਚਾਹੀਦਾ ਹੈ। ਇਸ ਲਈ ਨਵਲਦੀਪ ਸਿੰਘ ਵਰਗੇ ਜਿੰਨੇ ਵੀ ਅਜਿਹੇ ਵਲੰਟੀਅਰ ਹਨ ਉਹਨਾਂ ਦਾ ਮਨੋਬਲ ਉੱਚਾ ਚੱਕਣ ਦੇ ਲਈ ਪਾਰਟੀ ਹਮੇਸ਼ਾ ਤਤਪਰ ਹੈ ਅਤੇ ਨਾਵਲਦੀਪ ਸਿੰਘ ਨੂੰ ਜਿਲਾ ਸ਼ਹਿਰੀ ਪ੍ਰਧਾਨ ਬਣਾਏ ਜਾਣਾ ਵੀ ਉਸੇ ਸੋਚ ਦਾ ਹਿੱਸਾ ਹੈ।

## ਮਾਛੀਵਾੜਾ ਪੁਲਿਸ ਵੱਲੋਂ 100 ਗ੍ਰਾਮ ਚਿੱਟੇ ਸਮੇਤ ਇਕ ਵਿਅਕਤੀ ਗ੍ਰਿਫ਼ਤਾਰ

ਮਾਛੀਵਾੜਾ ਸਾਹਿਬ, 22 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਮਾਛੀਵਾੜਾ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਸਪੈਸ਼ਲ ਨਾਕਾਬੰਦੀ ਦੌਰਾਨ ਇੱਕ ਵਿਅਕਤੀ ਨੂੰ 100 ਗ੍ਰਾਮ ਚਿੱਟੇ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਪੁਲਿਸ ਮੁਤਾਬਕ ਗ੍ਰਿਫ਼ਤਾਰ ਕੀਤਾ ਗਿਆ ਵਿਅਕਤੀ ਪਹਿਲਾਂ ਵੀ ਨਸ਼ਾ ਤਸਕਰੀ ਅਤੇ ਸ਼ਰਾਬ ਦੇ ਮਾਮਲੇ ਵਿੱਚ ਪੁਲਿਸ ਦੇ ਹੱਥੇ ਚੜ੍ਹ ਚੁੱਕਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਸਮਰਾਲਾ ਪ੍ਰਿਤਪਾਲ ਸਿੰਘ ਸੰਧੂ ਨੇ ਦੱਸਿਆ ਕਿ ਪੁਲਿਸ ਵੱਲੋਂ ਵਿਸ਼ੇਸ਼ ਨਾਕਾਬੰਦੀ ਕੀਤੀ ਹੋਈ ਸੀ।

## 21 ਸੰਸਥਾਵਾਂ ਵੱਲੋਂ ਭਾਜਪਾ ਦੇ ਨਵੇਂ ਲੁਧਿਆਣਾ ਪ੍ਰਧਾਨ ਸੁਨੀਲ ਮੋਦਗਿਲ ਦਾ ਸਨਮਾਨ



ਲੁਧਿਆਣਾ, 22 ਅਗਸਤ
-ਜਗਮੇਲ ਸਿੰਘ ਢਿਲੋਂ-

ਭਾਜਪਾ ਦੇ ਸੀਨੀਅਰ ਆਗੂ ਗੁਰਦੀਪ ਸਿੰਘ ਗੋਸ਼ਾ ਦੀ ਅਗਵਾਈ ਹੇਠ ਲੁਧਿਆਣਾ ਦੀਆਂ 21 ਵੱਖ-ਵੱਖ ਸੰਸਥਾਵਾਂ ਵੱਲੋਂ ਭਾਜਪਾ ਦੇ ਨਵੇਂ ਲੁਧਿਆਣਾ ਪ੍ਰਧਾਨ ਸੁਨੀਲ ਮੋਦਗਿਲ ਅਤੇ ਪੰਜਾਬ ਭਾਜਪਾ ਕੋਰ ਕਮੇਟੀ ਮੈਂਬਰ ਜੀਵਨ ਗੁਪਤਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੰਸਥਾਵਾਂ ਦੇ ਨੁਮਾਇੰਦਿਆਂ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਸੁਨੀਲ ਮੋਦਗਿਲ ਅਤੇ ਜੀਵਨ ਗੁਪਤਾ ਨੇ ਕਿਹਾ ਕਿ ਲੁਧਿਆਣਾ ਦੇ ਉਦਯੋਗ, ਵਪਾਰ ਅਤੇ ਕਾਰੋਬਾਰ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀ ਸੁਰੱਖਿਆ, ਉਦਯੋਗਿਕ ਵਿਕਾਸ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਾ ਭਾਜਪਾ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹੋਵੇਗਾ। ਗੁਰਦੀਪ ਸਿੰਘ ਗੋਸ਼ਾ ਨੇ ਸੰਸਥਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਜਪਾ ਦੀ ਸਰਕਾਰ ਬਣਨ ’ਤੇ ਵਪਾਰੀ, ਕਿਸਾਨ, ਮਜ਼ਦੂਰ ਅਤੇ ਨੌਜਵਾਨ ਸਮੇਤ ਹਰ ਵਰਗ ਦੀ ਤਰੱਕੀ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ 2027 ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਸਮਾਜ ਦੇ ਹਰ ਵਰਗ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਰਣਜੀਤ ਸਿੰਘ ਬਤਰਾ, ਹਰੀਸ਼ ਦੂਆ, ਜਗਜੀਤ ਸਿੰਘ ਨੀਟਾ, ਕੁਲਦੀਪ ਸਿੰਘ, ਚਿਰਾਗ ਅਰੋੜਾ, ਤਰਲੋਚਨ ਸਿੰਘ, ਜਥੇਦਾਰ ਨਿਰਵੈਰ ਸਿੰਘ, ਪ੍ਰਿੰਸੀਪਲ ਕਸ਼ਮੀਰ ਸਿੰਘ, ਅਮਰੀਕ ਸਿੰਘ ਮੀਕਾ, ਗੁਰਮੁਖ ਸਿੰਘ ਨਾਮਧਾਰੀ, ਕਰਨਵੀਰ ਸਿੰਘ ਬਿਲਖੂ, ਚਰਨਪ੍ਰੀਤ ਸਿੰਘ ਦੂਆ, ਜਗਜੀਤ ਸਿੰਘ ਹੈਪੀ ਮੱਕੜ, ਮਨਪ੍ਰੀਤ ਸਿੰਘ ਦੁਗਰੀ ਆਦਿ ਹਾਜ਼ਰ ਸਨ।






## ਭਗਵੰਤ ਮਾਨ ਨੇ ਡਾਕਟਰ ਮੁਹੰਮਦ ਗੁਲਜ਼ਾਰ ਸਮੇਤ 3 ਕੌਂਸਲਰਾਂ ਨੂੰ ਆਮ ਆਦਮੀ ਪਾਰਟੀ ’ਚ ਕੀਤਾ ਸ਼ਾਮਿਲ



ਮਲੇਰਕੋਟਲਾ, 22 ਅਗਸਤ
-ਰਾਜੇਸ਼ ਸ਼ਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਮਲੇਰਕੋਟਲਾ ਦੇ ਮਸ਼ਹੂਰ ਡਾਕਟਰ ਮੁਹੰਮਦ ਗੁਲਜ਼ਾਰ ਸਹੋਤਾ ਕੁਠਾਲੇ ਵਾਲਿਆਂ ਨੇ ਅੱਜ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਹਾਜ਼ਰੀ ’ਚ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ’ਚ ਸ਼ਾਮਿਲ ਹੋ ਗਏ ਹਨ। ਜ਼ਿਕਰਯੋਗ ਹੈ ਕਿ ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਕੌਂਸਲ ਚੋਣਾਂ ’ਚ ਆਜ਼ਾਦ ਤੌਰ ’ਤੇ ਜਿੱਤੇ 3 ਕੌਂਸਲਰਾਂ ਨੇ ਵੀ ਆਮ ਆਦਮੀ ਪਾਰਟੀ ’ਚ ਸ਼ਮੂਲੀਅਤ ਕੀਤੀਹੈ।

ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਆਮ ਆਦਮੀ ਪਾਰਟੀ ਦੇ ਪਰਿਵਾਰ ’ਚ ਸ਼ਾਮਿਲ ਹੋਏ ਸਾਰੇ ਨਵੇਂ ਮੈਂਬਰਾਂ ਦਾ ਸਨਮਾਨ ਕਰਕੇ ਪਾਰਟੀ ’ਚ ਸਵਾਗਤ ਕੀਤਾ ਅਤੇ ਬਣਦਾ ਮਾਣ-ਸਨਮਾਨ ਦਿੱਤੇ ਜਾਣ ਦਾ ਭਰੋਸਾ ਦਿੱਤਾ। ਇਸ ਮੌਕੇ ਪੰਜਾਬ ਵਕਫ਼ ਬੋਰਡ ਦੇ ਚੇਅਰਮੈਨ ਮੁਹੰਮਦ ਓਵੇਸ, ਆਮ ਆਦਮੀ ਪਾਰਟੀ ਦੇ ਬੁਲਾਰੇ ਆਜ਼ਮ ਦਾਰਾ ਵੀ ਉਚੇਚੇ ਤੌਰ ’ਤੇ ਮੌਜੂਦ ਸਨ।




# 4 ਸਤੰਬਰ ਨੂੰ ਲੱਖੋਵਾਲ ਦੀ ਧਰਤੀ ਤੇ ਚੋਟੀ ਦੇ ਪਹਿਲਵਾਨ ਦਿਖਾਉਣਗੇ ਕੁਸ਼ਤੀਆਂ ਦੇ ਜੌਹਰ, ਦੰਗਲ ਮੇਲੇ ਦਾ ਪੋਸਟਰ ਕੀਤਾ ਗਿਆ ਰਿਲੀਜ਼

**ਮਾਛੀਵਾੜਾ ਸਾਹਿਬ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਿੰਦੋਸਤਾਨ ਦੇ ਪ੍ਰਸਿੱਧ ਦੰਗਲ ਮੇਲਿਆਂ ਵਿੱਚ ਸ਼ੁਮਾਰ ਮਾਛੀਵਾੜਾ ਸਾਹਿਬ ਨਜ਼ਦੀਕ ਪਿੰਡ ਲੱਖੋਵਾਲ ਕਲਾਂ ਅਤੇ ਲੱਖੋਵਾਲ ਖੁਰਦ ਦਾ ਦੰਗਲ ਮੇਲਾ 4 ਸਤੰਬਰ ਦਿਨ ਸ਼ੁੱਕਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਧਾਨ ਜਗਦੀਪ ਸਿੰਘ ਝੱਜ ਅਤੇ ਪ੍ਰਬੰਧਕ ਕਮੇਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੱਖੋਵਾਲ ਕਲਾਂ ਲੱਖੋਵਾਲ ਖੁਰਦ ਦਾ 39 ਵਾਂ ਸਲਾਨਾ ਮੇਲਾ ਸ਼੍ਰੀ ਗੁਗਾ ਜਾਹਰ ਪੀਰ ਦੀ ਯਾਦ ਵਿੱਚ ਉਹਨਾਂ ਦੇ ਪਵਿੱਤਰ ਸਥਾਨ ਗੁੱਗਾ ਮੈੜੀ ਕੋਲ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਚੋਟੀ ਦੇ ਪਹਿਲਵਾਨ ਆਪਣੇ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ। ਅੱਜ ਏਵੀਅਰ ਕਾਨਵੈਂਟ ਸਕੂਲ ਵਿੱਚ ਮੇਲੇ ਨਾਲ ਸੰਬੰਧਿਤ ਪੋਸਟਰ ਰਿਲੀਜ਼ ਕੀਤਾ ਗਿਆ,4 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ , ਅਤੇ ਕੀਰਤਨ ਉਪਰੰਤ ਲੰਗਰ ਅਟੁੱਟ ਵਰਤਾਇਆ ਜਾਵੇਗਾ।ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਮਨਦੀਪ ਸਿੰਘ ,ਭਗਤ ਸਿੰਘ, ਸਿੰਦਰ ਸਿੰਘ ਡੇਰਾ ਨਿਵਾਸੀ ਅਤੇ ਪਿੰਡ ਲੱਖੋਵਾਲ ਕਲਾਂ ਵੱਲੋਂ ਕੀਤੀ ਜਾਵੇਗੀ। ਇੱਕ ਨੰਬਰ ਝੰਡੀ ਦੀ ਕੁਸ਼ਤੀ ਹਰਮਨ ਆਲਮਗੀਰ ਅਤੇ ਇਰਫਾਨ ਇਰਾਨੀ ਵਿਚਕਾਰ ਹੋਵੇਗੀ, ਦੋ ਨੰਬਰ ਝੰਡੀ ਦੀ ਕੁਸ਼ਤੀ ਰੋਡਾ ਜੋਧ ਮਲਕਪੁਰ ਅਤੇ ਹਰਸ਼ ਬਾਬਾ ਫਲਾਈ ਵਿਚਕਾਰ ਕਰਵਾਈ ਜਾਵੇਗੀ। ਨਾਜਰ ਸਿੰਘ ਪੁੱਤਰ ਕੇਸਰ ਸਿੰਘ( ਗਹਿਲੇਵਾਲ ਵਾਲੇ )ਪਹਿਲਵਾਨਾਂ ਲਈ ਸੋਨੇ ਦੀ ਮੁੰਦੀ ਦਾਨ ਵਜੋਂ ਦੇਣਗੇ ,ਜਦਕਿ ਜੁਗਰਾਜ ਸਿੰਘ ਪੁੱਤਰ ਭੁਪਿੰਦਰ ਸਿੰਘ ਗਿਆਸਪੁਰਾ ਵਾਲੇ ਦੇ ਸਪੁੱਤਰ ਲਵਪ੍ਰੀਤ ਸਿੰਘ ਆਸਟਰੇਲੀਆ ਵੱਲੋਂ ਪਹਿਲਵਾਨਾਂ ਲਈ ਮੋਟਰਸਾਈਕਲ ਦਾਨ ਵਜੋਂ ਦਿੱਤਾ ਜਾਵੇਗਾ। ਇਸ ਦੰਗਲ ਮੇਲੇ ਦੀ ਕੁਮੈਂਟਰੀ ਹਰਜੀਤ ਸਿੰਘ ਲੱਲ ਕਲਾਂ, ਨਾਜਰ ਪਹਿਲਵਾਨ ਅਤੇ ਹੀਰਾ ਖੇੜੀ ਹੋਣਗੇ। ਇਸ ਦੰਗਲ ਮੇਲੇ ਦਾ ਲਾਈਵ ਪ੍ਰਸਿੱਧ ਚੈਨਲ ਪਿਓਰ ਪੰਜਾਬੀ ਤੇ ਦਿਖਾਇਆ ਜਾਵੇਗਾ। ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਕਿ ਝੰਡੀ ਦੀ ਕੁਸ਼ਤੀ ਆਰ ਪਾਰ ਦੀ ਕਰਵਾਈ ਜਾਵੇਗੀ। ਸਿਰਫ ਸੱਦਾ ਪੱਤਰ ਵਾਲੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਕਰਵਾਈਆਂ ਜਾਣਗੀਆਂ, 40 ਸਾਲ ਤੋਂ ਉੱਪਰ ਦੇ ਪਹਿਲਵਾਨਾਂ ਦੀ ਕੋਈ ਕੁਸ਼ਤੀ ਨਹੀਂ ਕਰਵਾਈ ਜਾਵੇਗੀ ਅਤੇ ਹੋਰ ਕਰਤੱਬ ਦਿਖਾਉਣ ਦੀ ਮਨਾਹੀ ਹੈ। ਪ੍ਰਬੰਧਕ ਕਮੇਟੀ ਵੱਲੋਂ ਖੇਡ ਪ੍ਰੇਮੀਆਂ ਅਤੇ ਦਰਸ਼ਕਾਂ ਨੂੰ ਇਸ ਦੰਗਲ ਮੇਲੇ ਵਿੱਚ ਪੁੱਜਣ ਲਈ ਹਾਰਦਿਕ ਸੱਦਾ ਦਿੱਤਾ ਗਿਆ।ਇਸ ਮੌਕੇ ਪ੍ਰਧਾਨ ਜਗਦੀਪ ਸਿੰਘ ਝੱਜ, ਮੀਤ ਪ੍ਰਧਾਨ ਗੁਰਜੀਤ ਸਿੰਘ ਮਾਣਕੀ,ਸੈਕਟਰੀ ਕੁਲਵਿੰਦਰ ਸਿੰਘ, ਸੈਕਟਰੀ ਕੁਲਵੀਰ ਸਿੰਘ, ਖਜ਼ਾਨਚੀ ਅਮਰਿੰਦਰ ਸਿੰਘ ਸੰਧੂ, ਖਜ਼ਾਨਚੀ ਗਿਆਨ ਸਿੰਘ ਆਰੇ ਵਾਲੇ, ਮੈਂਬਰਾਨ ਸੁਖਪਾਲ ਸਿੰਘ, ਰਣਜੀਤ ਸਿੰਘ, ਗੁਰਦੀਪ ਸਿੰਘ ਪੰਚ, ਜਸਵਿੰਦਰ ਸਿੰਘ ਭਿੰਦਾ, ਗੁਰਮੀਤ ਸਿੰਘ ਨੋਨੀ ਪੰਚ, ਸਰਪ੍ਰਸਤ ਇੰਸਪੈਕਟਰ ਸ. ਸੁਰਿੰਦਰ ਸਿੰਘ ਗਿੱਲ, ਜਥੇਦਾਰ ਚਰਨਜੀਤ ਸਿੰਘ ਝੱਜ, ਸਰਪ੍ਰਸਤ ਮੋਹਣ ਸਿੰਘ ਝੱਜ, ਅਮਰਜੀਤ ਸਿੰਘ ਤਨੇਜਾ, ਗੁਰਿੰਦਰਪਾਲ ਸਿੰਘ ਪ੍ਰਿੰਸੀਪਲ ਏਵੀਅਰ ਸਕੂਲ ਲੱਖੋਵਾਲ ਕਲਾਂ, ਤਜਿੰਦਰ ਸੀਪਾਲ ਸਿੰਘ (ਚੇਅਰਮੈਨ), ਹਰਜਿੰਦਰਪਾਲ ਸਿੰਘ (ਵਾਈਸ ਚੇਅਰਮੈਨ), ਜਸਕਰਨ ਸਿੰਘ (ਐਡਮਿਨ ਅਫ਼ਸਰ)ਵੀ ਮੌਜੂਦ ਸਨ।



# ਟ੍ਰਾਈਸਿਟੀ ਫੋਟੋ ਆਰਟ ਸੋਸਾਇਟੀ ਵਿਸ਼ਵ ਫੋਟੋਗ੍ਰਾਫੀ ਦਿਵਸ ’ਤੇ ਫੋਟੋ ਪ੍ਰਦਰਸ਼ਨੀ ‘ਦ੍ਰਿਸ਼ਟੀ-2026’ ਆਯੋਜਿਤ ਕਰੇਗ

**ਚੰਡੀਗੜ੍ਹ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਟ੍ਰਾਈਸਿਟੀ ਫੋਟੋ ਆਰਟ ਸੋਸਾਇਟੀ (ਤਪਸ) ਵਿਸ਼ਵ ਫੋਟੋਗ੍ਰਾਫੀ ਦਿਵਸ ਨੂੰ ਮਨਾਉਣ ਲਈ ਆਪਣੀ ਸਾਲਾਨਾ ਫੋਟੋ ਪ੍ਰਦਰਸ਼ਨੀ, ’ਦ੍ਰਿਸ਼ਟੀ-2026’ ਦਾ ਆਯੋਜਨ ਕਰ ਰਹੀ ਹੈ। ਪ੍ਰਦਰਸ਼ਨੀ ਦਾ ਉਦਘਾਟਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਅੱਜ ਦੁਪਹਿਰ 12 ਵਜੇ ਕਰਨਗੇ। ਇਹ ਪੰਜ ਦਿਨਾਂ ਫੋਟੋ ਪ੍ਰਦਰਸ਼ਨੀ 19 ਤੋਂ 23 ਅਗਸਤ ਤੱਕ ਚੰਡੀਗੜ੍ਹ ਦੇ ਸੈਕਟਰ 16 ਸਥਿਤ ਪੰਜਾਬ ਕਲਾ ਭਵਨ ਵਿਖੇ ਪੰਜਾਬ ਲਲਿਤ ਕਲਾ ਅਕੈਡਮੀ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਹੈ। ਪ੍ਰਦਰਸ਼ਨੀ ਦੌਰਾਨ, 20, 21 ਅਤੇ 22 ਅਗਸਤ ਨੂੰ ਫੋਟੋਗ੍ਰਾਫੀ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ’ਤੇ ਤਿੰਨ ਵਰਕਸ਼ਾਪਾਂ ਵੀ ਆਯੋਜਿਤ ਕੀਤੀਆਂ ਜਾਣਗੀਆਂ।

ਇਹ ਜ਼ਿਕਰਯੋਗ ਹੈ ਕਿ ਵਿਸ਼ਵ ਫੋਟੋਗ੍ਰਾਫੀ ਦਿਵਸ ਹਰ ਸਾਲ 22 ਅਗਸਤ ਨੂੰ ਮਨਾਇਆ ਜਾਂਦਾ ਹੈ। ਤਪਸ ਦੀ ਸਥਾਪਨਾ 11 ਸਾਲ ਪਹਿਲਾਂ ਹੋਈ ਸੀ। ਇਸ ਦੌਰਾਨ, ਸੰਗਠਨ ਦੁਆਰਾ ਕਲਾਤਮਕ ਫੋਟੋਗ੍ਰਾਫੀ ਨੂੰ ਉਤਸ਼ਾਹਿਤ ਕਰਨ ਲਈ ਕਈ ਵਿਸ਼ੇਸ਼ ਫੋਟੋ ਪ੍ਰਦਰਸ਼ਨੀਆਂ, ਮੁਕਾਬਲੇ, ਫੋਟੋ ਵਾਕ ਅਤੇ ਵਰਕਸ਼ਾਪਾਂ ਦਾ ਆਯੋਜਨ ਕੀਤਾ ਹੈ। ਸੰਗਠਨ ਦਾ ਟੀਚਾ ਫੋਟੋਗ੍ਰਾਫੀ ਨੂੰ ਸਿਰਫ਼ ਇੱਕ ਸ਼ੌਕ ਵਜੋਂ ਨਹੀਂ, ਸਗੋਂ ਇੱਕ ਕਲਾ ਦੇ ਰੂਪ ਵਜੋਂ ਲੋਕਾਂ ਤੱਕ ਪਹੁੰਚਾਉਣਾ ਹੈ। ਪ੍ਰਦਰਸ਼ਨੀ ਵਿੱਚ ਸੰਗਠਨ ਦੇ 24 ਮੈਂਬਰਾਂ ਦੀਆਂ 60 ਤਸਵੀਰਾਂ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ, ਜੋ ਫੋਟੋ ਪ੍ਰੇਮੀਆਂ ਨੂੰ ਲੈਂਡਸਕੇਪ, ਆਰਕੀਟੈਕਚਰ, ਸਟ੍ਰੀਟ ਲਾਈਫ, ਕੁਦਰਤ, ਜੰਗਲੀ ਜੀਵ, ਗਲਾਸਵਾਰੇ ਫੋਟੋਗ੍ਰਾਫੀ ਅਤੇ ਹੋਰ ਵਿਸ਼ਿਆਂ ’ਤੇ ਸ਼ਾਨਦਾਰ ਕਲਾਤਮਕ ਤਸਵੀਰਾਂ ਦੇਖਣ ਦਾ ਮੌਕਾ ਪ੍ਰਦਾਨ ਕਰੇਗੀ। ਪ੍ਰਦਰਸ਼ਨੀ ਦੌਰਾਨ ਫੋਟੋਗ੍ਰਾਫੀ ਵਰਕਸ਼ਾਪ ਵਿੱਚ 20 ਅਗਸਤ ਨੂੰ ਵਿਨੋਦ ਚੌਹਾਨ ਦੁਆਰਾ ਵਾਇਲਡ ਲਾਈਫ ਫੋਟੋਗ੍ਰਾਫੀ ’ਤੇ, 22 ਅਗਸਤ ਨੂੰ ਬੇਸਿਕਸ ਅਤੇ ਪੋਰਟਰੇਟ ’ਤੇ ਕੈਨਨ ਮਾਹਰ ਦੁਆਰਾ ਅਤੇ 22 ਅਗਸਤ ਨੂੰ ਦੀਪ ਭਾਟੀਆ ਦੁਆਰਾ ਗਲਾਸਵਾਰੇ ਫੋਟੋਗ੍ਰਾਫੀ ’ਤੇ ਪੇਸ਼ਕਾਰੀ ਸ਼ਾਮਲ ਹੋਵੇਗੀ। ਇਸ ਤੋਂ ਇਲਾਵਾ, ਗੋਡੇਕਸ ਅਤੇ ਫਿਊਟੈਕ ਫੋਟੋਗਰਾਫਿਕ ਕੰਪਨੀਆਂ ਆਪਣੇ ਪ੍ਰੋਡਕਟ ਦੀ ਜਾਣਕਾਰੀ ਵੀ ਪ੍ਰਦਾਨ ਕਰਨਗੀਆਂ। ਸਾਰੀਆਂ ਵਰਕਸ਼ਾਪਾਂ ਦੁਪਹਿਰ 2:30 ਵਜੇ ਆਯੋਜਿਤ ਕੀਤੀਆਂ ਜਾਣਗੀਆਂ।

ਟ੍ਰਾਈਸਿਟੀ ਵਿੱਚ ਆਮ ਲੋਕਾਂ ਅਤੇ ਵਿਦਿਆਰਥੀਆਂ ਵਿੱਚ ਫੋਟੋਗ੍ਰਾਫੀ ਪ੍ਰਤੀ ਵਧ ਰਹੀ ਦਿਲਚਸਪੀ ਨੂੰ ਪਛਾਣਦੇ ਹੋਏ, ਤਪਸ ਨੇ ਪ੍ਰਦਰਸ਼ਨੀ ਦੌਰਾਨ ਵਿਸ਼ੇਸ਼ ਮੈਂਬਰਸ਼ਿਪ ਛੋਟਾਂ ਦਾ ਐਲਾਨ ਕੀਤਾ ਹੈ। ਇਸ ਪਹਿਲਕਦਮੀ ਦੇ ਤਹਿਤ, ਆਰਟ ਫੋਟੋਗ੍ਰਾਫੀ ਵਿੱਚ ਦਿਲਚਸਪੀ ਰੱਖਣ ਵਾਲਾ ਕੋਈ ਵੀ ਵਿਅਕਤੀ 1,999 ਵਿੱਚ ਸਾਲਾਨਾ ਮੈਂਬਰਸ਼ਿਪ ਪ੍ਰਾਪਤ ਕਰ ਸਕਦਾ ਹੈ, ਜਦੋਂ ਕਿ ਵਿਦਿਆਰਥੀਆਂ ਲਈ ਫੀਸ ?999 ਹੈ। ਫੋਟੋ ਪ੍ਰਦਰਸ਼ਨੀ ਸਵੇਰੇ 11:00 ਵਜੇ ਤੋਂ ਸ਼ਾਮ 7:00 ਵਜੇ ਤੱਕ ਦਰਸ਼ਕਾਂ ਲਈ ਮੁਫ਼ਤ ਖੁੱਲ੍ਹੀ ਰਹੇਗੀ।

# 4 ਸਤੰਬਰ ਤੱਕ ਦਾਅਵੇ ਤੇ ਇਤਰਾਜ਼ ਦਰਜ ਕਰਵਾ ਕੇ ਆਪਣਾ ਵੋਟ ਹੱਕ ਸੁਰੱਖਿਅਤ ਕਰਨ ਨਾਗਰਿਕ: ਮਨਪ੍ਰੀਤ ਸਿੰਘ

**ਮਾਲੇਰਕੋਟਲਾ, 22 ਅਗਸਤ**
**-ਪ੍ਰੈੱਸ ਕੀ ਤਾਕਤ ਬਿਊਰੋ-**

ਪੰਜਾਬ ਵਿੱਚ ਸਾਲ 2026 ਦੌਰਾਨ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਿਰਫ਼ ਵੋਟਰ ਸੂਚੀਆਂ ਨੂੰ ਅਪਡੇਟ ਕਰਨ ਦੀ ਇੱਕ ਰਸਮੀ ਸਰਕਾਰੀ ਕਾਰਵਾਈ ਨਹੀਂ, ਸਗੋਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਸਮੁੱਚੀ ਚੋਣ ਪ੍ਰਣਾਲੀ ਦੀ ਭਰੋਸੇਯੋਗਤਾ ਅਤੇ ਪਾਰਦਰਸ਼ਤਾ ਨਾਲ ਜੁੜਿਆ ਇੱਕ ਅਤਿ ਮਹੱਤਵਪੂਰਨ ਅਭਿਆਸ ਹੈ।



ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸਮਾਜਿਕ ਚਿੰਤਕ ਅਤੇ ਵਿਸ਼ਲੇਸ਼ਕ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਘਰ—ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਦੀ ਤਸਦੀਕ, ਪੁਰਾਣੇ ਰਿਕਾਰਡ ਨਾਲ ਮਿਲਾਣ ਅਤੇ ਮੌਜੂਦਾ ਵੋਟਰ ਸੂਚੀ ਨੂੰ ਸੁਧਾਰਨ ਦੀ ਇੱਕ ਵਿਸ਼ੇਸ਼ ਪ੍ਰਕਿਰਿਆ ਚਲਾਈ ਗਈ ਹੈ। ਇਸ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਹਰ ਇੱਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸੁਰੱਖਿਅਤ ਰਹੇ ਅਤੇ ਮ੍ਰਿਤਕ, ਸਥਾਈ ਤੌਰ ’ਤੇ ਹੋਰ ਥਾਂ ਸ਼ਿਫ਼ਟ ਹੋ ਗਏ, ਡੁਪਲੀਕੇਟ ਜਾਂ ਹੋਰ ਕਾਰਨਾਂ ਕਰਕੇ ਅਯੋਗ ਹੋ ਚੁੱਕੀਆਂ ਐਂਟਰੀਆਂ ਨੂੰ ਪੂਰੀ ਤਰ੍ਹਾਂ ਦਰੁਸਤ ਕੀਤਾ ਜਾਵੇ।

ਮਨਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਵਿੱਚ ਇਸ ਅਭਿਆਸ ਦਾ ਦੂਜਾ ਪੜਾਅ ਹੁਣ ਖਾਸ ਤੌਰ ’ਤੇ ਚਰਚਾ ਅਤੇ ਗੰਭੀਰਤਾ ਦਾ ਵਿਸ਼ਾ ਬਣ ਚੁੱਕਾ ਹੈ, ਕਿਉਂਕਿ 13 ਅਗਸਤ 2026 ਨੂੰ ਡਰਾਫਟ ਵੋਟਰ ਸੂਚੀ ਜਾਰੀ ਹੋਣ ਨਾਲ ਇਹ ਪ੍ਰਕਿਰਿਆ ਇੱਕ ਨਵੇਂ ਅਤੇ ਬਹੁਤ ਹੀ ਸੰਵੇਦਨਸ਼ੀਲ ਮੋੜ ’ਤੇ ਪਹੁੰਚ ਚੁੱਕੀ ਹੈ।

ਉਨ੍ਹਾਂ ਕਿਹਾ ਕਿ ਵੋਟਰ ਸੂਚੀ ਕਿਸੇ ਵੀ ਲੋਕਤੰਤਰ ਦੀ ਬੁਨਿਆਦੀ ਇਕਾਈ ਹੁੰਦੀ ਹੈ। ਲੋਕਤੰਤਰੀ ਚੋਣ ਵਿੱਚ ਵੋਟ ਪਾਉਣ ਦਾ ਹੱਕ ਤਦ ਹੀ ਅਸਲ ਰੂਪ ਵਿੱਚ ਪ੍ਰਭਾਵਸ਼ਾਲੀ ਬਣਦਾ ਹੈ ਜਦੋਂ ਯੋਗ ਨਾਗਰਿਕ ਦਾ ਨਾਮ ਸਹੀ ਪਤੇ, ਸਹੀ ਫੋਟੋ ਅਤੇ ਦਰੁਸਤ ਵੇਰਵਿਆਂ ਨਾਲ ਦਰਜ ਹੋਵੇ। ਸਮੇਂ ਦੇ ਬੀਤਣ ਨਾਲ ਲੋਕਾਂ ਦੇ ਰਿਹਾਇਸ਼ੀ ਪਤੇ ਬਦਲਦੇ ਹਨ, ਰੋਜ਼ਗਾਰ ਜਾਂ ਪੜ੍ਹਾਈ ਕਾਰਨ ਲੋਕ ਇੱਕ ਸ਼ਹਿਰ ਤੋਂ ਦੂਜੇ ਸ਼ਹਿਰ ਜਾਂ ਰਾਜ ਵਿੱਚ ਚਲੇ ਜਾਂਦੇ ਹਨ, ਕੁਝ ਵੋਟਰਾਂ ਦੀ ਮੌਤ ਹੋ ਜਾਂਦੀ ਹੈ ਅਤੇ ਕਈ ਵਾਰ ਇੱਕੋ ਵਿਅਕਤੀ ਦਾ ਨਾਮ ਇੱਕ ਤੋਂ ਵੱਧ ਥਾਵਾਂ ’ਤੇ ਦਰਜ ਰਹਿ ਜਾਂਦਾ ਹੈ। ਇਸ ਤੋਂ ਇਲਾਵਾ, ਨਵੇਂ 18 ਸਾਲ ਦੇ ਨੌਜਵਾਨ ਨਾਗਰਿਕ ਨਵੇਂ ਵੋਟਰ ਬਣਦੇ ਹਨ। ਇਸ ਆਮ ਸਾਲਾਨਾ ਸੋਧ ਨਾਲੋਂ ਵਧੇਰੇ ਵਿਸਥਾਰਪੂਰਨ ਅਤੇ ਜ਼ਮੀਨੀ ਪੱਧਰ ’ਤੇ ਤਸਦੀਕ ਵਾਲੀ ਡੂੰਘੀ ਪ੍ਰਕਿਰਿਆ ਹੈ, ਜਿਸ ਵਿੱਚ ਪੁਰਾਣੇ ਚੋਣ ਰਿਕਾਰਡ ਨਾਲ ਡਾਟਾ ਮਿਲਾਣ ਅਤੇ ਡਰਾਫਟ ਸੂਚੀ ਜਾਰੀ ਹੋਣ ਉਪਰੰਤ ਨੋਟਿਸ ਤੇ ਤਸਦੀਕ ਦੇ ਪ੍ਰਬੰਧ ਸ਼ਾਮਲ ਹਨ।

ਡਰਾਫਟ ਸੂਚੀ ਵਿੱਚੋਂ ਕਰੀਬ 20.66 ਲੱਖ ਨਾਮ ਹਟਾਏ ਜਾਣ ਦੀ ਖ਼ਬਰ @ਤੇ ਸਥਿਤੀ ਸਪੱਸ਼ਟ ਕਰਦਿਆਂ ਮਨਪ੍ਰੀਤ ਸਿੰਘ ਨੇ ਕਿਹਾ ਕਿ ਇਸ ਅੰਕੜੇ ਕਾਰਨ ਲੋਕਾਂ ਵਿੱਚ ਬੇਲੋੜੀ ਚਿੰਤਾ ਜਾਂ ਭੰਬਲਭੂਸਾ ਪੈਦਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਸਮਝਾਇਆ ਕਿ ਡਰਾਫਟ ਸੂਚੀ ਵਿੱਚੋਂ ਨਾਮ ਹਟਣ ਦਾ ਮਤਲਬ ਇਹ ਕਦਾਚਿਤ ਨਹੀਂ ਕਿ ਕਿਸੇ ਨਾਗਰਿਕ ਦਾ ਵੋਟ ਪਾਉਣ ਦਾ ਹੱਕ ਸਦਾ ਲਈ ਖ਼ਤਮ ਹੋ ਗਿਆ ਹੈ।

# ਵੀ.ਐਸ.ਐਸ.ਐਲ. ਵੱਲੋਂ 4,000 ਵਿਦਿਆਰਥੀਆਂ ਲਈ ਅੰਗਰੇਜ਼ੀ ਸਿੱਖਿਆ ਪ੍ਰੋਗਰਾਮ ਸ਼ੁਰੂ



**ਲੁਧਿਆਣਾ, 22 ਅਗਸਤ**
**-ਜਗਮੇਲ ਸਿੰਘ ਢਿਲੋਂ-**

ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ.) ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਅਤੇ ਅੰਗਰੇਜ਼ੀ ਸਹਾਇਕ ਦੇ ਸਹਿਯੋਗ ਨਾਲ ਸਰਕਾਰੀ ਸਕੂਲਾਂ ਦੇ ਕਰੀਬ 4,000 ਵਿਦਿਆਰਥੀਆਂ ਲਈ ਅੰਗਰੇਜ਼ੀ ਭਾਸ਼ਾ ਸਿੱਖਿਆ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਇਸ ਪ੍ਰੋਜੈਕਟ ਤਹਿਤ ਵਿਦਿਆਰਥੀਆਂ ਨੂੰ ਆਨਲਾਈਨ ਐਪਲੀਕੇਸ਼ਨਾਂ ਅਤੇ ਇੰਟਰਐਕਟਿਵ ਮਾਡਿਊਲਾਂ ਰਾਹੀਂ ਅੰਗਰੇਜ਼ੀ ਸਿੱਖਣ ਦੇ ਮੌਕੇ ਮਿਲਣਗੇ।

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਆਈ.ਏ.ਐਸ. ਨੇ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਤਕਨਾਲੋਜੀ ਆਧਾਰਿਤ ਸਿੱਖਿਆ ਵਿਦਿਆਰਥੀਆਂ ਦੇ ਗਿਆਨ, ਆਤਮ-ਵਿਸ਼ਵਾਸ ਅਤੇ ਭਵਿੱਖੀ ਰੁਜ਼ਗਾਰ ਦੇ ਮੌਕਿਆਂ ਨੂੰ ਮਜ਼ਬੂਤ ਕਰਨ ਵਿੱਚ ਸਹਾਇਕ ਹੋਵੇਗੀ।

ਇਸ ਮੌਕੇ ਵੀ.ਐਸ.ਐਸ.ਐਲ. ਵੱਲੋਂ ਪ੍ਰੋਜੈਕਟ ਲਈ 15 ਲੱਖ ਰੁਪਏ ਦੀ ਸਹਾਇਤਾ ਦਾ ਚੈੱਕ ਅੰਗਰੇਜ਼ੀ ਸਹਾਇਕ ਦੀ ਸ੍ਰੀਮਤੀ ਕਲਪਨਾ ਨੂੰ ਸੌਂਪਿਆ ਗਿਆ। ਵੀ.ਐਸ.ਐਸ.ਐਲ. ਨੇ ਸਿੱਖਿਆ ਅਤੇ ਸਮਾਜਿਕ ਵਿਕਾਸ ਨਾਲ ਜੁੜੀਆਂ ਆਪਣੀਆਂ CSR ਪਹਿਲਕਦਮੀਆਂ ਜਾਰੀ ਰੱਖਣ ਦੀ ਵਚਨਬੱਧਤਾ ਦੁਹਰਾਈ।

# ਟਰੰਪ ਦੇ ਅੜੀਅਲ ਰਵੱਈਏ ਕਾਰਨ ਟੁੱਟੀ ਕੈਨੇਡਾ ਤੇ ਅਮਰੀਕਾ ਵਪਾਰ ਸਮਝੌਤੇ ਦੀ ਗੱਲਬਾਤ

**ਵੈਨਕੂਵਰ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੋ ਹਫ਼ਤਿਆਂ ਤੋਂ ਕੈਨੇਡਾ ਤੇ ਅਮਰੀਕਾ ਵਿਚਾਲੇ ਆਪਸੀ ਵਪਾਰਕ ਸਮਝੌਤਾ ਨਵਿਆਉਣ ਨੂੰ ਲੈ ਕੇ ਚੱਲ ਰਹੀ ਗੱਲਬਾਤ ਆਖਰੀ ਮੌਕੇ ਟੁੱਟ ਗਈ ਹੈ। ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਸਮਝੌਤੇ ਦੇ ਵਿਚਾਰ-ਵਟਾਂਦਰੇ ਲਈ ਭੇਜੀ ਆਪਣੀ ਭਰੋਸੇਯੋਗ ਤੇ ਉੱਚ-ਸ਼ਕਤੀ ਟੀਮ ਵਾਪਸ ਓਟਾਵਾ ਬੁਲਾ ਲਈ ਹੈ। ਉਨ੍ਹਾਂ ਕਿਹਾ ਕਿ ਹੁਣ ਅਮਰੀਕਾ ਦੇ ਡਾਲਰ ਨਾਲ ਡਾਲਰ ਦਾ ਹਿਸਾਬ ਕਰਕੇ ਹੀ ਵਪਾਰ ਅੱਗੇ ਵਧਾਇਆ ਜਾਵੇਗਾ ਅਤੇ ਸ਼ਰਤਾਂ ਅਧੀਨ ਕੋਈ ਗੱਲ ਨਹੀਂ ਕੀਤੀ ਜਾਵੇਗੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਅੱਧੀ ਰਾਤ ਨੂੰ ਅਮਰੀਕਾ ਵੱਲੋਂ ਲਗਾਏ ਜਾਣ ਵਾਲੇ 50% ਟੈਰਿਫ ਨਾਲ ਸਿੱਝ ਲਿਆ ਜਾਵੇਗਾ।

ਕੁਝ ਸਾਲ ਪਹਿਲਾਂ ਦੋਹਾਂ ਦੇਸ਼ਾਂ ਵਿਚਾਲੇ ਹੋਇਆ ਵਪਾਰ ਸਮਝੌਤਾ ਲੰਘੇ ਮੰਗਲਵਾਰ ਤੱਕ ਸੀ, ਪਰ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਇਸ ਦੀ ਮਿਆਦ ਤਿੰਨ ਦਿਨ ਲਈ ਵਧਾਉਂਦੇ ਸਮੇਂ ਐਲਾਨ ਕੀਤਾ ਗਿਆ ਸੀ ਕਿ ਸਮਝੌਤਾ ਹੋ ਚੁੱਕਾ ਹੈ, ਪਰ ਉਸ ਨੂੰ ਲਿਖਤੀ ਰੂਪ ਵਿੱਚ ਲਿਆਉਣ ਲਈ ਇੱਕ-ਦੋ ਦਿਨ ਲੱਗ ਸਕਦੇ ਹਨ। ਇਸ ਦੌਰਾਨ ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਸੂਬਿਆਂ ਦੇ ਮੁੱਖ ਮੰਤਰੀਆਂ ਨੂੰ ਕਿਹਾ ਸੀ ਕਿ ਉਹ ਸ਼ਰਾਬ ਠੇਕੇਦਾਰਾਂ ਨੂੰ ਹੁਕਮ ਦੇ ਕੇ ਅਮਰੀਕੀ ਸ਼ਰਾਬ ਵੇਚਣਾ ਸ਼ੁਰੂ ਕਰਨ। ਪਰ ਅੱਜ ਦੇਰ ਸ਼ਾਮ ਸਮਝੌਤੇ ਦੀਆਂ ਸਾਰੀਆਂ ਉਮੀਦਾਂ ਢਹਿ-ਢੇਰੀ ਹੋ ਗਈਆਂ ਹਨ।



ਪ੍ਰਧਾਨ ਮੰਤਰੀ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਉਹ ਪਿਛਲੇ ਡੇਢ ਸਾਲ ਤੋਂ ਵਪਾਰਕ ਟੈਰਿਫਾਂ ਕਾਰਨ ਖ਼ਰਾਬ ਹੋਏ ਆਪਸੀ ਸਬੰਧ ਸੁਧਾਰਨਾ ਚਾਹੁੰਦੇ ਸਨ, ਪਰ ਉਹ ਇੰਨੇ ਵੀ ਮਜਬੂਰ ਨਹੀਂ ਹਨ ਕਿ ਅਮਰੀਕਾ ਦੀ ਹਰ ਸ਼ਰਤ ਅੱਗੇ ਗੋਡੇ ਟੇਕ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਦੋਹਾਂ ਦੇਸ਼ਾਂ ਵਿਚਾਲੇ ਹੁੰਦੇ ਰਹੇ 28 ਅਰਬ ਡਾਲਰ ਦੇ ਵਪਾਰ ਨੂੰ ਹੋਰ ਦੇਸ਼ਾਂ ਤੱਕ ਫੈਲਾ ਕੇ ਆਪਣੇ ਦੇਸ਼ ਦੀ ਇੰਡਸਟਰੀ ਅਤੇ ਕਾਮਿਆਂ ਦੀ ਹਰ ਪੱਖੋਂ ਬਾਂਹ ਫੜਨਗੇ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ ਹੁਣ ਅਮਰੀਕਾ ਨਾਲ ਡਾਲਰ-ਡਾਲਰ ਦਾ ਹਿਸਾਬ ਕੀਤਾ ਜਾਵੇਗਾ।

ਸ਼ੁੱਕਰਵਾਰ ਦੇਰ ਰਾਤ ਜਾਰੀ ਕੀਤੇ ਬਿਆਨ ਵਿੱਚ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਹਾ ਕਿ ਕੈਨੇਡਾ ਵਪਾਰਕ ਗੱਲਬਾਤ ਹਾਲ ਦੀ ਘੜੀ ਮੁਅੱਤਲ ਕਰ ਰਿਹਾ ਹੈ ਅਤੇ ਸਮਝੌਤਾ ਟੀਮ ਨੂੰ ਵਾਪਸ ਬੁਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਵੱਲੋਂ ਤੈਅਸ਼ੁਦਾ ਸਮਝੌਤੇ ਵਿੱਚ ਐਨ ਮੌਕੇ ’ਤੇ ਪੇਸ਼ ਕੀਤੀਆਂ ਸੋਧਾਂ ਗ਼ੈਰ-ਜ਼ਰੂਰੀ ਅਤੇ ਆਰਥਿਕ ਪੱਖੋਂ ਕੈਨੇਡਾ ਲਈ ਨੁਕਸਾਨਦੇਹ ਤਾਂ ਹਨ ਹੀ, ਨਾਲ ਦੀ ਨਾਲ ਇਹ ਸਮਝੌਤੇ ਦੀ ਭਰੋਸੇਯੋਗਤਾ ਉੱਤੇ ਵੀ ਪ੍ਰਸ਼ਨ ਚਿੰਨ੍ਹ ਲਗਾਉਂਦੀਆਂ ਹਨ। ਪ੍ਰਧਾਨ ਮੰਤਰੀ ਮਾਰਕ ਕਾਰਨੀ, ਜੋ ਖ਼ੁਦ ਵੱਡੇ ਅਰਥਸ਼ਾਸਤਰੀ ਹਨ, ਨੇ ਕਿਹਾ ਕਿ ਕੁਝ ਮਹੀਨਿਆਂ ਵਿੱਚ ਹੋਈ ਅਰਥਚਾਰੇ ਦੀ ਤਰੱਕੀ ਕੈਨੇਡਾ ਦੇ ਉਦੇਸ਼ ਪੂਰੇ ਕਰਨ ਲਈ ਕਾਫ਼ੀ ਨਹੀਂ ਸੀ। ਸੋ ਉਨ੍ਹਾਂ ਦੀ ਸਰਕਾਰ ਉਕਤ ਉਦੇਸ਼ਾਂ ਲਈ ਅਮਰੀਕੀ ਬਾਜ਼ਾਰ ਤੱਕ ਵਿਆਪਕ ਪਹੁੰਚ ਬਰਕਰਾਰ ਰੱਖਣਾ ਚਾਹੁੰਦੀ ਸੀ, ਜਿਸ ਵਿੱਚ ਮੁੱਖ ਖੇਤਰਾਂ ’ਤੇ ਟੈਰਿਫ ਘਟਾਉਣਾ ਅਤੇ ਕੈਨੇਡੀਅਨ ਕਾਰੋਬਾਰਾਂ ਦੀ ਸੁਰੱਖਿਆ ਕਰਨਾ ਸ਼ਾਮਲ ਸੀ, ਪਰ ਤਮਾਮ ਯਤਨਾਂ ਦੇ ਬਾਵਜੂਦ ਇੰਜ ਨਹੀਂ ਹੋ ਸਕਿਆ। ਉਨ੍ਹਾਂ ਕੈਨੇਡਿਆਈ ਲੋਕਾਂ ਨੂੰ ਕਿਹਾ ਕਿ ਘਬਰਾਉਣ ਦੀ ਲੋੜ ਨਹੀਂ ਹੈ, ਕੈਨੇਡਾ ਜਲਦੀ ਹੀ ਆਲਮੀ ਪੱਧਰ ’ਤੇ ਹੋਰ ਦੇਸ਼ਾਂ ਨਾਲ ਵਪਾਰਕ ਸਮਝੌਤੇ ਕਰਕੇ ਇਹ ਘਾਟ ਪੂਰੀ ਕਰ ਲਵੇਗਾ।

# ਪੰਜਾਬ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੀ ਜਿੱਤ ਹਾਸਲ ਕਰੇਗੀ : ਐਡਵੋਕੇਟ ਬਿਕਰਮ ਸਿੰਘ ਸਿੱਧੂ

**ਲੁਧਿਆਣਾ, 22 ਅਗਸਤ**
**-ਜਗਮੇਲ ਸਿੰਘ ਢਿਲੋਂ-**

ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਕੇਂਦਰੀ ਭਾਜਪਾ ਹਾਈਕਮਾਨ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਰਾਸ਼ਟਰੀ ਭਾਜਪਾ ਪ੍ਰਧਾਨ ਸ੍ਰੀ ਨਿਤਿਨ ਨਬੀਨ, ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਪੰਜਾਬ ਦੀ 2027 ਦੀ ਵਿਧਾਨ ਸਭਾ ਚੋਣ ਨੂੰ ਵਿਸ਼ੇਸ਼ ਮਹੱਤਤਾ ਦਿੱਤੀ ਜਾ ਰਹੀ ਹੈ। ਪੰਜਾਬ ਤੋਂ ਸ੍ਰੀ ਮਨਪ੍ਰੀਤ ਸਿੰਘ ਬਾਦਲ ਅਤੇ ਸ੍ਰੀ ਤਰੁਣ ਚੁੱਘ ਨੂੰ ਰਾਸ਼ਟਰੀ ਪੱਧਰ ’ਤੇ ਮਿਲੀਆਂ ਅਹਿਮ ਜ਼ਿੰਮੇਵਾਰੀਆਂ ਨਾਲ ਪੰਜਾਬ ਭਾਜਪਾ ਨੂੰ ਹੋਰ ਮਜ਼ਬੂਤੀ ਮਿਲੀ ਹੈ।



ਪੰਜਾਬ ਭਾਜਪਾ ਦੀ ਅਗਵਾਈ ਲਈ ਤਜਰਬੇਕਾਰ ਆਗੂ ਸ੍ਰੀ ਕੇਵਲ ਸਿੰਘ ਢਿੱਲੋਂ, ਪ੍ਰਭਾਰੀ ਡਾ. ਸਤੀਸ਼ ਪੂਨੀਆ ਅਤੇ ਸੰਗਠਨ ਇੰਚਾਰਜ ਮੰਥਰੀ ਸ੍ਰੀਨਿਵਾਸਲੂ ਨੂੰ ਜ਼ਿੰਮੇਵਾਰੀ ਸੌਂਪ ਕੇ ਕੇਂਦਰੀ ਹਾਈਕਮਾਨ ਨੇ ਸੂਬੇ ਵਿੱਚ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ ’ਤੇ ਹੋਰ ਮਜ਼ਬੂਤ ਕਰਨ ਦਾ ਸਪੱਸ਼ਟ ਸੰਦੇਸ਼ ਦਿੱਤਾ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲੁਧਿਆਣਾ ਹਲਕਾ ਪੱਛਮੀ ਤੋਂ ਭਾਜਪਾ ਦੇ ਦਾਅਵੇਦਾਰ ਐਡਵੋਕੇਟ ਬਿਕਰਮ ਸਿੰਘ ਸਿੱਧੂ ਨੇ ਚੋਣਵੇਂ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ 2027 ਦੀ ਵਿਧਾਨ ਸਭਾ ਚੋਣ ਇਸ ਲਈ ਬੇਹੱਦ ਅਹਿਮ ਹੈ ਕਿਉਂਕਿ ਸੂਬੇ ਦੇ ਲੋਕ ਅਜਿਹੀ ਸਰਕਾਰ ਦੀ ਉਮੀਦ ਕਰ ਰਹੇ ਹਨ ਜੋ ਸਥਿਰ, ਇਮਾਨਦਾਰ, ਜਵਾਬਦੇਹ ਅਤੇ ਪਾਰਦਰਸ਼ੀ ਢੰਗ ਨਾਲ ਪੰਜਾਬ ਦੇ ਹਿੱਤਾਂ ਲਈ ਕੰਮ ਕਰੇ।

ਐਡਵੋਕੇਟ ਸਿੱਧੂ ਨੇ ਕਿਹਾ ਕਿ ਪੰਜਾਬ ਨੂੰ ਸਿਰਫ਼ ਸੱਤਾ ਤਬਦੀਲੀ ਦੀ ਨਹੀਂ, ਸਗੋਂ ਅਜਿਹੀ ਰਾਜਨੀਤਿਕ ਪਾਰਟੀ ਦੀ ਲੋੜ ਹੈ ਜੋ ਪੰਜਾਬ ਦੀਆਂ ਹਕੀਕਤਾਂ, ਲੋਕਾਂ ਦੀਆਂ ਲੋੜਾਂ, ਸਮੱਸਿਆਵਾਂ ਅਤੇ ਭਾਵਨਾਵਾਂ ਨੂੰ ਡੂੰਘਾਈ ਨਾਲ ਸਮਝਦੀ ਹੋਵੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਮਾਜਿਕ, ਧਾਰਮਿਕ ਅਤੇ ਆਰਥਿਕ ਮੁੱਦਿਆਂ ਦੇ ਨਾਲ-ਨਾਲ ਪ੍ਰਵਾਸ ਅਤੇ ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ ਨੂੰ ਵੀ ਗੰਭੀਰਤਾ ਨਾਲ ਸਮਝਣ ਅਤੇ ਹੱਲ ਕਰਨ ਦੀ ਲੋੜ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਕਰਜ਼ੇ, ਬੇਰੁਜ਼ਗਾਰੀ, ਗੈਂਗਸਟਰਵਾਦ ਅਤੇ ਭ੍ਰਿਸ਼ਟਾਚਾਰ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਆਮ ਲੋਕਾਂ, ਵਪਾਰੀਆਂ ਅਤੇ ਕਾਰੋਬਾਰੀ ਵਰਗ ਵਿੱਚ ਚਿੰਤਾ ਦਾ ਮਾਹੌਲ ਹੈ। ਫਿਰੌਤੀ ਕਲਚਰ ਨੇ ਵਪਾਰੀ ਵਰਗ ਦੀਆਂ ਮੁਸ਼ਕਲਾਂ ਵਧਾਈਆਂ ਹਨ, ਜਦਕਿ ਮੁਲਾਜ਼ਮ, ਮਜ਼ਦੂਰ, ਬੇਰੁਜ਼ਗਾਰ ਨੌਜਵਾਨ, ਪੈਨਸ਼ਨਰ ਅਤੇ ਕਿਸਾਨ ਜਥੇਬੰਦੀਆਂ ਆਪਣੀਆਂ ਮੰਗਾਂ ਲਈ ਧਰਨੇ ਦੇਣ ਲਈ ਮਜਬੂਰ ਹਨ।

ਐਡਵੋਕੇਟ ਬਿਕਰਮ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਅਜਿਹੀ ਸਰਕਾਰ ਚਾਹੁੰਦੇ ਹਨ ਜੋ ਸੂਬੇ ਵਿੱਚ ਕਾਨੂੰਨ ਦਾ ਰਾਜ, ਰੁਜ਼ਗਾਰ ਦੇ ਮੌਕੇ, ਉਦਯੋਗਿਕ ਵਿਕਾਸ, ਨੌਜਵਾਨਾਂ ਲਈ ਉੱਜਵਲ ਭਵਿੱਖ ਅਤੇ ਹਰ ਵਰਗ ਲਈ ਇਨਸਾਫ਼ ਯਕੀਨੀ ਬਣਾਏ।

ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਵਿੱਚ ਭਾਜਪਾ ਦੀ ਡਬਲ ਇੰਜਣ ਸਰਕਾਰ ਹੀ ਪੰਜਾਬ ਨੂੰ ਵਿਕਾਸ, ਨਿਵੇਸ਼, ਰੁਜ਼ਗਾਰ ਅਤੇ ਖੁਸ਼ਹਾਲੀ ਦੇ ਰਾਹ ’ਤੇ ਮੁੜ ਲਿਜਾਣ ਦੇ ਸਮਰੱਥ ਹੈ।

# ਪੰਜਾਬ ਦੀ ਭਾਈਚਾਰਕ ਸਾਂਝ ਲਈ ਦੋਵਾਂ ਧਿਰਾਂ ਦਾ ਇਕੱਠੇ ਹੋਣਾ ਜ਼ਰੂਰੀ: ਮਜੀਠੀਆ

**ਨਵੀਂ ਦਿੱਲੀ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਅੱਜ ਅਕਾਲੀ-ਭਾਜਪਾ ਗੱਠਜੋੜ ਨੂੰ ਲੈ ਕੇ ਵੱਡਾ ਬਿਆਨ ਦਿੰਦਿਆਂ ਕਿਹਾ ਹੈ ਕਿ ਪੰਜਾਬ ਦੇ ਲੋਕ ਚਾਹੁੰਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਮੁੜ ਇੱਕਜੁੱਟ ਹੋਣ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸਬੰਧੀ ਆਉਣ ਵਾਲੇ ਸਮੇਂ ਵਿੱਚ ਸਥਿਤੀ ਪੂਰੀ ਤਰ੍ਹਾਂ ਸਾਫ਼ ਹੋ ਜਾਵੇਗੀ ਅਤੇ ਦੋਵਾਂ ਪਾਰਟੀਆਂ ਦੀ ਉੱਚ ਲੀਡਰਸ਼ਿਪ ਆਪਸ ਵਿੱਚ ਬੈਠ ਕੇ ਇਸ ਬਾਰੇ ਅੰਤਿਮ ਫੈਸਲਾ ਲਵੇਗੀ। ਮਜੀਠੀਆ ਨੇ ਅੱਗੇ ਕਿਹਾ ਕਿ ਖੇਤੀ ਕਾਨੂੰਨਾਂ ਦੇ ਵਿਵਾਦ ਤੋਂ ਬਾਅਦ ਦੋਵਾਂ ਪਾਰਟੀਆਂ ਦੇ ਰਾਹ ਵੱਖ-ਵੱਖ ਹੋ ਗਏ ਸਨ, ਪਰ ਅੱਜ ਪੰਜਾਬ ਦੀਆਂ ਸਥਿਤੀਆਂ ਬਦਲ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਦਿਨ-ਬ-ਦਿਨ ਵਿਗੜ ਰਹੀ ਕਾਨੂੰਨ ਤੇ ਵਿਵਸਥਾ (ਲਾਅ ਐਂਡ ਆਰਡਰ) ਦੀ ਸਥਿਤੀ ਅਤੇ ਹੋਰ ਗੰਭੀਰ ਮੁੱਦਿਆਂ ਨੂੰ ਦੇਖਦਿਆਂ ਪੰਜਾਬ ਦੇ ਲੋਕ ਇਹ ਮੰਗ ਕਰ ਰਹੇ ਹਨ ਕਿ ਦੋਵਾਂ ਧਿਰਾਂ ਨੂੰ ਮੁੜ ਇੱਕ ਨਾਲ ਆਉਣਾ ਚਾਹੀਦਾ ਹੈ।



ਆਪਣੀ ਭੈਣ ਅਤੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਵੱਲੋਂ ਭਾਜਪਾ ਦੀ ਅਗਵਾਈ ਵਾਲੇ ਐੱਨਡੀਏ (NDA) ਵਿੱਚ ਵਾਪਸੀ ਦੇ ਦਿੱਤੇ ਸੰਕੇਤ ਤੋਂ ਇੱਕ ਦਿਨ ਬਾਅਦ, ਮਜੀਠੀਆ ਨੇ ਕਿਹਾ ਕਿ ਇਹ ਗੱਠਜੋੜ ਅੱਜ ਸੂਬੇ ਦੇ ਲੋਕਾਂ ਦੀ ਪੁਰਜ਼ੋਰ ਮੰਗ ਹੈ।

ਉਨ੍ਹਾਂ ਕਿਹਾ, ਹਰਸਿਮਰਤ ਕੌਰ ਬਾਦਲ ਨੇ ਸੰਕੇਤ ਦਿੱਤਾ ਹੈ ਅਤੇ ਲੋਕ ਵੀ ਇਹੀ ਚਾਹੁੰਦੇ ਹਨ। ਵਾਜਪਾਈ ਸਾਹਿਬ ਅਤੇ ਬਾਦਲ ਸਾਹਿਬ ਦਾ ਗੱਠਜੋੜ ਭਾਈਚਾਰੇ, ਅਮਨ-ਸ਼ਾਂਤੀ ਅਤੇ ਹਿੰਦੂ-ਸਿੱਖ ਏਕਤਾ ’ਤੇ ਅਧਾਰਿਤ ਸੀ, ਜੋ ਪੰਜਾਬ ਅਤੇ ਕੇਂਦਰ ਦੋਵਾਂ ਥਾਵਾਂ ’ਤੇ ਬੇਹੱਦ ਸਫ਼ਲ ਰਿਹਾ।

ਮਜੀਠੀਆ ਨੇ ਅੱਗੇ ਕਿਹਾ ਕਿ ਖੇਤੀ ਕਾਨੂੰਨਾਂ ਤੋਂ ਬਾਅਦ ਦੋਵਾਂ ਪਾਰਟੀਆਂ ਦੇ ਰਾਹ ਵੱਖ-ਵੱਖ ਹੋ ਗਏ ਸਨ, ਜੋ ਕਿ ਇੱਕ ਇਤਿਹਾਸਕ ਤੱਥ ਹੈ। ਉਨ੍ਹਾਂ ਕਿਹਾ, ਅੱਜ ਪੰਜਾਬ ਦੇ ਸਰਹੱਦੀ ਹਾਲਾਤ, ਬਿਗੜ ਰਹੀ ਲਾਅ ਐਂਡ ਆਰਡਰ ਸਥਿਤੀ, ਹੋਰ ਮੁੱਖ ਮੁੱਦਿਆਂ, ਵਿਕਾਸ ਅਤੇ ਰੁਜ਼ਗਾਰ ਨੂੰ ਦੇਖਦਿਆਂ ਲੋਕ ਮੰਗ ਕਰ ਰਹੇ ਹਨ ਕਿ ਸਾਨੂੰ ਮੁੜ ਇੱਕਠੇ ਹੋਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਹਰਸਿਮਰਤ ਕੌਰ ਬਾਦਲ ਨੇ ਵੀ ਬੀਤੇ ਦਿਨ ਬਿਆਨ ਦਿੱਤਾ ਸੀ ਕਿ ਪੰਜਾਬ ਦੇ ਵਿਕਾਸ, ਪ੍ਰਗਤੀ ਅਤੇ ਲੋਕਾਂ ਦੀ ਭਲਾਈ ਲਈ ਜੋ ਗੱਠਜੋੜ ਪਹਿਲਾਂ ਮਦਦਗਾਰ ਸਾਬਤ ਹੋਏ ਸਨ, ਉਨ੍ਹਾਂ ਨੂੰ ਮੁੜ ਸੁਰਜੀਤ ਕੀਤਾ ਜਾਣਾ ਚਾਹੀਦਾ ਹੈ।

# ਰੱਖੜ ਪੁੰਨਿਆਂ ਦੇ ਸ਼ੁਭ ਮੌਕੇ ਤੇ 28 ਅਗਸਤ ਨੂੰ ਹੋਵੇਗਾ ਮੰਡ ਸੇਰੀਆਂ ਮੰਡ ਸੁੱਖੇਵਾਲ ਦਾ ਵਿਸ਼ਾਲ ਦੰਗਲ ਮੇਲਾ

**ਮਾਛੀਵਾੜਾ ਸਾਹਿਬ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੀ ਗੁਰੂਆਂ ਪੀਰਾਂ ਦੀ ਇਲਾਹੀ ਪਾਵਨ ਤੇ ਪਵਿੱਤਰ ਧਰਤੀ ਤੇ ਆਏ ਦਿਨ ਮੇਲੇ ਤੇ ਤਿਉਹਾਰ ਮਨਾਏ ਜਾਂਦੇ ਹਨ ਕਿਉਂਕਿ ਕਿਸੇ ਕਿਹਾ ਕਿ ਪੰਜਾਬੀ ਦੁਨੀਆਂ ਤੇ ਆਏ ਹੀ ਮੇਲੇ ਮਨਾਉਣ ਹਨ। ਇਨ੍ਹਾਂ ਮੇਲਿਆਂ ਦੀ ਕਤਾਰ ਵਿੱਚ ਮਾਛੀਵਾੜਾ ਬਲਾਕ ਦੇ ਪਿੰਡ ਮੰਡ ਸੁੱਖੇਵਾਲ, ਮੰਡ ਸ਼ੇਰੀਆ, ਦਾ ਦੰਗਲ ਮੇਲਾ ਵੀ ਮੋਹਰੀ ਗਿਣਿਆ ਜਾਂਦਾ ਹੈ ਜੋ ਨੇੜਲੇ ਪਿੰਡਾਂ ਮੰਡ ਜੋਧੇਵਾਲ, ਮੰਡ ਗੌਂਸਗੜ੍ਹ, ਧੰਨੂਰ, ਮੁਬਾਰਕਪੁਰ,ਚੱਕਲੀ ਮੰਗਾ,ਬੁਰਜ ਸੇਰਪੁਰ, ਜੋਧਵਾਲ ਪਿੰਡਾਂ ਦੇ ਸਹਿਯੋਗ ਨਾਲ ਕਰਵਾਇਆ ਜਾਂਦਾ ਹੈ।ਮਾਛੀਵਾੜਾ ਬਲਾਕ ਦਾ ਰੱਖੜ ਪੁੰਨਿਆ ਤੇ ਧੰਨ ਧੰਨ ਖ਼ਵਾਜਾ ਪੀਰ ਜੀ ਦੀ ਯਾਦ ਨੂੰ ਸਮਰਪਿਤ ਕਰਵਾਇਆ ਜਾਣ ਵਾਲਾ ਇਹ ਸੰਸਾਰ ਪ੍ਰਸਿੱਧ ਦੰਗਲ ਮੇਲਾ 28 ਅਗਸਤ ਨੂੰ ਮਨਾਇਆ ਜਾਵੇਗਾ।

ਮੁੱਖ ਪ੍ਰਬੰਧਕ ਅਤੇ ਖੇਡ ਪ੍ਰਮੋਟਰ ਸਰਪੰਚ ਪ੍ਰਿਤਪਾਲ ਸਿੰਘ ਪੋਲਾ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਨੇ ਦੱਸਿਆ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰੱਖੜੀ ਦੇ ਸ਼ੁਭ ਦਿਹਾੜੇ ਤੇ ਨਜ਼ਦੀਕੀ ਪਿੰਡਾਂ ਤੇ ਐਨ.ਆਰ. ਆਈ. ਵੀਰਾਂ ਦੇ ਵੱਡੇ ਸਹਿਯੋਗ ਨਾਲ ਇਹ ਦੰਗਲ ਮਿਲਾ ਕਰਵਾਇਆ ਜਾ ਰਿਹਾ ਜਿਸ ਵਿੱਚ ਤਾਲਿਬ ਬਾਬਾ ਫਲਾਹੀ, ਗੌਰਵ ਮਾਛੀਵਾੜਾ, ਜੋਂਟੀ ਗੁੱਜਰ, ਇਸਾਨ ਵੀਰ ਕੋਹਾਲੀ, ਸਾਹਿਲ ਕੋਹਾਲੀ, ਨਿਸ਼ਾਂਤ ਬਾਬਾ ਫਲਾਹੀ, ਗੁਰਨਾਮ ਬਾਬਾ ਫਲਾਹੀ ਸਮੇਤ ਉੱਚ ਕੋਟੀ ਦੇ ਪਹਿਲਵਾਨ ਆਪਣੀਆਂ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ।ਇਸ ਦੰਗਲ ਮੇਲੇ ਵਿੱਚ ਪਹਿਲਵਾਨਾਂ ਨੂੰ ਲੱਖਾਂ ਰੁਪਏ ਨਕਦੀ ਦੇ ਰੂਪ ਵਿੱਚ ਇਨਾਮ ਦਿੱਤੇ ਜਾਣਗੇ। ਪ੍ਰਬੰਧ ਪ੍ਰਬੰਧਕ ਕਮੇਟੀ ਵੱਲੋਂ ਦਰਸ਼ਕਾਂ ਖੇਡ ਪ੍ਰੇਮੀਆਂ ਅਤੇ ਪਹਿਲਵਾਨ ਵੀਰਾਂ ਨੂੰ ਇਸ ਦੰਗਲ ਮੇਲੇ ਵਿੱਚ ਪੁੱਜਣ ਦੀ ਅਪੀਲ ਹੈ।

ਇਸ ਦੰਗਲ ਮੇਲੇ ਵਿੱਚ ਨਿੱਜੀ ਕਰਤੱਬ ਦਿਖਾਉਣ ਦੀ ਮਨਾਹੀ ਹੋਵੇਗੀ, ਅਤੇ ਇਸ ਦੰਗਲ ਮੇਲੇ ਦਾ ਲਾਈਵ ਪ੍ਰਸਾਰਨ ਪ੍ਰਸਿੱਧ ਚੈਨਲ ਪਿਓਰ ਪੰਜਾਬੀ ਤੇ ਦਿਖਾਇਆ ਜਾਵੇਗਾ।






ਸਿਹਤ ਮੰਤਰੀ ਨੇ ਲੋਕਾਂ ਦੀ ਸੂਚਨਾ 'ਤੇ ਖੁਦ ਪਿੰਡ ਕਸਿਆਣਾ ਪੁੱਜ ਕੇ ਦਬੋਚਿਆ ਨਸ਼ਾ ਤਸਕਰ

# ਨਸ਼ਾ ਤਸਕਰਾਂ ਦੀ ਖ਼ੈਰ ਨਹੀਂ, ਭਗਵੰਤ ਮਾਨ ਸਰਕਾਰ ਨਸ਼ਿਆਂ ਵਿਰੁੱਧ ਜੰਗੀ ਪੱਧਰ 'ਤੇ ਕਾਰਵਾਈ ਜਾਰੀ : ਡਾ. ਬਲਬੀਰ ਸਿੰਘ



**ਪਟਿਆਲਾ, 22 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸ਼ਾਮ ਆਪਣੇ ਹਲਕੇ ਪਟਿਆਲਾ ਦਿਹਾਤੀ ਦੇ ਪਿੰਡ ਕਸਿਆਣਾ ਵਿਖੇ ਪਿੰਡ ਵਾਸੀਆਂ ਵੱਲੋਂ ਮਿਲੀ ਸੂਚਨਾ ਦੇ ਆਧਾਰ 'ਤੇ ਖੁਦ ਮੌਕੇ 'ਤੇ ਪਹੁੰਚ ਕੇ ਇੱਕ ਕਥਿਤ ਨਸ਼ਾ ਤਸਕਰ ਨੂੰ ਨਸ਼ਾ ਸਪਲਾਈ ਕਰਦਿਆਂ ਕਾਬੂ ਕਰਵਾਇਆ ਅਤੇ ਪੁਲਿਸ ਦੇ ਹਵਾਲੇ ਕੀਤਾ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਸੂਚਨਾ ਦਿੱਤੀ ਗਈ ਸੀ ਕਿ ਪਿੰਡ ਵਿੱਚ ਇੱਕ ਵਿਅਕਤੀ ਵੱਲੋਂ ਨਸ਼ੇ ਦੀ ਸਪਲਾਈ ਕੀਤੀ ਜਾ ਰਹੀ ਹੈ। ਸੂਚਨਾ ਮਿਲਦਿਆਂ ਹੀ ਉਨ੍ਹਾਂ ਨੇ ਆਪਣੇ ਸੁਰੱਖਿਆ ਕਰਮਚਾਰੀਆਂ ਨੂੰ ਤੁਰੰਤ ਪਿੰਡ ਭੇਜਿਆ ਅਤੇ ਖੁਦ ਵੀ ਮੌਕੇ 'ਤੇ ਪਹੁੰਚੇ।

ਉਨ੍ਹਾਂ ਪੁਲਿਸ ਨੂੰ ਸਖ਼ਤ ਹਦਾਇਤ ਕੀਤੀ ਕਿ ਨਸ਼ਾ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨਾਲ ਕੋਈ ਨਰਮੀ ਨਾ ਵਰਤੀ ਜਾਵੇ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ੇ ਦੀ ਲਤ ਦਾ ਸ਼ਿਕਾਰ ਲੋਕਾਂ ਨੂੰ ਇਲਾਜ ਅਤੇ ਮੁੜ ਵਸੇਬੇ ਦੇ ਮੌਕੇ ਵੀ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਨਸ਼ਾ ਕਰਨ ਵਾਲਾ ਵਿਅਕਤੀ ਸੱਚਾਈ ਸਾਹਮਣੇ ਲਿਆਉਣ ਅਤੇ ਨਸ਼ਾ ਛੱਡਣ ਲਈ ਤਿਆਰ ਹੈ ਤਾਂ ਸਰਕਾਰ ਉਸ ਦਾ ਇਲਾਜ ਕਰਵਾਉਣ ਅਤੇ ਉਸ ਨੂੰ ਹੁਨਰਮੰਦ ਬਣਾ ਕੇ ਰੋਜ਼ਗਾਰ ਨਾਲ ਜੋੜਨ ਲਈ ਹਰ ਸੰਭਵ ਸਹਾਇਤਾ ਕਰੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਸਪੱਸ਼ਟ ਸੁਨੇਹਾ ਹੈ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ, ਜਦਕਿ ਨਸ਼ੇ ਦੀ ਲਤ ਤੋਂ ਪੀੜਤ ਵਿਅਕਤੀਆਂ ਨੂੰ ਇਲਾਜ, ਕਾਊਂਸਲਿੰਗ ਅਤੇ ਮੁੜ ਵਸੇਬੇ ਰਾਹੀਂ ਮੁੱਖ ਧਾਰਾ ਵਿੱਚ ਲਿਆਂਦਾ ਜਾਵੇਗਾ।

ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰੀ ਜਾਂ ਨਸ਼ਿਆਂ ਦੀ ਸਪਲਾਈ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ।

ਉਨ੍ਹਾਂ ਪਿੰਡ ਵਾਸੀਆਂ ਵੱਲੋਂ ਦਿਤੀ ਗਈ ਜਾਣਕਾਰੀ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਇਸ ਮੌਕੇ ਡੀ ਐਸ ਪੀ ਜੰਗ ਜੀਤ ਸਿੰਘ ਰੰਧਾਵਾ ਵੀ ਮੌਜੂਦ ਸਨ।

## ਟੀਮ ਹਿਊਮਨ ਸਰਵਿਸ ਸੋਸਾਇਟੀ ਵੱਲੋਂ ਇਨਚਾਰਜ ਡਕਾਲਾ ਚੌਂਕੀ ਰਾਮਕਰਨ ਨੂੰ ਸਨਮਾਨਿਤ




**ਪਟਿਆਲਾ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਟੀਮ ਹਿਊਮਨ ਸਰਵਿਸ ਸੋਸਾਇਟੀ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਤੇ ਉਨ੍ਹਾਂ ਦੀ ਟੀਮ ਵੱਲੋਂ ਬਹੁਤ ਹੀ ਇਮਾਨਦਾਰ ਸਮਾਜ ਸੇਵੀ ਦੇ ਇਨਚਾਰਜ ਡਕਾਲਾ ਚੌਂਕੀ ਨੂੰ ਸਨਮਾਨ ਚਿੰਨ ਤੇ ਸਿਰੋਪਾ ਪਾ ਕੇ ਸਨਮਾਨਿਤ ਕੀਤਾ ਗਿਆ। ਜਤਿੰਦਰ ਸ਼ਰਮਾ ਨੇ ਦੱਸਿਆ ਕਿ ਉਹ ਇੱਕ ਪੁਲਿਸ ਅਧਿਕਾਰੀ ਹੋਣ ਦੇ ਨਾਲ ਇੱਕ ਸਮਾਜ ਸੇਵੀ ਵੀ ਹਨ। ਉਹ ਸਾਡੀ ਟੀਮ ਦਾ ਸਮਾਜ ਸੇਵਾ ਵਿੰਚ ਬਹੁਤ ਸਾਥ ਦਿੰਦੇ ਹਨ।

ਉਨ੍ਹਾਂ ਦੇ ਆਉਣ ਨਾਲ ਡਕਾਲਾ ਵਾਸੀ ਬਹੁਤ ਖੁਸ਼ ਹਨ ਉਨ੍ਹਾਂ ਨੇ ਗਲਤ ਅਨਸਰਾਂ ਦੇ ਨੱਥ ਪਾਈ ਹੈ। ਉਹ ਕਈ ਥਾਣਿਆਂ ਵਿੱਚ ਇੰਨਚਾਰਜ ਰਹਿ ਚੁੱਕੇ ਹਨ। ਇਨ੍ਹਾਂ ਵਰਗੇ ਵਧੀਆ ਤੇ ਚੰਗੇ ਕੰਮ ਕਰਨ ਵਾਲੇ ਅਫਸਰ ਪੂਰੇ ਪੰਜਾਬ ਵਿੱਚ ਲਗਣੇ ਚਾਹੀਦੇ ਹਨ। ਉਨ੍ਹਾਂ ਦੇ ਚੰਗੇ ਕੰਮਾਂ ਨੂੰ ਦੇਖਦੇ ਹੋਏ ਸਾਡੀ ਟੀਮ ਵਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ ਹੈ। ਅਸੀਂ ਦੁਆ ਕਰਦੇ ਹਾਂ ਕਿ ਅੱਗੇ ਹੋਨਹਾਰ ਅਫਸਰਾਂ ਨੂੰ ਵੱਧ ਤੋਂ ਵੱਧ ਤਰੱਕੀ ਦੇ ਕੇ ਸਰਕਾਰ ਨੂੰ ਮਾਨ ਬਖਸ਼ਣਾ ਚਾਹੀਦਾ ਹੈ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ (ਐਸ.ਸੀ. ਸੈਲ ਚੇਅਰਮੈਨ ਕਰਮਜੀਤ ਲਚਕਾਣੀ) ਚੇਅਰਮੈਨ ਰਤਨ ਮੱਟੂ,ਰਾਮ ਚੰਦਰ ਟਾਂਕ, ਰਾਜੇਸ਼ਵਰ, ਕੁਲਦੀਪ ਚੀਮਾ, ਜਸਪਾਲ ਸਿੰਘ, ਅਮਰੀਕ ਸਿੰਘ, ਨਿਹੰਗ ਸਿੰਘ, ਬਿੱਟੂ ਟੀਮ ਮੈਂਬਰ ਤੇ ਪਤਵੰਤੇ ਸੱਜਣ ਮੌਜੂਦ ਰਹੇ।

## ਪਬਲਿਕ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦੇਣ ਲਈ ਬਗੈਰ ਕਿਸੇ ਡਰ ਭੈ ਦੇ ਅੱਗੇ ਆਉਣ: ਐਸ.ਪੀ. ਇੰਨਵੈਸਟੀਗੇਸਨ ਦਵਿੰਦਰ ਅੱਤਰੀ



**ਪਟਿਆਲਾ, 22 ਅਗਸਤ**
**-ਛਤਰਪਾਲ ਸਿੰਘ-**

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਸਲਿਗ ਸੈਲ ਪਟਿਆਲਾ ਪੁਲਿਸ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਨੂੰ ਹੋਰ ਤੇਜ਼ ਅਤੇ ਅਸਰਦਾਰ ਬਣਾਉਣ ਦੇ ਮਕਸਦ ਨਾਲ ਐਸ.ਪੀ. ਇੰਨਵੈਸਟੀਗੇਸਨ ਪਟਿਆਲਾ ਦਵਿੰਦਰ ਅੱਤਰੀ ਅਤੇ ਐਸ.ਪੀ. ਪੀ.ਬੀ.ਆਈ. ਪਟਿਆਲਾ ਰਾਜੇਸ਼ ਛਿੱਬਰ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਮੁਲਾਕਾਤ ਕੀਤੀ।

ਮੀਟਿੰਗ ਦੌਰਾਨ ਪੰਜਾਬ ਵਿੱਚ ਨਸ਼ੇ ਦੇ ਵੱਧ ਰਹੇ ਪ੍ਰਕੋਪ, ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਜਾਣਕਾਰੀ ਦਿੰਦਿਆਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ, ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲੇ ਵੱਲੋਂ ਚਲਾਇਆ ਜਾ ਰਿਹਾ ਇੱਕ ਰਾਸ਼ਟਰੀ ਪੱਧਰ ਦਾ ਅਭਿਆਨ ਹੈ, ਜਿਸਦਾ ਮੁੱਖ ਉਦੇਸ਼ ਦੇਸ਼ ਅਤੇ ਸਟੇਟ ਨੂੰ ਨਸ਼ਾ ਮੁਕਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਇਸ ਅਭਿਆਨ ਨੂੰ ਜ਼ਮੀਨੀ ਪੱਧਰ ਤੱਕ ਲਿਜਾਣ ਲਈ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਪਟਿਆਲਾ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਵੀ ਕੀਤੀ । ਇਸ ਮੌਕੇ ਐਸ ਪੀ ਦਵਿੰਦਰ ਅੱਤਰੀ ਅਤੇ ਐਸ ਪੀ ਰਾਜੇਸ਼ ਛਿੱਬਰ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਨਹੀਂ ਸਗੋਂ ਪੂਰੇ ਪਰਿਵਾਰ ਅਤੇ ਸਮਾਜ ਦੀ ਤਬਾਹੀ ਦਾ ਕਾਰਨ ਬਣਦਾ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਪੁਲਿਸ, ਪ੍ਰਸ਼ਾਸਨ, ਸਮਾਜ ਸੇਵੀ ਸੰਸਥਾਵਾਂ ਅਤੇ ਆਮ ਲੋਕ ਇੱਕ ਮੰਚ ਤੇ ਆ ਕੇ ਇਸ ਬੁਰਾਈ ਵਿਰੁੱਧ ਲੜਨ। ਉਨ੍ਹਾਂ ਕਿਹਾ ਕਿ ਸਕੂਲਾਂ, ਕਾਲਜਾਂ ਅਤੇ ਪਿੰਡ ਪੱਧਰ ਤੇ ਜਾਗਰੂਕਤਾ ਸੈਮੀਨਾਰ, ਖੇਡ ਗਤੀਵਿਧੀਆਂ ਅਤੇ ਕਾਉਂਸਲਿੰਗ ਕੈਂਪ ਲਗਾਏ ਜਾਣਗੇ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਅਤੇ ਚੰਗੇ ਕੰਮਾਂ ਵੱਲ ਪ੍ਰੇਰਿਤ ਕੀਤਾ ਜਾ ਸਕੇ।

ਉਹਨਾ ਕਿਹਾ ਕਿ ਪਟਿਆਲਾ ਪੁਲਿਸ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ ਤੇ ਕੰਮ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਆਮ ਲੋਕਾਂ ਤੋਂ ਮਿਲਣ ਵਾਲੀ ਹਰ ਸੂਚਨਾ ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਪਬਲਿਕ ਨੂੰ ਅਪੀਲ ਕੀਤੀ ਕਿ ਉਹੋ ਬਗੈਰ ਕਿਸੇ ਡਰ ਭੈ ਤੋਂ ਨਸ਼ਾ ਤਸਕਰਾਂ ਦੀ ਸੂਚਨਾ ਦੇਣ ਲਈ ਅੱਗੇ ਆਉਣ ਉਹਨਾਂ ਦਾ ਨਾਮ ਗੁਪਤ ਰੱਖਿਆ ਜਾਵੇਗਾ।

ਮੀਟਿੰਗ ਦੇ ਅੰਤ ਵਿੱਚ ਦੋਵਾਂ ਧਿਰਾਂ ਨੇ ਇਹ ਫੈਸਲਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਪਟਿਆਲਾ ਵਿੱਚ ਨਸ਼ਿਆਂ ਵਿਰੁੱਧ ਸਾਂਝੇ ਜਾਗਰੂਕਤਾ ਪ੍ਰੋਗਰਾਮ, ਸਾਈਕਲ ਰੈਲੀਆਂ ਅਤੇ ਸੈਮੀਨਾਰ , ਮੈਰਾਥਨ,ਕਰਵਾਏ ਜਾਣਗੇ, ਜਿਸ ਵਿੱਚ ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਵੇਗਾ।

ਉਹਨਾਂ ਸਮਾਜ ਸੇਵੀ ਕਾਰਜਾਂ ਲਈ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਦੋਵੇਂ ਅਧਿਕਾਰੀਆਂ ਨੇ ਸਟੇਟ ਐਵਾਰਡੀ ਪਰਮਿੰਦਰ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਹਿਯੋਗ ਨਾਲ ਹੀ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾ ਸਕਦਾ ਹੈ।

## ਪੰਜਾਬ ਦੇ ਇਤਿਹਾਸ 'ਚ, 27 ਅਗਸਤ ਦਾ ਸੰਘਰਸ਼ ਮੀਲ ਪੱਥਰ ਸਾਬਿਤ ਹੋਵੇਗਾ




**ਪਟਿਆਲਾ, 22 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੀ ਮੀਟਿੰਗ ਲਖਵਿੰਦਰ ਖਾਨਪੁਰ,ਰਾਜਪਾਲ ਸਿੰਘ ਲਸੋਈ ਜਸਵਿੰਦਰ ਸੌਜਾ, ਸਵਰਨ ਸਿੰਘ ਬੰਗਾ ਤੇ ਗੁਰਮੀਤ ਸਿੰਘ ਪੇਦਨ ਦੀ ਅਗਵਾਈ ਹੇਠ ਪਟਿਆਲਾ ਵਿਖੇ ਹੋਈ,ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਫੈਡਰੇਸ਼ਨ ਨਾਲ ਸਬੰਧਤ ਸਮੁੱਚੀਆਂ ਜਥੇਬੰਦੀਆਂ 27ਅਗਸਤ ਦੇ ਪੰਜਾਬ ਬੰਦ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੀਆਂ ਤੇ ਵੱਡੀ ਗਿਣਤੀ ਵਿੱਚ ਅੱਜ ਤੋਂ ਹੀ ਆਪਣੇ ਸਾਥੀਆਂ ਨੂੰ ਉਸ ਦੀ ਤਿਆਰੀ ਵਿੱਚ ਪੂਰੀ ਤਰਾਂ ਰੁੱਝ ਜਾਣ ਲਈ ਫੈਸਲਾ ਕੀਤਾ ਗਿਆ ਅੱਜ ਦੀ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਦਰਸ਼ਨ ਬੇਲੂ ਮਾਜਰਾ, ਜਸਵੀਰ ਖੋਖਰ,ਰਣਜੀਤ ਮਾਨ,ਧਰਮਪਾਲ ਸਿੰਘ ਲੋਟ,ਦਿਆਲ ਸਿੱਧੂ ਤੇ ਜਗਤਾਰ ਸਾਹਪੁਰ,ਨੇ ਕਿਹਾ ਕਿ ਉਹ ਇਸ ਬੰਦ ਨੂੰ ਕਾਮਯਾਬ ਕਰਨ ਲਈ ਆਪਣੇ ਮੁਲਾਜ਼ਮ ਤੇ ਪੈਨਸ਼ਨਰ ਸਾਥੀਆਂ ਨੂੰ ਵੱਡੀ ਗਿਣਤੀ ਵਿੱਚ ਨਾਲ ਲੈ ਕੇ ਇਸ ਇਕੱਤਰਤਾ ਵਿੱਚ ਸਾਮਿਲ ਹੋਣਗੇ ਤੇ ਉਸ ਦਿਨ ਕੋਈ ਵੀ ਮੁਲਾਜ਼ਮ ਜਾਂ ਪੈਨਸ਼ਨਰ ਇਸ ਸੰਘਰਸ਼ ਤੋਂ ਬਾਹਰ ਨਹੀਂ ਰਹਿਣਾ ਚਾਹੀਦਾ ਤਾਂ ਕਿ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਕੱਚੇ ਕਾਮੇਂ ਪੱਕੇ ਕਰਨਾ, ਡੀ.ਏ.ਦਾ ਬਕਾਇਆ ਜੋ ਮਾਨਯੋਗ ਕੋਰਟਾਂ ਦੇ ਹੁਕਮਾਂ ਦੀ ਉਲੰਘਣਾ ਕਰਕੇ ਜੋ ਦਿੱਤਾ ਨਹੀਂ ਜਾ ਰਿਹਾ, ਪੇ ਕਮਿਸ਼ਨ ਦਾ ਬਕਾਇਆ, ਮਾਨ ਭੱਤੇ ਤੇ ਕੰਮ ਕਰਦੇ ਵਰਕਰਾਂ ਨੂੰ ਗੁਜ਼ਾਰੇ ਜੋਗੀ ਤਨਖਾਹ ਦੇਣਾ, ਮੁਲਾਜ਼ਮ ਵਿਰੋਧੀ ਪੱਤਰ ਰੱਦ ਕਰਾਉਣੇ,ਪੁਰਾਣੀ ਪੈਨਸਨ ਲਾਗੂ ਕਰਨਾ,ਪੈਨਸ਼ਨਰਾਂ ਨੂੰ 2.59 ਨਾ ਦੇਣਾ ਤੇ ਮੰਗ ਪੱਤਰ ਚ, ਦਰਜ ਹੋਰ ਮੰਗਾਂ ਹਨ ਇਹਨਾਂ ਦੇ ਹੱਲ ਲਈ ਸਰਕਾਰ ਨੂੰ ਮਜਬੂਰ ਕੀਤਾ ਜਾਵੇ ਅੱਜ ਦੀ ਮੀਟਿੰਗ ਵਿੱਚ ਪਹੁੰਚੇ ਗੌਰਮਿੰਟ ਟੀਚਰ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਸਮਾਣਾ ਪਰਮਜੀਤ ਸਿੰਘ, ਹਿੰਮਤ ਸਿੰਘ,ਤੇ ਹਰਪ੍ਰੀਤ ਉਪਲ ਨੇ ਕਿਹਾ ਕਿ ਸਮੁੱਚੇ ਪੰਜਾਬ ਦੀਆਂ ਅਧਿਆਪਕ ਜਥੇਬੰਦੀਆਂ ਉਸ ਦਿਨ ਵੱਡੇ ਪੱਧਰ ਤੇ ਸਕੂਲ ਬੰਦ ਕਰਕੇ ਇਸ ਸੰਘਰਸ਼ ਵਿੱਚ ਆਪਣਾ ਹਿੱਸਾ ਪਾਉਣਗੇ ਤੇ ਇਸ ਸੰਘਰਸ਼ ਨੂੰ ਪੰਜਾਬ ਦਾ ਇੱਕ ਇਤਿਹਾਸਿਕ ਸੰਘਰਸ਼ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਮੋਨਿਕਾ ਮਸੀਹ, ਰਕੇਸ ਕਲਿਆਣ,ਗੁਰਿੰਦਰ ਸਹੋਤਾ, ਅਮਰਿੰਦਰ ਸਿੰਘ ਨਾਭਾ, ਕੁਲਦੀਪ ਘੱਗਾ, ਨਾਥ ਸਿੰਘ ਬੁਜਰਕ, ਹਰਦੇਵ ਸਿੰਘ, ਗੁਰਮੇਲ ਘਨੌਰ, ਅਰਜਨ ਸਿੰਘ ਰਾਜਪੁਰਾ ਆਦਿ ਆਗੂਆਂ ਨੇ ਹਿੱਸਾ ਲਿਆ ਤੇ ਕਿਹਾ ਕਿ ਉਹ ਅੱਜ ਤੋਂ ਹੀ ਇਸ ਸੰਘਰਸ਼ ਦੀ ਤਿਆਰੀ ਲਈ ਜੁਟ ਗਏ ਹਨ ਤੇ ਉਸ ਦਿਨ ਸਮੁੱਚੇ ਮੁਲਾਜ਼ਮ ਤੇ ਪੈਨਸ਼ਨਰ ਇੱਕ ਝੰਡੇ ਥੱਲੇ ਇਕੱਤਰ ਹੋ ਕੇ ਸਰਕਾਰ ਦੇ ਖਿਲਾਫ ਆਪਣੇ ਰੋਹ ਦਾ ਪ੍ਰਗਟਾਵਾ ਕਰਨਗੇ। ਇਸ ਮੀਟਿੰਗ ਵਿੱਚ ਹੋਰਨਾ ਤੋ ਇਲਾਵਾ ਪਰਗਟ ਸਿੰਘ ਰਾਮਗੜ ਸੁਖਵੀਰ ਸਿੰਘ ਢੀਡਸਾ, ਸੁਨੀਲ ਕੁਮਾਰ ਬਡਲਾਨ, ਤੇਜਿੰਦਰਪਾਲ ਸਿੰਘ, ਅਰੁਨ ਕੁਮਾਰ ਕੋਲੇ ਮਾਜਰਾ, ਭ_ਪਿੰਦਰ ਸਾਧੋਹੇੜੀ, ਜਸਵੀਰ ਕੌਰ ਰਾਣੀ ਕੌਰ ਅਦਿ ਹਾਜਰ ਸਨ।

## ਰੱਖੜਾ ਦੀ ਅਗਵਾਈ 'ਚ ਹਲਕਾ ਸਮਾਣਾ ਤੋਂ ਵੱਖ-ਵੱਖ ਪਿੰਡਾਂ ਤੋਂ ਸ਼ਰਧਾਲੂਆਂ ਦੀਆਂ ਬੱਸਾਂ ਰਵਾਨਾ



**ਸਮਾਣਾ 22 ਅਗਸਤ**
**-ਜਗਦੇਵ ਸਿੰਘ ਜੱਗੀ-**

ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਹਲਕਾ ਸਮਾਣਾ ਦੇ ਪਿੰਡ ਫਤਿਹ ਮਾਜਰੀ, ਖੁਦਾਦਪੁਰ ਅਤੇ ਗਾਜੀਪੁਰ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਦੀਆਂ ਬੱਸਾਂ ਨੂੰ ਅਰਦਾਸ ਉਪਰੰਤ ਹਰੀ ਝੰਡੀ ਦੇ ਕੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ।

ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਹ ਯੋਜਨਾ ਉਨ੍ਹਾਂ ਸ਼ਰਧਾਲੂਆਂ ਲਈ ਵਿਸ਼ੇਸ਼ ਸਹੂਲਤ ਹੈ, ਜੋ ਆਪਣੀ ਆਸਥਾ ਨਾਲ ਜੁੜੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦੀ ਇੱਛਾ ਰੱਖਦੇ ਹਨ। ਸਰਕਾਰ ਵੱਲੋਂ ਯਾਤਰਾ ਦੌਰਾਨ ਸ਼ਰਧਾਲੂਆਂ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਂਦੇ ਹਨ, ਜਿਸ ਨਾਲ ਉਹ ਸੁਖਦ ਅਤੇ ਸਨਮਾਨਪੂਰਵਕ ਢੰਗ ਨਾਲ ਆਪਣੀ ਯਾਤਰਾ ਪੂਰੀ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨ ਸਾਡੀ ਅਮੀਰ ਵਿਰਾਸਤ, ਆਸਥਾ ਅਤੇ ਸੱਭਿਆਚਾਰ ਨਾਲ ਡੂੰਘੇ ਤੌਰ 'ਤੇ ਜੁੜੇ ਹੋਏ ਹਨ।

ਅਜਿਹੇ ਉਪਰਾਲੇ ਲੋਕਾਂ ਨੂੰ ਆਪਣੀ ਧਾਰਮਿਕ ਵਿਰਾਸਤ ਨਾਲ ਜੁੜਨ ਦਾ ਮੌਕਾ ਦੇਣ ਦੇ ਨਾਲ-ਨਾਲ ਆਪਸੀ ਭਾਈਚਾਰਕ ਸਾਂਝ ਨੂੰ ਵੀ ਮਜ਼ਬੂਤ ਕਰਦੇ ਹਨ।

ਸ. ਰੱਖੜਾ ਨੇ ਕਿਹਾ ਕਿ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਸਹੂਲਤਾਂ ਮੁਹੱਈਆ ਕਰਵਾਉਣਾ ਲੋਕ ਭਲਾਈ ਦੀ ਭਾਵਨਾ ਦਾ ਅਹਿਮ ਹਿੱਸਾ ਹੈ। ਉਨ੍ਹਾਂ ਸਮੂਹ ਸ਼ਰਧਾਲੂਆਂ ਨੂੰ ਯਾਤਰਾ ਲਈ ਸ਼ੁਭਕਾਮਨਾਵਾਂ ਦਿੰਦਿਆਂ ਸੁਖਦ, ਸੁਰੱਖਿਅਤ ਅਤੇ ਆਤਮਿਕ ਤੌਰ 'ਤੇ ਯਾਦਗਾਰ ਯਾਤਰਾ ਦੀ ਕਾਮਨਾ ਕੀਤੀ।

ਇਸ ਮੌਕੇ ਸਾਬਕਾ ਚੇਅਰਮੈਨ ਹਰਿੰਦਰ ਸਿੰਘ ਕੁਲਬੁਰਛਾਂ, ਸੁਖਵਿੰਦਰ ਸਿੰਘ ਰਾਜਲਾ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਕੌਂਸਲਰ ਜਤਿੰਦਰ ਢੀਂਗੜਾ, ਸਰਪੰਚ ਲਾਡੀ ਮਿਆਲਾਂ, ਪ੍ਰਧਾਨ ਗੁਰਦੀਪ ਸਿੰਘ, ਸਾਬਕਾ ਸਰਪੰਚ ਭੋਲਾ ਗਾਜ਼ੀਪੁਰ, ਜੋਗਿੰਦਰ ਸਿੰਘ ਲਲੋਛੀ, ਸਾਬਕਾ ਕੌਂਸਲਰ ਅਮਰਜੀਤ ਗੁਰਾਇਆ ਅਤੇ 'ਆਪ' ਦੇ ਵਰਕਰ ਤੇ ਪਿੰਡ ਵਾਸੀ ਮੌਜੂਦ ਸਨ।

## ਮੈਡਮ ਲਖਵੀਰ ਕੌਰ ਵੱਲੋਂ ਐਮਐਲਏ ਜੀਵਨ ਸਿੰਘ ਸੰਗੋਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਬਜ਼ੁਰਗਾਂ ਨੇ ਯੋਜਨਾ ਨੂੰ ਦੱਸਿਆ ਲਾਹੇਵੰਦ




**ਲੁਧਿਆਣਾ, 22 ਅਗਸਤ**
**-ਜਗਮੇਲ ਸਿੰਘ ਢਿਲੋਂ-**

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਪਿੰਡ ਮਾਣਕਵਾਲ ਤੋਂ ਇੱਕ ਬੱਸ ਧਾਰਮਿਕ ਯਾਤਰਾ ਲਈ ਰਵਾਨਾ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਬਜ਼ੁਰਗ ਮਹਿਲਾਵਾਂ ਅਤੇ ਪੁਰਸ਼ਾਂ ਨੇ ਭਾਗ ਲਿਆ। ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਮੈਡਮ ਲਖਵੀਰ ਕੌਰ ਨੇ ਹਲਕਾ ਗਿੱਲ ਦੇ ਐਮਐਲਏ ਸ. ਜੀਵਨ ਸਿੰਘ ਸੰਗੋਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਇਸ ਯੋਜਨਾ ਨੂੰ ਸ਼ੁਰੂ ਕਰਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਮੈਡਮ ਲਖਵੀਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਪੰਜਾਬ ਵਾਸੀਆਂ ਲਈ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀ ਹੈ ਅਤੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਪੰਜਾਬ ਭਰ ਦੇ ਲੋਕ ਭਰਪੂਰ ਲਾਭ ਲੈ ਰਹੇ ਹਨ।

ਇਸ ਮੌਕੇ ਯਾਤਰਾ ਵਿੱਚ ਸ਼ਾਮਲ ਲੋਕਾਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਕਾਰ ਵੱਲੋਂ ਚਲਾਈ ਜਾ ਰਹੀ ਯੋਜਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਅਤੇ ਉਹ ਮੁੜ ਸ. ਭਗਵੰਤ ਸਿੰਘ ਮਾਨ ਨੂੰ ਪੰਜਾਬ ਦੇ ਮੁੱਖ ਮੰਤਰੀ ਵਜੋਂ ਦੇਖਣਾ ਚਾਹੁੰਦੇ ਹਨ।

ਪਿੰਡ ਮਾਣਕਵਾਲ ਦੇ ਸਰਪੰਚ ਮਨਪ੍ਰੀਤ ਸਿੰਘ ਮੰਨੂ ਨੇ ਦੱਸਿਆ ਕਿ ਵੱਖ-ਵੱਖ ਪਿੰਡਾਂ ਦੇ ਲੋਕ ਇਸ ਯੋਜਨਾ ਦਾ ਲਾਭ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਕੇ ਲੋਕ ਆਪਣੇ ਆਪ ਨੂੰ ਭਾਗਾਂ ਵਾਲਾ ਮਹਿਸੂਸ ਕਰ ਰਹੇ ਹਨ। ਉਨ੍ਹਾਂ ਇਸ ਪਹਿਲਕਦਮੀ ਦਾ ਸਿਹਰਾ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਨੂੰ ਦਿੱਤਾ।

ਇਸ ਮੌਕੇ ਸਰਪੰਚ ਮਨਪ੍ਰੀਤ ਸਿੰਘ, ਜ਼ਿਲ੍ਹਾ ਪਰਿਸ਼ਦ ਮੈਂਬਰ ਲਖਵੀਰ ਕੌਰ, ਯੂਥ ਬਲਾਕ ਪ੍ਰਧਾਨ ਦਲਜੀਤ ਸਿੰਘ, ਗੁਰੀ ਮਾਣਕਵਾਲ ਪੰਚ, ਗੁਰਮੀਤ ਸਿੰਘ ਪੰਚ, ਜਸਵੀਰ ਕਲਸੀ, ਦਿਆਲ ਸਿੰਘ, ਸਤਬੀਰ ਸਿੰਘ, ਬੀਬੀ ਕਰਮਜੀਤ ਕੌਰ ਪੰਚ, ਪੂਜਾ ਰਾਣੀ ਪੰਚ, ਅਮਰਜੀਤ ਸਿੰਘ ਬਿੱਲੂ, ਸੁਰਜੀਤ ਸਿੰਘ ਜੀਤਾ, ਆਸ਼ੀਸ਼ ਸਿੰਘ, ਜਸਵੀਰ ਸਿੰਘ ਅਤੇ ਅਮਨਜੋਤ ਕੌਰ ਸਮੇਤ ਹੋਰ ਪਤਵੰਤੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਕਥਿਹੁ ਅਕਥ ਕਹਾਣੀ ਪੁਸਤਕ ਲੁਧਿਆਣਾ ਵਿੱਚ ਸੰਗਤ ਅਰਪਣ



**ਲੁਧਿਆਣਾ, 22 ਅਗਸਤ**
**-ਜਗਮੇਲ ਸਿੰਘ ਢਿਲੋਂ-**

ਪੰਜਾਬ ਦੇ ਖੇਤੀਬਾੜੀ ਤੇ ਪਸ਼ੂ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਵੱਲੋਂ ਕੈਲੀਫੋਰਨੀਆ ਵਾਸੀ ਪ੍ਰੋ. ਗੁਰਬਖ਼ਸ਼ ਕੌਰ ਕਾਹਲੋਂ ਰਚਿਤ ਪੁਸਤਕ ਕਥਿਹੁ ਅਕਥ ਕਹਾਣੀ ਲੁਧਿਆਣਾ ਵਿੱਚ ਸੰਗਤ ਅਰਪਣ ਕੀਤੀ ਗਈ।

ਇਸ ਮੌਕੇ ਸ. ਖੁੱਡੀਆਂ ਨੇ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਸਾਏ ਪਰਮਾਤਮਾ ਦੇ ਸਰੂਪ ਅਤੇ ਗੁਰਮਤਿ ਵਿਚਾਰਧਾਰਾ ਨੂੰ ਸਰਲ ਭਾਸ਼ਾ ਵਿੱਚ ਪੇਸ਼ ਕਰਨਾ ਬੇਹੱਦ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਪੁਸਤਕ ਗੁਰਮਤਿ ਮਾਰਗ ਨੂੰ ਸਮਝਣ ਲਈ ਪਾਠਕਾਂ ਦੀ ਮਦਦ ਕਰੇਗੀ ਅਤੇ ਪੰਜਾਬੀਆਂ ਲਈ ਰਾਹ-ਦਰਸਾਵਾ ਸਾਬਤ ਹੋਵੇਗੀ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਗੁਰਮਤਿ ਮਾਰਗ ਦੀ ਸਹਿਜ ਅਤੇ ਸਪਸ਼ਟ ਵਿਆਖਿਆ ਵਾਲੀ ਇਹ ਪੁਸਤਕ ਸੰਗਤ ਲਈ ਲਾਭਦਾਇਕ ਹੈ। ਇਸ ਮੌਕੇ ਸਿਡਨੀ ਤੋਂ ਆਏ ਸ. ਪ੍ਰਭਜੋਤ ਸਿੰਘ ਸੰਧੂ ਨੇ ਪੰਜਾਬ ਦੇ ਖੇਤੀ ਅਰਥਚਾਰੇ ਦੇ ਵਿਕਾਸ ਸਬੰਧੀ ਸ. ਖੁੱਡੀਆਂ ਨਾਲ ਵਿਚਾਰ-ਵਟਾਂਦਰਾ ਕੀਤਾ। ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਸ. ਸੰਧੂ ਨੂੰ ਪੁਸਤਕਾਂ ਦਾ ਸੈੱਟ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਰਬੱਤ ਦਾ ਭਲਾ ਟਰੱਸਟ ਦੇ ਸ. ਜਸਵੰਤ ਸਿੰਘ ਛਾਪਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

## ਨਹੀਂ ਰੁਕ ਰਿਹਾ ਮਾਛੀਵਾੜਾ ਇਲਾਕੇ ਵਿੱਚ ਚੋਰੀਆਂ ਹੋਣ ਦਾ ਸਿਲਸਿਲਾ



**ਮਾਛੀਵਾੜਾ ਸਾਹਿਬ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਸ਼ੇੜੀ ਕਿਸਮ ਦੇ ਵਿਅਕਤੀਆਂ ਵੱਲੋਂ ਮਾਛੀਵਾੜਾ ਇਲਾਕੇ ਵਿੱਚ ਲਗਾਤਾਰ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਜਿਸ ਨਾਲ ਕਿਸਾਨਾਂ ਅਤੇ ਆਮ ਲੋਕਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਹੈਡੋ ਵਾਸੀ ਸੁਰਿੰਦਰ ਸਿੰਘ ਨੇ ਦੱਸਿਆ ਕਿ ਉਸ ਦੇ ਕੁਟਾਲਾ ਤੋਂ ਛੌੜੀਆਂ ਰੋਡ ਉੱਤੇ ਖੇਤਾਂ ਵਿੱਚੋਂ ਬੀਤੀ 9 ਤਰੀਕ ਨੂੰ ਦੋ ਮੋਟਰਾਂ ਚੋਰੀ ਹੋ ਗਈਆਂ ਸਨ ,ਜਿਸਦੀ ਰਿਪੋਰਟ ਥਾਣੇ ਦਰਜ ਕਰਵਾ ਦਿੱਤੀ ਗਈ ਸੀ, ਅਤੇ ਰਾਤ ਵੀ ਉਸਦੇ ਖੇਤ ਵਿੱਚ ਬਚੀ ਇੱਕ ਮੋਟਰ ਨੂੰ ਚੋਰਾਂ ਨੇ ਆਪਣਾ ਨਿਸ਼ਾਨਾ ਬਣਾਉਂਦਿਆਂ ਚੋਰੀ ਕਰ ਲਿਆ ,ਜਿਸ ਨਾਲ ਉਸਦਾ ਹਜ਼ਾਰਾਂ ਰੁਪਏ ਦਾ ਨੁਕਸਾਨ ਹੋ ਚੁੱਕਾ ਹੈ। ਕਿਸਾਨ ਨੇ ਭਰੇ ਮਨ ਨਾਲ ਕਿਹਾ ਕਿ ਕਦੇ ਸਾਡੀਆਂ ਫਸਲਾਂ ਨੂੰ ਮੌਸਮੀ ਬਿਮਾਰੀਆਂ ਲੈ ਬੈਠਦੀਆਂ ਹਨ ਕਦੇ ਹੜਾਂ ਨਾਲ ਉਹਨਾਂ ਦਾ ਲੱਖਾਂ ਦਾ ਨੁਕਸਾਨ ਹੋ ਜਾਂਦਾ ਹੈ ਜਿਸ ਨੂੰ ਕੁਦਰਤ ਦੀ ਕਰੋਪੀ ਮਨ ਮੰਨ ਕੇ ਆਪਣੇ ਮਨ ਨੂੰ ਸ਼ਾਂਤ ਕਰ ਲਿਆ ਜਾਂਦਾ ਪਰ ਇਹ ਨਸ਼ੇੜੀ ਕਿਸਮ ਦੇ ਵਿਅਕਤੀਆਂ ਵੱਲੋਂ ਆਏ ਦਿਨ ਕਦੇ ਤਾਰਾ ਚੋਰੀ ਕਰ ਲਈਆਂ ਜਾਂਦੀਆਂ ਹਨ, ਕਦੇ ਮੋਟਰਾਂ ਖੋਲ੍ਹ ਕੇ ਲੈ ਜਾਂਦੇ ਹਨ, ਕਦੇ ਟ੍ਰਾਂਸਫਾਰਮਾਂ ਦਾ ਤੇਲ ਕੱਢ ਕੇ ਲੈ ਜਾਂਦੇ ਹਨ, ਜਿਸ ਨਾਲ ਉਹਨਾਂ ਨੂੰ ਹੋਰ ਜਿਆਦਾ ਨੁਕਸਾਨ ਝੱਲਣਾ ਪੈਂਦਾ ਹੈ।

ਇਸੇ ਤਰ੍ਹਾਂ ਬੀਤੀ ਰਾਤ ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਸਹਿਬਾਜ਼ਪੁਰ ਵਿਖੇ ਗੁਰਚਰਨ ਸਿੰਘ ਦੇ ਘਰ ਚੋਰਾਂ ਵੱਲੋਂ ਚੋਰੀ ਦੀ ਵਾਰਦਾਤ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ। ਪਰਿਵਾਰ ਦੇ ਦੱਸਣ ਮੁਤਾਬਿਕ ਗੁਰਚਰਨ ਸਿੰਘ ਰਾਤ ਦੀ ਡਿਊਟੀ ਫੈਕਟਰੀ ਕਰਦਾ ਹੈ ਜੋ ਆਪਣੀ ਡਿਊਟੀ ਗਿਆ ਹੋਇਆ ਸੀ ,ਜਦ ਕਿ ਘਰ ਵਿੱਚ ਉਸਦੀ ਪਤਨੀ ਅਤੇ ਬੇਟੀ ਆਪਣੇ ਬੱਚਿਆਂ ਸਮੇਤ ਇੱਕ ਕਮਰੇ ਵਿੱਚ ਏ.ਸੀ. ਲਗਾ ਕੇ ਸੁੱਤੇ ਪਏ ਸਨ, ਕਿ ਕਰੀਬ 2 ਵਜੇ ਚੋਰਾਂ ਨੇ ਸਟੋਰ ਰੂਮ ਨੂੰ ਆਪਣਾ ਨਿਸ਼ਾਨਾ ਬਣਾ ਕੇ ਉਸ ਵਿੱਚ ਰੱਖੀ ਅਲਮਾਰੀ ਦਾ ਲਾਕਰ ਤੋੜ ਕੇ ਉਸ ਵਿੱਚੋਂ ਕਰੀਬ ਛੇ ਤੋਲੇ ਤੋਂ ਵੱਧ ਸੋਨਾ , ਕੁਝ ਚਾਂਦੀ ਦੇ ਗਹਿਣੇ,ਨਗਦੀ ਚੋਰੀ ਕਰਕੇ ਲੈ ਗਏ। ਪਰਿਵਾਰ ਵੱਲੋਂ ਤੁਰੰਤ ਪੁਲਿਸ ਨੂੰ ਸੂਚਿਤ ਕਰਕੇ ਰਿਪੋਰਟ ਦਰਜ ਕਰਵਾ ਦਿੱਤੀ ਗਈ ਹੈ। ਚੋਰੀ ਦਾ ਸ਼ਿਕਾਰ ਹੋਏ ਪਰਿਵਾਰਾਂ ਵੱਲੋਂ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਹੈ ਕਿ ਚੋਰਾਂ ਨੂੰ ਫੜ ਉਹਨਾਂ ਦੇ ਸਮਾਨ ਦੀ ਬਰਾਮਦਗੀ ਕਰਵਾਈ ਜਾਵੇ।ਪੁਲਿਸ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਸ਼ੰਭੂ ਖੁਰਦ, ਸਰਾਏ ਮੁਗਲ ਅਤੇ ਨੌਸ਼ੈਰਾ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 22 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸ਼ੰਭੂ ਦੇ ਪਿੰਡ ਸ਼ੰਭੂ ਖੁਰਦ, ਸਰਾਏ ਮੁਗਲ ਅਤੇ ਨੌਸ਼ੈਰਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਜੀ.ਟੀ.ਬੀ. ਸਕੂਲ ਬਰੜ੍ਹਵਾਲ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲਿਆਂ 'ਚ ਗੱਡੇ ਝੰਡੇ; ਸਟੇਟ ਲਈ ਹੋਈ ਚੋਣ



**ਧੂਰੀ 22 ਅਗਸਤ**
**-ਜਤਿੰਦਰ ਗਰਗ-**

ਸਥਾਨਕ ਪੁਲਿਸ ਲਾਈਨਜ਼ ਸੰਗਰੂਰ ਵਿਖੇ ਆਯੋਜਿਤ ਕੀਤੀਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦੌਰਾਨ ਗੁਰੂ ਤੇਗ ਬਹਾਦਰ (ਜੀ.ਟੀ.ਬੀ.) ਪਬਲਿਕ ਸਕੂਲ ਬਰੜ੍ਹਵਾਲ ਦੇ ਵਿਦਿਆਰਥੀਆਂ ਨੇ ਬੈਡਮਿੰਟਨ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ ਹੈ।

ਖੇਡਾਂ ਦੇ ਅੰਡਰ-14 ਲੜਕੀਆਂ ਦੇ ਬੈਡਮਿੰਟਨ ਮੁਕਾਬਲਿਆਂ ਵਿੱਚ ਸਕੂਲ ਦੀ ਹੋਣਹਾਰ ਵਿਦਿਆਰਥਣ ਮਨਸੀਰਤ ਕੌਰ (ਪੁੱਤਰੀ ਰੁਪਿੰਦਰ ਸਿੰਘ) ਅਤੇ ਚਾਰੂਲ (ਪੁੱਤਰੀ ਅਮਰਜੀਤ) ਨੇ ਆਪਣੀ ਖੇਡ ਦਾ ਬਹਿਤਰੀਨ ਪ੍ਰਦਰਸ਼ਨ ਕਰਦੇ ਹੋਏ ਚਾਂਦੀ ਦਾ ਤਗਮਾ (ਸਿਲਵਰ ਮੈਡਲ) ਪ੍ਰਾਪਤ ਕੀਤਾ, ਜਦਕਿ ਦੂਜੇ ਪਾਸੇ, ਅੰਡਰ-17 ਲੜਕਿਆਂ ਦੇ ਮੁਕਾਬਲਿਆਂ ਵਿੱਚ ਆਪਣਾ ਦਬਦਬਾ ਕਾਇਮ ਰੱਖਦਿਆਂ ਉਪਰਾਜ ਜੁਝਾਰ ਸਿੰਘ (ਪੁੱਤਰ ਸ਼੍ਰੀ ਰੁਪਿੰਦਰ ਸਿੰਘ) ਅਤੇ ਸਮਰਾਟਦੀਪ ਸਿੰਘ (ਪੁੱਤਰ ਸ਼੍ਰੀ ਗਗਨਦੀਪ ਸਿੰਘ ਰਾਜਪੂਤ) ਨੇ ਸ਼ਾਨਦਾਰ ਖੇਡ ਦਾ ਮੁਜ਼ਾਹਰਾ ਕਰਦੇ ਹੋਏ ਸੋਨੇ ਦਾ ਤਗਮਾ ਆਪਣੇ ਨਾਂ ਕੀਤਾ। ਇਸ ਬਹਿਤਰੀਨ ਜਿੱਤ ਦੀ ਬਦੌਲਤ ਇਹਨਾਂ ਚਾਰੇ ਖਿਡਾਰੀਆਂ ਨੇ ਰਾਜ ਪੱਧਰੀ ਖੇਡ ਮੁਕਾਬਲਿਆਂ ਲਈ ਆਪਣੀ ਥਾਂ ਪੱਕੀ ਕਰ ਲਈ ਹੈ। ਇਹਨਾਂ ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ (ਪੀ.ਸੀ.ਐੱਸ.) , ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਡਾ. ਅਨਵਰ ਭਸੌੜ ਅਤੇ ਬੈਡਮਿੰਟਨ ਕੋਚ ਸ੍ਰੀ ਪਰਮਿੰਦਰ ਸਿੰਘ ਵਿੱਕੀ ਉਚੇਚੇ ਤੌਰ 'ਤੇ ਹੋਣਹਾਰ ਖਿਡਾਰੀਆਂ ਨੂੰ ਸਨਮਾਨਿਤ ਕਰਦਿਆਂ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਵਿੱਚ ਸਟੇਟ ਤੇ ਨੈਸ਼ਨਲ ਪੱਧਰ 'ਤੇ ਹੋਰ ਵੱਡੀਆਂ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

ਫੋਟੋ ਕੈਪਸ਼ਨ: ਖਿਡਾਰੀਆ ਨੂੰ ਸਨਮਾਨਿਤ ਕਰਦੇ ਹੋਏ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ (ਪੀ.ਸੀ.ਐੱਸ.) ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਡਾ. ਅਨਵਰ ਭਸੌੜ।



# ਹਰਿਆਣਾ ਖ਼ਬਰਨਾਮਾ



# ਹਰਿਆਣਾ ਵਿੱਚ ਲਾਗੂ ਕਰਾਂਗੇ ਵਾਟਰ ਸਕਿਓਰ ਹਰਿਆਣਾ ਪ੍ਰੋਗਰਾਮ: ਸ਼੍ਰੀ ਸ਼ਿਆਮ ਸਿੰਘ ਰਾਣਾ

## ਇਸ ਵਿੱਚ ਜਲ ਸੁਰੱਖਿਆ ਨੂੰ ਮਜ਼ਬੂਤ ਅਤੇ ਟਿਕਾਊ ਖੇਤੀ ਤਰੀਕਿਆਂ ਨੂੰ ਦਿੱਤਾ ਜਾਵੇਗਾ ਉਤਸ਼ਾਹ

**ਚੰਡੀਗੜ੍ਹ 22 ਅਗਸਤ**
**-ਛਤਰਪਾਲ ਸਿੰਘ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਕਲਿਆਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਸੂਬੇ ਵਿੱਚ ਵਾਟਰ ਸਕਿਓਰ ਹਰਿਆਣਾ ਪ੍ਰੋਗਰਾਮ ਲਾਗੂ ਕੀਤਾ ਜਾਵੇਗਾ ਤਾਂ ਜੋ ਜਲ ਸੁਰੱਖਿਆ ਨੂੰ ਮਜ਼ਬੂਤ ਅਤੇ ਟਿਕਾਊ ਖੇਤੀ ਪੱਧਤੀਆਂ ਨੂੰ ਹੋਰ ਜ਼ਿਆਦਾ ਬੜ੍ਹਾਵਾ ਦਿੱਤਾ ਜਾ ਸਕੇ।



ਸ਼੍ਰੀ ਰਾਣਾ ਅੱਜ ਇੱਥੇ ਆਪਣੇ ਦਫ਼ਤਰ ਵਿੱਚ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਸ਼੍ਰੀ ਰਾਜਨਾਰਾਇਣ ਕੌਸ਼ਿਕ, ਵਧੀਕ ਡਾਇਰੈਕਟਰ ਸ਼੍ਰੀ ਰਾਮਪ੍ਰਤਾਪ ਸਿਹਾਗ ਅਤੇ ਡਾ. ਦੇਵੇਂਦਰ ਸਿਹਾਗ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ। ਖੇਤੀਬਾੜੀ ਅਤੇ ਕਿਸਾਨ ਕਲਿਆਣ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਜਾਂ ਯੋਜਨਾ ਦਾ ਮੁੱਖ ਉਦੇਸ਼ ਸਬ-ਸਰਫੇਸ ਅਤੇ ਵਰਟੀਕਲ ਡ੍ਰੇਨੇਜ ਤਕਨੀਕਾਂ ਰਾਹੀਂ ਸੇਮ ਪ੍ਰਭਾਵਿਤ ਜ਼ਮੀਨ ਨੂੰ ਉਪਜਾਊ ਬਣਾਉਣਾ, ਪਾਣੀ ਦੀ ਬਚਤ ਕਰਨ ਵਾਲੀਆਂ ਫਸਲਾਂ ਅਤੇ ਆਧੁਨਿਕ ਤਕਨੀਕਾਂ ਨੂੰ ਉਤਸ਼ਾਹਿਤ ਕਰਨਾ, ਜਲਵਾਯੂ-ਸਮਾਰਟ ਖੇਤੀ ਪੱਧਤੀਆਂ ਨੂੰ ਅਪਣਾਉਣਾ ਅਤੇ ਜ਼ਿਆਦਾ ਪਾਣੀ ਦੀ ਖਪਤ ਵਾਲੀਆਂ ਫਸਲਾਂ ਦਾ ਰਕਬਾ ਘਟਾ ਕੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਨੂੰ ਕਲੱਸਟਰ-ਆਧਾਰਿਤ ਰਣਨੀਤੀ ਤਹਿਤ ਲਾਗੂ ਕੀਤਾ ਜਾਵੇਗਾ। ਪਾਣੀ ਭਰਨ ਅਤੇ ਖਾਰਾਪਣ ਸੁਧਾਰ ਲਈ ਝੱਜਰ ਅਤੇ ਰੋਹਤਕ ਸਮੇਤ ਹੋਰ ਪ੍ਰਭਾਵਿਤ ਜ਼ਿਲ੍ਹਿਆਂ ਦੇ ਕਲੱਸਟਰ-13 ਵਿੱਚ 2.0 ਲੱਖ ਏਕੜ ਜ਼ਮੀਨ ਨੂੰ ਟੀਚਾ ਬਣਾਇਆ ਗਿਆ ਹੈ, ਜਿਸ ਵਿੱਚ ਪੜਾਅਵਾਰ ਤਰੀਕੇ ਨਾਲ ਡ੍ਰੇਨੇਜ ਸਿਸਟਮ ਸਥਾਪਿਤ ਕੀਤੇ ਜਾਣਗੇ। ਫਸਲ ਵਿਭਿੰਨਤਾ ਅਤੇ ਪਾਣੀ ਦੀ ਬਚਤ ਦੇ ਉਦੇਸ਼ ਨਾਲ ਕੁਰੂਕੇਤਰਾ, ਕੈਥਲ, ਜੀਂਦ ਅਤੇ ਕਰਨਾਲ ਦੇ ਕਲੱਸਟਰ-5 ਵਿੱਚ 5.0 ਲੱਖ ਏਕੜ ਖੇਤਰ ਵਿੱਚ ਝੋਨੇ ਦੀ ਸਿੱਧੀ ਬਿਜਾਈ ਦਾ ਟੀਚਾ ਤੈਅ ਕੀਤਾ ਗਿਆ ਹੈ, ਉੱਥੇ ਹੀ ਕਲੱਸਟਰ-13 ਵਿੱਚ 1.12 ਲੱਖ ਏਕੜ ਖੇਤਰ ਵਿੱਚ 'ਮੇਰਾ ਪਾਣੀ ਮੇਰੀ ਵਿਰਾਸਤ' ਤਹਿਤ ਬਦਲਵੀਆਂ ਫਸਲਾਂ ਨੂੰ ਬੜ੍ਹਾਵਾ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਦੋਵਾਂ ਕਲੱਸਟਰਾਂ ਵਿੱਚ ਮਿੱਟੀ ਦੀ ਜਾਂਚ ਦੇ ਆਧਾਰ 'ਤੇ ਜਿਪਸਮ ਅਤੇ ਹਰੀ ਖਾਦ ਦੀ ਵਰਤੋਂ ਨੂੰ ਲਾਜ਼ਮੀ ਤੌਰ 'ਤੇ ਲਾਗੂ ਕੀਤਾ ਜਾਵੇਗਾ।

ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਨੂੰ ਸਾਲ 2026 ਤੋਂ 2032 ਤੱਕ ਕੁੱਲ ਛੇ ਸਾਲਾਂ ਦੀ ਮਿਆਦ ਵਿੱਚ ਲਾਗੂ ਕਰਨ ਦਾ ਪ੍ਰਸਤਾਵ ਹੈ, ਜਿਸ ਦੀ ਕੁੱਲ ਅਨੁਮਾਨਿਤ ਲਾਗਤ 5,714.80 ਕਰੋੜ ਰੁਪਏ ਤੈਅ ਕੀਤੀ ਗਈ ਹੈ। ਇਸ ਪਰਿਯੋਜਨਾ ਲਈ 70 ਪ੍ਰਤੀਸ਼ਤ ਰਕਮ ਯਾਨੀ 4,000.36 ਕਰੋੜ ਰੁਪਏ ਵਿਸ਼ਵ ਬੈਂਕ ਵੱਲੋਂ ਵਿੱਤੀ ਸਹਾਇਤਾ ਵਜੋਂ ਪ੍ਰਦਾਨ ਕੀਤੀ ਜਾਵੇਗੀ, ਜਦੋਂ ਕਿ ਬਾਕੀ 30 ਪ੍ਰਤੀਸ਼ਤ ਰਕਮ ਯਾਨੀ 1,714.44 ਕਰੋੜ ਰੁਪਏ ਹਰਿਆਣਾ ਸਰਕਾਰ ਆਪਣੇ ਹਿੱਸੇ ਵਜੋਂ ਚੁੱਕੇਗੀ। ਇਹ ਵਿੱਤਪੋਸ਼ਣ ਵਿਸ਼ਵ ਬੈਂਕ ਦੀ 'ਪ੍ਰੋਗਰਾਮ-ਫਾਰ-ਰਿਜ਼ਲਟਸ' ਪ੍ਰਣਾਲੀ ਦੇ ਤਹਿਤ ਕੀਤਾ ਜਾਵੇਗਾ, ਜਿਸ ਵਿੱਚ ਧਨਰਾਸ਼ੀ ਦੀ ਵੰਡ ਪਹਿਲਾਂ ਤੋਂ ਨਿਰਧਾਰਤ ਸੂਚਕਾਂ ਦੀ ਪ੍ਰਾਪਤੀ 'ਤੇ ਨਿਰਭਰ ਕਰੇਗੀ। ਨੀਤੀ ਆਯੋਗ, ਕੇਂਦਰੀ ਜਲ ਆਯੋਗ ਅਤੇ ਜਲ ਸ਼ਕਤੀ ਮੰਤਰਾਲੇ ਸਮੇਤ ਵੱਖ-ਵੱਖ ਕੇਂਦਰੀ ਵਿਭਾਗਾਂ ਅਤੇ ਰਾਜ ਮੰਤਰੀ ਮੰਡਲ ਤੋਂ ਜ਼ਰੂਰੀ ਪ੍ਰਵਾਨਗੀਆਂ ਪ੍ਰਾਪਤ ਕਰਨ ਤੋਂ ਬਾਅਦ ਇਸ ਪ੍ਰਸਤਾਵ ਨੂੰ ਰਸਮੀ ਤੌਰ 'ਤੇ ਵਿਸ਼ਵ ਬੈਂਕ ਦੇ ਸਾਹਮਣੇ ਪੇਸ਼ ਕਰ ਦਿੱਤਾ ਗਿਆ ਹੈ, ਜਿਸ ਦੀ ਆਖਰੀ ਕਰਜ਼ਾ ਪ੍ਰਵਾਨਗੀ ਅਕਤੂਬਰ 2026 ਤੱਕ ਪੂਰੀ ਕਰਨ ਦਾ ਟੀਚਾ ਰੱਖਿਆ ਗਿਆ ਹੈ। ਖੇਤੀਬਾੜੀ ਅਤੇ ਕਿਸਾਨ ਕਲਿਆਣ ਵਿਭਾਗ ਵੱਲੋਂ ਇਸ ਪਰਿਯੋਜਨਾ ਦੇ ਖੇਤੀਬਾੜੀ ਹਿੱਸੇ ਲਈ 886.00 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਹੈ, ਜੋ ਕੁੱਲ ਪ੍ਰੋਜੈਕਟ ਲਾਗਤ ਦਾ ਲਗਭਗ 16 ਪ੍ਰਤੀਸ਼ਤ ਹੈ। ਇਸ ਵਿੱਚੋਂ 436.00 ਕਰੋੜ ਰੁਪਏ ਦੀ ਵਰਤੋਂ ਪਾਣੀ ਭਰਨ ਅਤੇ ਸੇਮ ਵਾਲੀ ਜ਼ਮੀਨ ਦੇ ਸੁਧਾਰ ਲਈ ਕੀਤੀ ਜਾਵੇਗੀ, ਜਦੋਂ ਕਿ 450.00 ਕਰੋੜ ਰੁਪਏ ਦੀ ਰਾਸ਼ੀ ਝੋਨੇ ਦੀ ਸਿੱਧੀ ਬਿਜਾਈ , 'ਮੇਰਾ ਪਾਣੀ ਮੇਰੀ ਵਿਰਾਸਤ' ਯੋਜਨਾ ਤਹਿਤ ਫਸਲ ਵਿਭਿੰਨਤਾ, ਢੈਂਚਾ ਆਧਾਰਿਤ ਹਰੀ ਖਾਦ ਅਤੇ ਜਿਪਸਮ ਦੀ ਵਰਤੋਂ ਨੂੰ ਬੜ੍ਹਾਵਾ ਦੇਣ 'ਤੇ ਖਰਚ ਕੀਤੀ ਜਾਵੇਗੀ।

ਮੀਟਿੰਗ ਦੇ ਅੰਤ ਵਿੱਚ ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਉਹ ਸਾਰੇ ਕਲੱਸਟਰਾਂ ਵਿੱਚ ਸਾਲਵਾਰ ਨਿਰਧਾਰਤ ਟੀਚਿਆਂ ਨੂੰ ਪੂਰੀ ਪਾਰਦਰਸ਼ਤਾ ਅਤੇ ਗੁਣਵੱਤਾ ਦੇ ਨਾਲ ਸਮਾਂਬੱਧ ਤਰੀਕੇ ਨਾਲ ਪੂਰਾ ਕਰਨ ਤਾਂ ਜੋ ਕਿਸਾਨਾਂ ਨੂੰ ਇਸ ਯੋਜਨਾ ਦਾ ਸਿੱਧਾ ਅਤੇ ਤੇਜ਼ ਲਾਭ ਮਿਲ ਸਕੇ।

## ਹਰਿਆਣਾ ਵਿੱਚ 8 ਐੱਮ.ਸੀ.ਐੱਚ. ਵਿੰਗਾਂ ਦੇ ਨਿਰਮਾਣ ਵਿੱਚ ਤੇਜ਼ੀ

**ਚੰਡੀਗੜ੍ਹ, 22 ਅਗਸਤ**
**-ਸੰਜੀਵ ਸ਼ਰਮਾ-**

ਹਰਿਆਣਾ ਰਾਜ ਮਾਂ, ਨਵਜੰਮੇ ਅਤੇ ਬਾਲ ਸਿਹਤ ਸੰਭਾਲ ਨੂੰ ਵੱਡਾ ਹੁੰਗਾਰਾ ਦੇਣ ਜਾ ਰਿਹਾ ਹੈ। ਸਿਹਤ ਅਤੇ ਪਰਿਵਾਰ ਕਲਿਆਣ ਵਿਭਾਗ ਦੀ ਵਧੀਕ ਮੁੱਖ ਸਕੱਤਰ, ਡਾ. ਸੁਮਿਤਾ ਮਿਸ਼ਰਾ ਨੇ ਅਧਿਕਾਰੀਆਂ ਨੂੰ 8 ਮਾਤਾ ਅਤੇ ਬਾਲ ਸਿਹਤ (ਐੱਮ.ਸੀ.ਐੱਚ.) ਵਿੰਗਾਂ ਦੇ ਨਿਰਮਾਣ ਵਿੱਚ ਤੇਜ਼ੀ ਲਿਆਉਣ ਅਤੇ 1 ਨਵੰਬਰ ਤੱਕ ਸਾਰੇ ਵਿਸ਼ੇਸ਼ ਨਵਜੰਮੇ ਦੇਖਭਾਲ ਯੂਨਿਟਾਂ (ਐੱਸ.ਐੱਨ.ਸੀ.ਯੂ.) ਨੂੰ ਮਦਰ-ਨਿਊਬੋਰਨ ਕੇਅਰ ਯੂਨਿਟਾਂ (ਐੱਮ.ਐੱਨ.ਸੀ.ਯੂ.) ਵਿੱਚ ਬਦਲਣ ਦੇ ਨਿਰਦੇਸ਼ ਦਿੱਤੇ ਹਨ।

ਡਾ. ਮਿਸ਼ਰਾ ਨੇ ਅੱਜ ਇੱਥੇ ਰਾਸ਼ਟਰੀ ਸਿਹਤ ਮਿਸ਼ਨ (ਐੱਨ.ਐੱਚ.ਐੱਮ.) ਦੀ ਰਾਜ ਸਿਹਤ ਕਮੇਟੀ ਦੀ ਕਾਰਜਕਾਰੀ ਕਮੇਟੀ ਦੀ 12ਵੀਂ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਹ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮਾਵਾਂ ਅਤੇ ਨਵਜੰਮੇ ਬੱਚਿਆਂ ਨੂੰ ਇਲਾਜ ਦੌਰਾਨ ਇੱਕਠੇ ਰੱਖਣ, ਮਹਿਲਾ-ਕੇਂਦਰਿਤ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ, ਅਗਲੀ ਲਾਈਨ ਦੇ ਸਿਹਤ ਕਰਮਚਾਰੀਆਂ ਨੂੰ ਸ਼ਕਤੀਸ਼ਾਲੀ ਬਣਾਉਣ, ਰੈਫਰਲ ਸਹੂਲਤਾਂ ਦਾ ਵਿਸਥਾਰ ਕਰਨ ਅਤੇ ਗਰਭ ਅਵਸਥਾ ਦੀ ਨਿਗਰਾਨੀ ਤੇ ਟਰੈਕਿੰਗ ਨੂੰ ਹੋਰ ਤੇਜ਼ ਕੀਤਾ ਜਾਵੇ।

ਮੀਟਿੰਗ ਦਾ ਮੁੱਖ ਬਿੰਦੂ ਐੱਸ.ਐੱਨ.ਸੀ.ਯੂ. ਨੂੰ ਐੱਮ.ਐੱਨ.ਸੀ.ਯੂ. ਵਿੱਚ ਤਬਦੀਲ ਕਰਨ ਦਾ ਪ੍ਰਸਤਾਵ ਸੀ। ਇਹ ਨਵਾਂ ਮਾਡਲ ਮਾਤਾ ਅਤੇ ਨਵਜੰਮੇ ਬੱਚੇ ਦੀ ਦੇਖਭਾਲ ਨੂੰ ਇੱਕ ਏਕੀਕ੍ਰਿਤ ਪ੍ਰਣਾਲੀ ਦੇ ਤਹਿਤ ਲਿਆਵੇਗਾ, ਜਿਸ ਨਾਲ ਮਾਵਾਂ ਨੂੰ ਆਪਣੇ ਨਵਜੰਮੇ ਬੱਚਿਆਂ ਦੇ ਵਿਸ਼ੇਸ਼ ਇਲਾਜ ਦੌਰਾਨ ਉਨ੍ਹਾਂ ਦੇ ਨੇੜੇ ਰਹਿਣ ਦਾ ਮੌਕਾ ਮਿਲੇਗਾ। ਹਰਿਆਣਾ ਵਿੱਚ ਇਸ ਵੇਲੇ 29 ਐੱਸ.ਐੱਨ.ਸੀ.ਯੂ., 62 ਨਵਜੰਮੇ ਸਥਿਰਤਾ ਯੂਨਿਟਾਂ (ਐੱਨ.ਬੀ.ਐੱਸ.ਯੂ.) ਅਤੇ 527 ਨਵਜੰਮੇ ਦੇਖਭਾਲ ਕੋਨੇ (ਐੱਨ.ਬੀ.ਸੀ.ਸੀ.) ਮੌਜੂਦ ਹਨ।

ਡਾ. ਮਿਸ਼ਰਾ ਨੇ ਨਿਰਦੇਸ਼ ਦਿੱਤੇ ਕਿ ਯੋਜਨਾਬੱਧ ਤਬਦੀਲੀ ਨੂੰ 1 ਨਵੰਬਰ ਤੱਕ ਪੂਰਾ ਕੀਤਾ ਜਾਵੇ, ਜਿਸ ਨਾਲ ਇੱਕ ਅਜਿਹਾ ਦੇਖਭਾਲ ਮਾਡਲ ਮਜ਼ਬੂਤ ਹੋਵੇਗਾ ਜਿਸ ਵਿੱਚ ਮਾਂ ਅਤੇ ਬੱਚੇ ਦੋਵਾਂ ਦੀ ਸਿਹਤ ਅਤੇ ਸੁਧਾਰ (ਰਿਕਵਰੀ) 'ਤੇ ਇੱਕਠੇ ਧਿਆਨ ਦਿੱਤਾ ਜਾਂਦਾ ਹੈ।

ਡਾ. ਮਿਸ਼ਰਾ ਨੇ ਅਧਿਕਾਰੀਆਂ ਨੂੰ 8 ਮਾਤਾ ਅਤੇ ਬਾਲ ਸਿਹਤ ਵਿੰਗਾਂ ਦੇ ਨਿਰਮਾਣ ਵਿੱਚ ਤੇਜ਼ੀ ਲਿਆਉਣ ਦਾ ਨਿਰਦੇਸ਼ ਦਿੱਤਾ, ਜਿਸ ਨਾਲ ਔਰਤਾਂ ਅਤੇ ਬੱਚਿਆਂ ਲਈ ਸਮਰਪਿਤ ਬੁਨਿਆਦੀ ਢਾਂਚੇ ਦਾ ਵਿਸਥਾਰ ਹੋਵੇਗਾ ਅਤੇ ਏਕੀਕ੍ਰਿਤ ਸਿਹਤ ਸੇਵਾ ਪ੍ਰਦਾਨ ਕਰਨ ਦੀ ਸਰਕਾਰੀ ਹਸਪਤਾਲਾਂ ਦੀ ਸਮਰੱਥਾ ਵਧੇਗੀ।

ਮੀਟਿੰਗ ਵਿੱਚ ਪਹਿਲੇ ਰੈਫਰਲ ਯੂਨਿਟਾਂ ਦੇ ਮਜ਼ਬੂਤੀਕਰਨ ਦੀ ਵੀ ਸਮੀਖਿਆ ਕੀਤੀ ਗਈ ਤਾਂ ਜੋ ਵਿਸ਼ੇਸ਼ ਜਾਂ ਐਮਰਜੈਂਸੀ ਦੇਖਭਾਲ ਦੀ ਲੋੜ ਵਾਲੀਆਂ ਗਰਭਵਤੀ ਔਰਤਾਂ ਨੂੰ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਰੈਫਰ ਅਤੇ ਇਲਾਜ ਪ੍ਰਦਾਨ ਕੀਤਾ ਜਾ ਸਕੇ।

ਹਰਿਆਣਾ ਨੇ ਨਾਮਜ਼ਦ ਐੱਫ.ਆਰ.ਯੂ. ਦੀ ਗਿਣਤੀ 40 ਤੋਂ ਵਧਾ ਕੇ 100 ਕਰ ਦਿੱਤੀ ਹੈ। ਰਾਜ ਨੇ ਮਾਤਾ ਅਤੇ ਬਾਲ ਸਿਹਤ ਦੇ ਮੁੱਖ ਸੰਕੇਤਕਾਂ ਵਿੱਚ ਵੀ ਸੁਧਾਰ ਦਰਜ ਕੀਤਾ ਹੈ, ਜਿਸ ਵਿੱਚ ਮਾਤਾ ਮੌਤ ਦਰ (ਐੱਮ.ਐੱਮ.ਆਰ.) 127 ਤੋਂ ਘਟ ਕੇ 94 ਅਤੇ ਨਵਜੰਮੇ ਮੌਤ ਦਰ (ਐੱਨ.ਐੱਮ.ਆਰ.) 26 ਤੋਂ ਘਟ ਕੇ 17 ਹੋ ਗਈ ਹੈ। ਡਾ. ਮਿਸ਼ਰਾ ਨੇ ਦੱਸਿਆ ਕਿ 38 ਮਾਹਰ ਡਾਕਟਰਾਂ ਦੀ ਭਰਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚ ਬਾਲ ਰੋਗ, ਇਸਤਰੀ ਰੋਗ, ਮੈਡੀਸਨ ਅਤੇ ਐਨੇਸਥੀਸੀਆ ਵਰਗੇ ਮੁੱਖ ਮਾਹਰ ਸ਼ਾਮਲ ਹਨ।

**ਮਹਿਲਾ ਕਲੀਨਿਕਾਂ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ**

ਡਾ. ਮਿਸ਼ਰਾ ਨੇ ਅਧਿਕਾਰੀਆਂ ਨੂੰ ਉਨ੍ਹਾਂ ਦੇ ਕੰਮਕਾਜ ਅਤੇ ਸੇਵਾ ਵੰਡ ਵਿੱਚ ਸੁਧਾਰ ਕਰਨ ਦੇ ਨਿਰਦੇਸ਼ ਦਿੱਤੇ। ਇਸ ਦਾ ਉਦੇਸ਼ ਇਹ ਔਰਤ-ਕੇਂਦਰਿਤ ਸਹੂਲਤਾਂ ਨੂੰ ਵਧੇਰੇ ਜਵਾਬਦੇਹ ਅਤੇ ਪਹੁੰਚਯੋਗ ਬਣਾਉਣਾ ਹੈ, ਜਿਸ ਨਾਲ ਔਰਤਾਂ ਆਪਣੇ ਘਰ ਦੇ ਨੇੜੇ ਜ਼ਰੂਰੀ ਸਿਹਤ ਸੇਵਾਵਾਂ ਪ੍ਰਾਪਤ ਕਰ ਸਕਣ।

## ਗੋਸਵਾਮੀ ਤੁਲਸੀਦਾਸ ਜੀ ਨੇ ਸਮਾਜ ਨੂੰ ਸ਼ੀਸ਼ਾ ਦਿਖਾ ਕੇ ਕੀਤਾ ਇਕਜੁੱਟ ਅਤੇ ਅਨੁਸ਼ਾਸਿਤ: ਕ੍ਰਿਸ਼ਨ ਕੁਮਾਰ ਬੇਦੀ

**ਚੰਡੀਗੜ੍ਹ, 22 ਅਗਸਤ**
**-ਮਨੋਜ ਵਰਮਾ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ਼੍ਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਗੋਸਵਾਮੀ ਤੁਲਸੀਦਾਸ ਜੀ ਨੇ ਸਮਾਜ ਨੂੰ ਆਈਨਾ ਦਿਖਾ ਕੇ ਇਕਜੁੱਟ ਅਤੇ ਅਨੁਸ਼ਾਸਿਤ ਕਰਨ ਦਾ ਕੰਮ ਕੀਤਾ ਹੈ। ਸਮਾਜ ਨੂੰ ਅੱਗੇ ਵਧਾਉਣ ਵਿੱਚ ਅਨੁਸ਼ਾਸਨ ਨੂੰ ਹੀ ਪਹਿਲਾ ਕੰਮ ਮੰਨਿਆ ਜਾਂਦਾ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਮਹਾਨ ਸੰਤਾਂ ਅਤੇ ਮਹਾਂਪੁਰਖਾਂ ਦੇ ਦਿਖਾਏ ਰਸਤੇ 'ਤੇ ਚੱਲਦਿਆਂ ਦੇਸ਼ ਅਤੇ ਸੂਬੇ ਵਿੱਚ 'ਸਬਕਾ ਸਾਥ, ਸਬਕਾ ਵਿਕਾਸ, ਸਾਬਕਾ ਵਿਸ਼ਵਾਸ ਅਤੇ ਸਾਬਕਾ ਪ੍ਰਯਾਸ' ਦੇ ਆਧਾਰ 'ਤੇ ਕੰਮ ਕਰ ਰਹੇ ਹਨ। ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਹਰਿਆਣਾ ਦਸ਼ਨਾਮ ਗੋਸਵਾਮੀ ਸਮਾਜ ਸਭਾ ਨੂੰ ਧਰਮਸ਼ਾਲਾ ਨਿਰਮਾਣ ਕਾਰਜ ਲਈ 21 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨਾਲ ਮਿਲ ਕੇ ਗੋਸਵਾਮੀ ਤੁਲਸੀਦਾਸ ਦੇ ਨਾਂ 'ਤੇ ਕੁਰੂਕਸ਼ੇਤਰ ਸ਼ਹਿਰ ਵਿੱਚ ਚੌਂਕ ਨਿਰਮਾਣ ਕਰਵਾਏ ਜਾਣ ਦਾ ਭਰੋਸਾ ਵੀ ਦਿੱਤਾ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਸ਼ਨੀਵਾਰ ਨੂੰ ਕੁਰੂਕਸ਼ੇਤਰ ਵਿੱਚ ਹਰਿਆਣਾ ਦਸ਼ਨਾਮ ਗੋਸਵਾਮੀ ਸਮਾਜ ਸਭਾ ਵੱਲੋਂ ਆਯੋਜਿਤ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਬੋਲ ਰਹੇ ਸਨ। ਇਸ ਪ੍ਰੋਗਰਾਮ ਵਿੱਚ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਗੋਸਵਾਮੀ ਤੁਲਸੀਦਾਸ ਜੀ ਦੀ ਜਯੰਤੀ ਦੇ ਉਪਲਬਧ ਵਿੱਚ ਸਮਾਜ ਦੇ ਹੋਣਹਾਰ 183 ਵਿਦਿਆਰਥੀਆਂ ਨੂੰ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ। ਇਨ੍ਹਾਂ ਵਿੱਚ 168 ਵਿਦਿਆਰਥੀ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਅਤੇ 15 ਵੱਖ-ਵੱਖ ਖੇਡਾਂ ਵਿੱਚ ਸਮਾਜ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀ ਸ਼ਾਮਲ ਸਨ।

ਮੰਤਰੀ ਕ੍ਰਿਸ਼ਨ ਬੇਦੀ ਨੇ ਕਿਹਾ ਕਿ ਸਵਾਮੀ ਤੁਲਸੀਦਾਸ ਜੀ ਨੇ ਜਿਸ ਕਾਲ ਖੰਡ ਵਿੱਚ ਮਹਾਨ ਗ੍ਰੰਥ ਦੀ ਰਚਨਾ ਕੀਤੀ ਸੀ, ਉਹ ਗ੍ਰੰਥ ਅੱਜ ਹਰ ਨਾਗਰਿਕ ਲਈ ਲਾਹੇਵੰਦ ਸਾਬਤ ਹੋ ਰਿਹਾ ਹੈ। ਸਵਾਮੀ ਤੁਲਸੀਦਾਸ ਜੀ ਸ਼੍ਰੇਸ਼ਠ ਸੰਤਾਂ ਵਿੱਚ ਸ਼ਾਮਲ ਹਨ। ਉਨ੍ਹਾਂ ਨੇ ਸਮਾਜ ਤੋਂ ਜਾਤ-ਪਾਤ ਦੀ ਪ੍ਰਥਾ ਨੂੰ ਦੂਰ ਕਰਨ, ਸਮਾਜ ਨੂੰ ਜਾਗਰੂਕ ਕਰਨ ਅਤੇ ਚੇਤਨਾ ਲਿਆਉਣ ਦਾ ਕੰਮ ਕੀਤਾ ਹੈ। ਅੱਜ ਸਮਾਜ ਦੇ ਹਰ ਨਾਗਰਿਕ ਨੂੰ ਮਹਾਨ ਸੰਤਾਂ ਅਤੇ ਮਹਾਂਪੁਰਖਾਂ ਦੇ ਦਿਖਾਏ ਮਾਰਗ 'ਤੇ ਚੱਲਣ ਦਾ ਸੰਕਲਪ ਲੈਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੇ 12 ਸਾਲਾਂ ਵਿੱਚ ਗਰੀਬ, ਲੋੜਵੰਦ ਅਤੇ ਪੱਛੜੇ ਵਰਗ ਲਈ ਅਨੇਕਾਂ ਨੀਤੀਆਂ ਅਤੇ ਨਿਯਮਾਂ ਨੂੰ ਤਿਆਰ ਕੀਤਾ ਅਤੇ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ। ਪੰਚਾਇਤੀ ਚੋਣਾਂ ਵਿੱਚ ਬੀ.ਸੀ. ਵਰਗ ਲਈ ਵੱਖਰੇ ਤੌਰ 'ਤੇ 8 ਪ੍ਰਤੀਸ਼ਤ ਰਾਖਵਾਂਕਰਨ ਤੈਅ ਕੀਤਾ, ਜਿਸ ਦੇ ਨਤੀਜੇ ਵਜੋਂ ਗੋਸਵਾਮੀ ਸਮਾਜ ਨੂੰ ਸੱਤਾ ਵਿੱਚ ਭਾਗੀਦਾਰੀ ਮਿਲੀ, ਜਿਸ ਨਾਲ ਪੰਚ, ਸਰਪੰਚ, ਬਲਾਕ ਸੰਮਤੀ ਪ੍ਰਧਾਨ, ਮੈਂਬਰ ਅਤੇ ਨਗਰ ਪਾਲਿਕਾਵਾਂ ਵਿੱਚ ਅਹੁਦੇ ਮਿਲਣਾ ਆਸਾਨ ਹੋਇਆ। ਮੰਤਰੀ ਬੇਦੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵਿੱਚ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਪ੍ਰਾਪਤ ਕਰਨ ਲਈ ਯੋਗਤਾ ਦੀ ਲੋੜ ਹੈ। ਹੁਣ ਸਰਕਾਰੀ ਨੌਕਰੀ ਪ੍ਰਾਪਤ ਕਰਨ ਲਈ 'ਖਰਚੀ-ਪਰਚੀ' ਦੀ ਲੋੜ ਨਹੀਂ ਹੈ, ਕਿਉਂਕਿ ਹੁਣ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀ ਮਿਲ ਰਹੀ ਹੈ।

## ਸੂਬੇ ਵਿੱਚ ਗੁਣਵੱਤਾਪੂਰਨ ਦਵਾਈਆਂ ਅਤੇ ਆਧੁਨਿਕ ਨਿਦਾਨ ਸਹੂਲਤਾਂ ਦੀ ਉਪਲਬਧਤਾ ਯਕੀਨੀ ਕਰਾਂਗੇ : ਆਰਤੀ ਸਿੰਘ ਰਾਓ

**ਚੰਡੀਗੜ੍ਹ, 22 ਅਗਸਤ**
**-ਸੰਜੀਵ ਸਿੰਗਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਸੂਬੇ ਦੇ ਸਿਹਤ ਸੰਸਥਾਨਾਂ ਵਿੱਚ ਗੁਣਵੱਤਾਪੂਰਣ ਦਵਾਈਆਂ ਅਤੇ ਆਧੁਨਿਕ ਨਿਦਾਨ ਸਹੂਲਤਾਂ (ਡਾਇਗਨੋਸਟਿਕ ਫੈਸਿਲਿਟੀਜ਼) ਦੀ ਉਪਲਬਧਤਾ ਯਕੀਨੀ ਕੀਤੀ ਜਾਵੇਗੀ, ਜਿਸ ਲਈ ਜ਼ਰੂਰਤ ਅਨੁਸਾਰ ਦਵਾਈਆਂ ਅਤੇ ਮਸ਼ੀਨਾਂ ਦੀ ਖਰੀਦ ਕੀਤੀ ਜਾ ਰਹੀ ਹੈ।



ਸਿਹਤ ਮੰਤਰੀ ਨੇ ਇਹ ਜਾਣਕਾਰੀ ਸਪੈਸ਼ਲ ਹਾਈ ਪਾਵਰਡ ਪਰਚੇਜ਼ ਕਮੇਟੀ ਦੀ ਪ੍ਰਧਾਨਗੀ ਕਰਨ ਤੋਂ ਬਾਅਦ ਅੱਜ ਇੱਥੇ ਦਿੱਤੀ। ਇਸ ਕਮੇਟੀ ਦੀ ਮੀਟਿੰਗ ਵਿੱਚ ਹਰਿਆਣਾ ਮੈਡੀਕਲ ਸਰਵਿਸਿਜ਼ ਕਾਰਪੋਰੇਸ਼ਨ ਲਿਮਟਿਡ ਰਾਹੀਂ ਰਾਜ ਭਰ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਕਈ ਪ੍ਰਮੁੱਖ ਖਰੀਦ ਪ੍ਰਸਤਾਵਾਂ ਨੂੰ ਮਨਜ਼ੂਰੀ ਦਿੱਤੀ ਗਈ।

ਆਰਤੀ ਸਿੰਘ ਰਾਓ ਨੇ ਦੱਸਿਆ ਕਿ ਕਮੇਟੀ ਨੇ ਰਾਜ ਭਰ ਦੇ ਸਰਕਾਰੀ ਸਿਹਤ ਸੰਸਥਾਨਾਂ ਵਿੱਚ ਜ਼ਰੂਰੀ ਦਵਾਈਆਂ ਦੀ ਬਿਨ੍ਹਾਂ ਰੁਕਾਵਟ ਉਪਲਬਧਤਾ ਯਕੀਨੀ ਕਰਨ ਲਈ ਹਰਿਆਣਾ ਮੈਡੀਕਲ ਸਰਵਿਸਿਜ਼ ਕਾਰਪੋਰੇਸ਼ਨ ਲਿਮਟਿਡ ਦੇ ਜ਼ਰੀਏ ਲਗਭਗ 97 ਕਰੋੜ ਰੁਪਏ ਮੁੱਲ ਦੀਆਂ 117 ਮਹੱਤਵਪੂਰਨ ਅਤੇ ਜ਼ਰੂਰੀ ਦਵਾਈਆਂ ਦੀ ਖਰੀਦ ਨੂੰ ਮੰਜ਼ੂਰੀ ਦਿੱਤੀ ਹੈ। ਮੰਜ਼ੂਰ ਦਵਾਈਆਂ ਵਿੱਚ ਇੰਜੈਕਟੇਬਲ ਦਵਾਈਆਂ, ਐਂਟੀਬਾਇਓਟਿਕਸ, ਐਂਟੀਸਾਈਕੋਟਿਕ ਦਵਾਈਆਂ, ਐਂਟੀਡਾਇਬੀਟਿਕ ਦਵਾਈਆਂ, ਕਾਰਡੀਓਵੈਸਕੁਲਰ ਦਵਾਈਆਂ ਅਤੇ ਵੱਖ-ਵੱਖ ਬਿਮਾਰੀਆਂ ਦੇ ਇਲਾਜ ਤੇ ਪ੍ਰਬੰਧਨ ਲਈ ਜ਼ਰੂਰੀ ਹੋਰ ਦਵਾਈਆਂ ਸ਼ਾਮਲ ਹਨ। ਇਸ ਖਰੀਦ ਦੌਰਾਨ ਗੁਣਵੱਤਾ, ਲਾਗਤ-ਪ੍ਰਭਾਵੀ ਸਮਰੱਥਾ ਅਤੇ ਸਮਾਂਬੱਧ ਸਪਲਾਈ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ, ਜਿਸ ਨਾਲ ਸਰਕਾਰੀ ਸਿਹਤ ਸਹੂਲਤਾਂ ਵਿੱਚ ਮਰੀਜ਼ਾਂ ਨੂੰ ਜ਼ਰੂਰੀ ਦਵਾਈਆਂ ਆਸਾਨੀ ਨਾਲ ਉਪਲਬਧ ਹੋ ਸਕਣ।

ਇਸ ਤੋਂ ਇਲਾਵਾ, ਉੱਨਤ ਖ਼ੂਨ ਜਾਂਚ ਅਤੇ ਨਿਦਾਨ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਅਤੇ ਮਰੀਜ਼ਾਂ ਦੀ ਸੁਰੱਖਿਆ ਤੇ ਦੇਖਭਾਲ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਕਮੇਟੀ ਨੇ ਪੀ.ਜੀ.ਆਈ.ਐਮ.ਐਸ., ਰੋਹਤਕ ਦੇ ਬਲੱਡ ਬੈਂਕ ਸੈਂਟਰ ਲਈ ਲਗਭਗ 2.40 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਆਈ.ਡੀ.-ਐਨ.ਏ.ਟੀ. (94-©1") ਪੂਰੀ ਤਰ੍ਹਾਂ ਸਵੈਚਾਲਿਤ ਪ੍ਰਣਾਲੀ ਦੀ ਇੱਕਮੁਸ਼ਤ ਖਰੀਦ ਨੂੰ ਮਨਜ਼ੂਰੀ ਦਿੱਤੀ ਹੈ। ਨਾਲ ਹੀ, ਇਮੇਜਿੰਗ ਸੇਵਾਵਾਂ ਦੇ ਆਧੁਨਿਕੀਕਰਨ ਅਤੇ ਸਹੀ ਤੇ ਸਮੇਂ ਸਿਰ ਨਿਦਾਨ ਦੀ ਸਹੂਲਤ ਲਈ ਪੀ.ਜੀ.ਆਈ.ਐਮ.ਐਸ., ਰੋਹਤਕ ਲਈ ਦੋ ਸਾਲ ਦੇ ਰੇਟ ਕਾਂਟਰੈਕਟ ਤਹਿਤ ਲਗਭਗ 2.20 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਡਿਜੀਟਲ ਰੇਡੀਓਗ੍ਰਾਫੀ ਸਿਸਟਮ ਵਿਦ ਫਲੋਰੋਸਕੋਪੀ ਦੀ ਮਨਜ਼ੂਰੀ ਵੀ ਦਿੱਤੀ ਗਈ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਅੱਖਾਂ ਦੀ ਦੇਖਭਾਲ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਖਾਸ ਅੱਖਾਂ ਦੀ ਦੇਖਭਾਲ ਜਾਂਚ ਤੱਕ ਪਹੁੰਚ ਵਿੱਚ ਸੁਧਾਰ ਕਰਨ ਲਈ ਕਮੇਟੀ ਨੇ ਹਰਿਆਣਾ ਦੇ 22 ਜ਼ਿਲ੍ਹਾ ਸਿਵਲ ਹਸਪਤਾਲਾਂ ਲਈ ਦੋ ਸਾਲ ਦੇ ਰੇਟ ਕਾਂਟਰੈਕਟ ਤਹਿਤ 6.62 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ 22 ਆਪਟੀਕਲ ਕੋਹਰੈਂਸ ਟੋਨੋਮੀਟਰਾਂ ਦੀ ਖਰੀਦ ਨੂੰ ਹਰੀ ਝੰਡੀ ਦਿੱਤੀ। ਇਸ ਤੋਂ ਇਲਾਵਾ, ਖ਼ੂਨ ਦੇ ਪ੍ਰਵਾਹ ਵਿੱਚ ਹੋਣ ਵਾਲੀ ਲਾਗ ਦਾ ਤੁਰੰਤ ਅਤੇ ਭਰੋਸੇਯੋਗ ਪਤਾ ਲਗਾਉਣ ਅਤੇ ਸਮੇਂ ਸਿਰ ਉਚਿਤ ਇਲਾਜ ਵਿੱਚ ਸਹਾਇਤਾ ਲਈ ਹਰਿਆਣਾ ਦੇ ਜ਼ਿਲ੍ਹਾ ਸਿਵਲ ਹਸਪਤਾਲਾਂ ਅਤੇ ਸਰਕਾਰੀ ਮੈਡੀਕਲ ਕਾਲਜਾਂ ਲਈ ਦੋ ਸਾਲ ਦੇ ਰੇਟ ਕਾਂਟਰੈਕਟ ਤਹਿਤ 2.06 ਕਰੋੜ ਰੁਪਏ ਦੀ ਲਾਗਤ ਨਾਲ 19 ਫੁੱਲੀ-ਆਟੋਮੇਟਿਡ ਬਲੱਡ ਕਲਚਰ ਸਿਸਟਮ ਦੀ ਖਰੀਦ ਨੂੰ ਵੀ ਮਨਜ਼ੂਰੀ ਦਿੱਤੀ ਗਈ।

ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਸਪੈਸ਼ਲ ਹਾਈ ਪਾਵਰਡ ਪਰਚੇਜ਼ ਕਮੇਟੀ ਨੇ ਜੋ ਉਪਰੋਕਤ ਦਵਾਈਆਂ, ਮਸ਼ੀਨਾਂ ਅਤੇ ਹੋਰ ਸਹੂਲਤਾਂ ਨੂੰ ਰਾਜ ਦੇ ਸਰਕਾਰੀ ਸਿਹਤ ਸੰਸਥਾਨਾਂ ਲਈ ਖਰੀਦ ਕਰਨ ਦੀ ਮਨਜ਼ੂਰੀ ਦਿੱਤੀ ਹੈ, ਇਹ ਜਨਤਕ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਮਿਆਰੀ ਦਵਾਈਆਂ ਅਤੇ ਆਧੁਨਿਕ ਨਿਦਾਨ ਸਹੂਲਤ ਦੀ ਉਪਲਬਧਤਾ ਯਕੀਨੀ ਕਰਨ ਅਤੇ ਹਰਿਆਣਾ ਦੇ ਲੋਕਾਂ ਨੂੰ ਸੁਲਭ, ਸਮਾਂਬੱਧ ਅਤੇ ਮਰੀਜ਼-ਕੇਂਦ੍ਰਿਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਰਾਜ ਸਰਕਾਰ ਦੀ ਪ੍ਰਤੀਬੱਧਤਾ ਨੂੰ ਦਰਸਾਉਂਦੀਆਂ ਹਨ।

## ਸੂਬੇ ਵਿੱਚ 9 ਨਵੇਂ ਉਪ-ਸਿਹਤ ਕੇਂਦਰਾਂ ਅਤੇ ਇੱਕ ਕੇਂਦਰ ਨੂੰ ਪੀ.ਐੱਚ.ਸੀ. ਵਿੱਚ ਅੱਪਗ੍ਰੇਡ ਕਰਨ ਦੀ ਮਨਜ਼ੂਰੀ

**ਚੰਡੀਗੜ੍ਹ, 22 ਅਗਸਤ**
**-ਹਰਮਨਪ੍ਰੀਤ ਕੌਰ-**

ਹਰਿਆਣਾ ਸਰਕਾਰ ਨੇ ਪ੍ਰਦੇਸ਼ ਦੇ ਪੇਂਡੂ ਖੇਤਰਾਂ ਵਿੱਚ ਮੈਡੀਕਲ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਦੂਰ-ਦੁਰਾਡੇ ਦੇ ਇਲਾਕਿਆਂ ਤੱਕ ਸਿਹਤ ਸੁਵਿਧਾਵਾਂ ਪਹੁੰਚਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਿਆ ਹੈ। ਰਾਜ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਜਾਣਕਾਰੀ ਦਿੱਤੀ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੂਬੇ ਵਿੱਚ 9 ਨਵੇਂ ਉਪ-ਸਿਹਤ ਕੇਂਦਰ ਖੋਲ੍ਹਣ ਅਤੇ 1 ਉਪ-ਸਿਹਤ ਕੇਂਦਰ ਨੂੰ ਪ੍ਰਾਇਮਰੀ ਸਿਹਤ ਕੇਂਦਰ (ਪੀ.ਐੱਚ.ਸੀ.) ਵਿੱਚ ਅੱਪਗ੍ਰੇਡ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ।

ਇਸ ਫ਼ੈਸਲੇ ਦਾ ਸਭ ਤੋਂ ਵੱਡਾ ਲਾਭ ਨੂੰਹ (ਮੇਵਾਤ) ਜ਼ਿਲ੍ਹੇ ਨੂੰ ਮਿਲਿਆ ਹੈ, ਜਿੱਥੇ 7 ਨਵੇਂ ਉਪ-ਸਿਹਤ ਕੇਂਦਰ ਖੋਲ੍ਹੇ ਜਾਣਗੇ।

ਇਨ੍ਹਾਂ ਵਿੱਚ ਪਿੰਡ ਰਾਨਿਕਾ, ਦੇਵਲਾ ਨੰਗਲੀ, ਮਹੁੰ, ਗੋਂਧੋਲਾ, ਲਫੂਰੀ, ਬੜੇਡ ਅਤੇ ਚੀਲਾ ਸ਼ਾਮਲ ਹਨ। ਇਸ ਤੋਂ ਇਲਾਵਾ ਰੇਵਾੜੀ ਜ਼ਿਲ੍ਹੇ ਦੇ ਪਿੰਡ ਭਾਂਡੋਰ ਅਤੇ ਸਿਰਸਾ ਜ਼ਿਲ੍ਹੇ ਦੇ ਪਿੰਡ ਮੋਚੀਵਾਲੀ ਵਿੱਚ ਵੀ ਇੱਕ-ਇੱਕ ਨਵਾਂ ਉਪ-ਸਿਹਤ ਕੇਂਦਰ ਖੋਲ੍ਹਿਆ ਜਾਵੇਗਾ। ਉੱਥੇ ਹੀ, ਗੁਰੂਗ੍ਰਾਮ ਜ਼ਿਲ੍ਹੇ ਦੇ ਪਿੰਡ ਰਣਸੀਕਾ ਸਥਿਤ ਮੌਜੂਦਾ ਉਪ-ਸਿਹਤ ਕੇਂਦਰ ਦਾ ਦਰਜਾ ਵਧਾ ਕੇ ਉਸਨੂੰ ਪ੍ਰਾਇਮਰੀ ਸਿਹਤ ਕੇਂਦਰ ਵਿੱਚ ਤਬਦੀਲ ਕੀਤਾ ਜਾਵੇਗਾ।

ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਸਰਕਾਰ ਦਾ ਮੁੱਖ ਉਦੇਸ਼ ਆਖਰੀ ਕਤਾਰ ਵਿੱਚ ਖੜ੍ਹੇ ਵਿਅਕਤੀ ਤੱਕ ਬਿਹਤਰ ਇਲਾਜ ਦੀ ਸਹੂਲਤ ਪਹੁੰਚਾਉਣਾ ਹੈ। ਨੂੰਹ ਵਰਗੇ ਵਿਕਾਸ ਦੇ ਲਿਹਾਜ਼ ਨਾਲ ਸੰਵੇਦਨਸ਼ੀਲ ਖੇਤਰ ਵਿੱਚ 7 ਨਵੇਂ ਕੇਂਦਰ ਬਣਨ ਨਾਲ ਉੱਥੇ ਮਾਂ-ਬੱਚਾ ਦੇਖਭਾਲ, ਨਿਯਮਤ ਟੀਕਾਕਰਨ ਅਤੇ ਮੁੱਢਲੀ ਸਹਾਇਤਾ ਦੀ ਪਹੁੰਚ ਆਸਾਨ ਹੋਵੇਗੀ। ਦੂਜੇ ਪਾਸੇ, ਰਣਸੀਕਾ ਵਿੱਚ ਪੀ.ਐੱਚ.ਸੀ. ਬਣਨ ਨਾਲ ਗੁਰੂਗ੍ਰਾਮ ਦੇ ਇਸ ਪੇਂਡੂ ਇਲਾਕੇ ਵਿੱਚ ਡਾਕਟਰਾਂ ਦੀ ਉਪਲਬਧਤਾ, ਬੁਨਿਆਦੀ ਜਾਂਚ ਅਤੇ 24 ਘੰਟੇ ਐਮਰਜੈਂਸੀ ਮੁੱਢਲੀਆਂ ਸੇਵਾਵਾਂ ਮਿਲ ਸਕਣਗੀਆਂ, ਜਿਸ ਨਾਲ ਪੇਂਡੂਆਂ ਨੂੰ ਵੱਡੇ ਸ਼ਹਿਰਾਂ ਦੇ ਚੱਕਰ ਕੱਟਣ ਤੋਂ ਛੁਟਕਾਰਾ ਮਿਲੇਗਾ। ਇਹ ਫ਼ੈਸਲਾ ਰਾਜ ਦੇ ਪੇਂਡੂ ਖੇਤਰਾਂ ਵਿੱਚ ਮੈਡੀਕਲ ਬੁਨਿਆਦੀ ਢਾਂਚੇ ਨੂੰ ਨਵੀਂ ਮਜ਼ਬੂਤੀ ਪ੍ਰਦਾਨ ਕਰੇਗਾ।





